ਮੰਗਲਵਾਰ, 20 ਫਰਵਰੀ, 2024
8 ਫੱਗਣ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 262

# ਨਵਾਂ ਜ਼ਮਾਨਾ

DAILY NAWAN ZAMANA • TUESDAY, 20 FEBRUARY, 2024 ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

# ਖਰੀਦੋ-ਫਰੋਖਤ ਹੋ ਰਹੀ : ਚੀਫ ਜਸਟਿਸ

## ਸੁਪਰੀਮ ਕੋਰਟ ਵੱਲੋਂ ਚੰਡੀਗੜ੍ਹ ਮੇਅਰ ਚੋਣਾਂ ਨਵੇਂ ਸਿਰਿਓਂ ਕਰਾਉਣ ਦਾ ਸੁਝਾਅ ਰੱਦ, ਅੱਜ ਚੋਣ ਪ੍ਰਕਿਰਿਆ ਦੀ ਰਿਕਾਰਡਿੰਗ ਦੇਖ ਕੇ ਫੈਸਲਾ ਦੇਵੇਗੀ

**ਨਵੀਂ ਦਿੱਲੀ** : ਇਹ ਟਿੱਪਣੀ ਕਰਦਿਆਂ ਕਿ ਖਰੀਦੋ-ਫਰੋਖਤ ਹੋ ਰਹੀ ਹੈ, ਸੁਪਰੀਮ ਕੋਰਟ ਨੇ ਸੋਮਵਾਰ ਕਿਹਾ ਕਿ 30 ਜਨਵਰੀ ਨੂੰ ਚੰਡੀਗੜ੍ਹ ਦੀਆਂ ਮੇਅਰ ਚੋਣਾਂ ਲਈ ਪਈਆਂ ਵੋਟਾਂ ਤੇ ਵੋਟਾਂ ਦੀ ਗਿਣਤੀ ਦੀ ਵੀਡੀਓ ਰਿਕਾਰਡਿੰਗ ਮੰਗਲਵਾਰ ਉਸ ਅੱਗੇ ਪੇਸ਼ ਕੀਤੀ ਜਾਵੇ, ਜਿਸ ਨੂੰ ਬਾਅਦ ਦੁਪਹਿਰ ਦੋ ਵਜੇ ਦੇਖ ਕੇ ਉਹ ਅੰਤਮ ਫੈਸਲਾ ਦੇਵੇਗੀ। ਨਵੇਂ ਸਿਰਿਓਂ ਚੋਣਾਂ ਨਹੀਂ ਕਰਵਾਈਆਂ ਜਾਣਗੀਆਂ। ਪਈਆਂ ਵੋਟਾਂ ਦੇ ਆਧਾਰ 'ਤੇ ਹੀ ਨਤੀਜਾ ਤੈਅ ਹੋਵੇਗਾ। ਇਸ ਦੇ ਨਾਲ ਹੀ ਉਸ ਨੇ ਵੋਟਰਾਂ ਦੀ ਖਰੀਦੋ-ਫਰੋਖਤ ਦੀਆਂ ਰਿਪੋਰਟਾਂ 'ਤੇ ਗੰਭੀਰ ਚਿੰਤਾ ਪ੍ਰਗਟਾਈ।

ਚੀਫ ਜਸਟਿਸ ਡੀ ਵਾਈ ਚੰਦਰਚੂੜ ਦੀ ਅਗਵਾਈ ਵਾਲੀ ਬੈਂਚ, ਜਿਸ ਵਿਚ ਜਸਟਿਸ ਜੇ ਬੀ ਪਰਦੀਵਾਲਾ ਤੇ ਜਸਟਿਸ ਮਨੋਜ ਮਿਸ਼ਰਾ ਵੀ ਸ਼ਾਮਲ ਸਨ, ਨੇ ਰਿਟਰਨਿੰਗ ਅਫਸਰ ਅਨਿਲ ਮਸੀਹ ਨੂੰ ਮੰਗਲਵਾਰ ਵੀ ਕੋਰਟ ਵਿਚ ਹਾਜ਼ਰ ਰਹਿਣ ਦੀ ਹਦਾਇਤ ਕੀਤੀ। ਬੈਂਚ ਨੇ ਕਿਹਾ ਕਿ ਚੰਡੀਗੜ੍ਹ ਦੇ ਡਿਪਟੀ ਕਮਿਸ਼ਨਰ ਨੂੰ ਕਿਹਾ ਜਾਵੇਗਾ ਕਿ ਉਹ ਕਿਸੇ ਨਿਰਪੱਖ ਅਫਸਰ ਨੂੰ ਰਿਟਰਨਿੰਗ ਅਫਸਰ ਨਿਯੁਕਤ ਕਰਕੇ ਵੋਟਾਂ ਗਿਣਵਾਏ। ਗਿਣਤੀ ਦੀ ਨਿਗਰਾਨੀ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਰਜਿਸਟਰਾਰ ਜਨਰਲ ਕਰਨਗੇ।

ਜਦੋਂ ਚੰਡੀਗੜ੍ਹ ਪ੍ਰਸ਼ਾਸਨ ਦੀ ਤਰਫੋਂ ਸਾਲੀਸਿਟਰ ਜਨਰਲ ਤੁਸ਼ਾਰ ਮਹਿਤਾ ਨੇ ਸੁਝਾਇਆ ਕਿ ਨਵੀਆਂ ਚੋਣਾਂ ਕਰਵਾ ਲਈਆਂ ਜਾਣ, ਚੀਫ ਜਸਟਿਸ ਨੇ ਕਿਹਾ—ਖਰੀਦੋ-ਫਰੋਖਤ ਹੋ ਰਹੀ ਹੈ, ਸੁਣਵਾਈ ਮੰਗਲਵਾਰ ਹੀ ਕਰੇਗੀ। ਚੀਫ ਜਸਟਿਸ ਨੇ ਅਨਿਲ ਮਸੀਹ ਤੋਂ ਪੁੱਛਗਿੱਛ ਸ਼ੁਰੂ ਕਰਨ ਵੇਲੇ ਕਿਹਾ ਕਿ ਜੇ ਉਸ ਨੇ ਸਹੀ ਜਵਾਬ ਨਾ ਦਿੱਤੇ ਤਾਂ ਉਸ ਖਿਲਾਫ ਮੁਕੱਦਮਾ ਚਲਾਇਆ ਜਾਵੇਗਾ। ਚੀਫ ਜਸਟਿਸ ਨੇ ਕਿਹਾ—ਇਹ ਗੰਭੀਰ ਮਾਮਲਾ ਹੈ। ਅਸੀਂ ਵੀਡੀਓ ਦੇਖੀ ਹੈ। ਤੁਸੀਂ ਬੈਲਟ ਪੇਪਰਾਂ 'ਤੇ ਕਾਟੇ ਮਾਰਨ ਵੇਲੇ ਕੈਮਰਿਆਂ ਵੱਲ ਕਿਉਂ ਦੇਖ ਰਹੇ ਸੀ? ਤੁਸੀਂ ਕਾਟੇ ਕਿਉਂ ਮਾਰ ਰਹੇ ਸੀ? ਮਸੀਹ ਨੇ ਕਿਹਾ—ਵੋਟਿੰਗ ਤੋਂ ਬਾਅਦ ਮੈਂ ਬੈਲਟ ਪੇਪਰਾਂ 'ਤੇ ਦਸਤਖਤ ਕਰਨੇ ਸਨ, ਜਿਨ੍ਹਾਂ 'ਤੇ ਨਿਸ਼ਾਨ ਸਨ, ਉਹ ਵੱਖਰੇ ਕਰਨੇ ਸਨ। ਚੀਫ ਜਸਟਿਸ ਨੇ ਕਿਹਾ ਕਿ ਵੀਡੀਓ ਤੋਂ ਸਾਫ ਪਤਾ ਲੱਗਦਾ ਹੈ ਕਿ ਤੁਸੀਂ ਨਿਸ਼ਚਿਤ ਬੈਲਟ ਪੇਪਰਾਂ 'ਤੇ ਕਾਟੇ ਮਾਰੇ। ਕੀ ਤੁਸੀਂ ਨਿਸ਼ਚਿਤ ਬੈਲਟ ਪੇਪਰਾਂ 'ਤੇ ਕਾਟੇ ਮਾਰੇ? ਜਦੋਂ ਮਸੀਹ ਨੇ ਕਿਹਾ ਕਿ ਉਸ ਨੇ 8 ਬੈਲਟ ਪੇਪਰਾਂ 'ਤੇ ਨਿਸ਼ਾਨ ਲਾਏ ਤਾਂ ਚੀਫ ਜਸਟਿਸ ਨੇ ਪੁੱਛਿਆ—ਤੁਸੀਂ ਬੈਲਟ ਪੇਪਰ ਖਰਾਬ ਕਿਉਂ ਕੀਤੇ? ਤੁਸੀਂ ਤਾਂ ਸਿਰਫ ਦਸਤਖਤ ਕਰਨੇ ਸਨ? ਨਿਯਮਾਂ ਵਿਚ ਕਿੱਥੇ ਲਿਖਿਆ ਹੈ ਕਿ ਤੁਸੀਂ ਬੈਲਟ ਪੇਪਰਾਂ 'ਤੇ ਨਿਸ਼ਾਨ ਲਾ ਸਕਦੇ ਹੋ? ਮਸੀਹ ਨੇ ਇਹ ਕਹਿੰਦਿਆਂ ਬਚਾਅ ਕਰਨ ਦੀ ਕੋਸ਼ਿਸ਼ ਕੀਤੀ ਕਿ ਬੈਲਟ ਪੇਪਰ ਉਮੀਦਵਾਰਾਂ ਨੇ ਖੋਹ ਕੇ ਖਰਾਬ ਕਰ ਦਿੱਤੇ ਸਨ ਤੇ ਉਹ ਉਨ੍ਹਾਂ ਨੂੰ ਦੂਜੇ ਬੈਲਟ ਪੇਪਰਾਂ ਨਾਲ ਰਲਣ ਤੋਂ ਰੋਕਣ ਲਈ ਵੱਖਰੇ ਕਰ ਰਿਹਾ ਸੀ। ਇਸ 'ਤੇ ਚੀਫ ਜਸਟਿਸ ਨੇ ਸਾਲੀਸਿਟਰ ਜਨਰਲ ਨੂੰ ਕਿਹਾ ਕਿ ਮਸੀਹ 'ਤੇ ਮੁਕੱਦਮਾ ਚਲਾਇਆ ਜਾਵੇ। ਉਸ ਨੇ ਚੋਣ ਪ੍ਰਕਿਰਿਆ ਨਾਲ ਛੇੜਛਾੜ ਕੀਤੀ ਹੈ। 8 ਵੋਟਾਂ ਰੱਦ ਕਰ ਦਿੱਤੇ ਜਾਣ ਤੋਂ ਬਾਅਦ ਭਾਜਪਾ ਦੇ ਮਨੋਜ ਸੋਨਕਰ ਆਪ ਤੇ ਕਾਂਗਰਸ ਦੇ ਸਾਂਝੇ ਉਮੀਦਵਾਰ ਕੁਲਦੀਪ ਕੁਮਾਰ ਨੂੰ 16-12 ਦੇ ਫਰਕ ਨਾਲ ਹਰਾ ਕੇ ਮੇਅਰ ਚੁਣੇ ਗਏ ਸਨ। ਸੁਣਵਾਈ ਤੋਂ ਪਹਿਲਾਂ ਸੋਨਕਰ ਨੇ ਐਤਵਾਰ ਅਸਤੀਫਾ ਦੇ ਦਿੱਤਾ ਸੀ। ਮਸੀਹ ਭਾਜਪਾ ਦਾ ਮੈਂਬਰ ਹੈ।


ਸੁਪਰੀਮ ਕੋਰਟ 'ਚ ਪੇਸ਼ੀ ਦੌਰਾਨ (ਸੱਜੇ) ਅਨਿਲ ਮਸੀਹ।

### ਭਾਜਪਾ ਦਾ ਮੇਅਰ ਨਾਜਾਇਜ਼ ਢੰਗ ਨਾਲ ਜਿੱਤਿਆ ਸੀ : ਕੇਜਰੀਵਾਲ

**ਨਵੀਂ ਦਿੱਲੀ** : ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਸੋਮਵਾਰ ਕਿਹਾ ਕਿ ਚੰਡੀਗੜ੍ਹ ਦੇ ਭਾਜਪਾ ਮੇਅਰ ਮਨੋਜ ਸੋਨਕਰ ਦਾ ਅਸਤੀਫਾ ਦਿਖਾਉਂਦਾ ਹੈ ਕਿ ਉਹ ਨਾਜਾਇਜ਼ ਢੰਗ ਵਰਤ ਕੇ ਜਿੱਤੇ ਸਨ। ਦਿੱਲੀ ਅਸੰਬਲੀ ਦੇ ਬਾਹਰ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੇਜਰੀਵਾਲ ਨੇ ਕਿਹਾ ਕਿ ਜੇ ਮੇਅਰ ਨੇ ਅਸਤੀਫਾ ਦਿੱਤਾ ਹੈ ਤਾਂ ਸਾਫ ਹੈ ਕਿ ਕੁਝ ਨਾ ਕੁਝ ਸ਼ੱਕੀ ਸੀ। ਭਾਜਪਾ ਹੋਰ ਚੋਣਾਂ ਵੀ ਇਸੇ ਤਰ੍ਹਾਂ ਜਿੱਤਦੀ ਹੈ। ਜੇ ਨਹੀਂ ਜਿੱਤਦੀ ਤਾਂ ਜੇਤੂ ਪਾਰਟੀ ਦੇ ਆਗੂ ਖਰੀਦਦੀ ਹੈ। ਸੋਨਕਰ ਦੇ ਅਸਤੀਫੇ ਤੋਂ ਬਾਅਦ 'ਆਪ' ਦੇ ਤਿੰਨ ਕੌਂਸਲਰ ਨੇਹਾ, ਪੂਨਮ ਤੇ ਗੁਰਚਰਨ ਕਾਲਾ ਐਤਵਾਰ ਭਾਜਪਾ ਵਿਚ ਸ਼ਾਮਲ ਹੋ ਗਏ। ਇਨ੍ਹਾਂ ਦੇ ਭਾਜਪਾ ਵਿਚ ਸ਼ਾਮਲ ਹੋਣ ਤੋਂ ਪਹਿਲਾਂ 35 ਮੈਂਬਰੀ ਨਗਰ ਨਿਗਮ ਵਿਚ ਭਾਜਪਾ ਦੇ 14 ਕੌਂਸਲਰ ਸਨ ਤੇ ਆਪ ਦੇ 13 ਸਨ।

### ਕੇਜਰੀਵਾਲ ਫਿਰ ਪੇਸ਼ ਨਹੀਂ ਹੋਏ

**ਨਵੀਂ ਦਿੱਲੀ** : ਆਮ ਆਦਮੀ ਪਾਰਟੀ ਦੇ ਕਨਵੀਨਰ ਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਆਬਕਾਰੀ ਨੀਤੀ ਨਾਲ ਸੰਬੰਧਤ ਮਨੀ ਲਾਂਡਰਿੰਗ ਮਾਮਲੇ 'ਚ ਪੁੱਛ-ਪੜਤਾਲ ਲਈ ਸੋਮਵਾਰ ਈ ਡੀ ਸਾਹਮਣੇ ਪੇਸ਼ ਨਹੀਂ ਹੋਏ। ਪਾਰਟੀ ਨੇ ਕੇਜਰੀਵਾਲ ਨੂੰ ਜਾਰੀ ਛੇਵੇਂ ਸੰਮਨ ਨੂੰ ਗੈਰ-ਕਾਨੂੰਨੀ ਕਰਾਰ ਦਿੱਤਾ ਅਤੇ ਕਿਹਾ ਕਿ ਈ ਡੀ ਨੂੰ ਕੇਜਰੀਵਾਲ ਨੂੰ ਵਾਰ-ਵਾਰ ਸੰਮਨ ਭੇਜਣ ਦੀ ਬਜਾਏ ਅਦਾਲਤ ਦੇ ਫੈਸਲੇ ਦੀ ਉਡੀਕ ਕਰਨੀ ਚਾਹੀਦੀ ਹੈ। ਅਦਾਲਤ ਨੇ ਸ਼ਨਿਚਰਵਾਰ ਨੂੰ ਕੇਂਦਰੀ ਏਜੰਸੀ ਵੱਲੋਂ ਦਾਇਰ ਸ਼ਿਕਾਇਤ ਦੇ ਸੰਬੰਧ 'ਚ ਕੇਜਰੀਵਾਲ ਨੂੰ ਨਿੱਜੀ ਪੇਸ਼ੀ ਤੋਂ ਰਾਹਤ ਦਿੱਤੀ ਤੇ 16 ਮਾਰਚ ਨੂੰ ਸੁਣਵਾਈ ਦੀ ਅਗਲੀ ਤਰੀਕ ਨੂੰ ਵਿਅਕਤੀਗਤ ਤੌਰ 'ਤੇ ਪੇਸ਼ ਹੋਣ ਲਈ ਕਿਹਾ ਸੀ।

# ਦਲਿਤਾਂ ਤੇ ਪੱਛੜਿਆਂ ਨੂੰ ਅਯੁੱਧਿਆ ਨਾ ਸੱਦ ਕੇ ਅਪਮਾਨ ਕੀਤਾ : ਰਾਹੁਲ

**ਪ੍ਰਤਾਪਗੜ੍ਹ** : ਰਾਹੁਲ ਗਾਂਧੀ ਨੇ ਸੋਮਵਾਰ ਕਿਹਾ ਕਿ ਅਯੁੱਧਿਆ ਵਿਚ ਰਾਮ ਮੰਦਰ ਦੇ ਉਦਘਾਟਨ ਵੇਲੇ ਦਲਿਤਾਂ, ਪੱਛੜਿਆਂ ਤੇ ਇੱਥੋਂ ਤੱਕ ਕਿ ਰਾਸ਼ਟਰਪਤੀ ਨੂੰ ਵੀ ਨਾ ਸੱਦਣਾ ਇਨ੍ਹਾਂ ਦਾ ਅਪਮਾਨ ਹੈ। ਭਾਰਤ ਜੋੜੋ ਨਿਆਏ ਯਾਤਰਾ ਦੌਰਾਨ ਰਾਮਪੁਰ ਖਾਸ ਅਸੰਬਲੀ ਹਲਕੇ ਦੇ ਲਾਲਗੰਜ ਇੰਦਰਾ ਚੌਕ ਵਿਚ ਇਕੱਠ ਨੂੰ ਸੰਬੋਧਨ ਕਰਦਿਆਂ ਰਾਹੁਲ ਨੇ ਕਿਹਾ ਕਿ ਸਨਅਤਕਾਰਾਂ ਤੇ ਅਮਿਤਾਭ ਬੱਚਨ ਨੂੰ ਸੱਦ ਕੇ ਮੋਦੀ ਨੇ ਇਸ਼ਾਰਾ ਕੀਤਾ ਕਿ ਦੇਸ਼ ਦੀ 73 ਫੀਸਦੀ ਆਬਾਦੀ ਦਾ ਉਨ੍ਹਾ ਲਈ ਕੋਈ ਮਹੱਤਵ ਨਹੀਂ।

ਦੇਸ਼ ਦੀ ਦਲਿਤਾਂ, ਪੱਛੜਿਆਂ ਤੇ ਕਬਾਇਲੀਆਂ ਦੀ 73 ਫੀਸਦੀ ਨੂੰ ਨਜ਼ਰਅੰਦਾਜ਼ ਕਰਨ ਦਾ ਦੋਸ਼ ਲਾਉਂਦਿਆਂ ਰਾਹੁਲ ਨੇ ਕਿਹਾ ਕਿ ਭਾਜਪਾ ਸਰਮਾਏਦਾਰਾਂ ਨੂੰ ਤਰਜੀਹ ਦੇ ਰਹੀ ਹੈ। ਉਨ੍ਹਾ ਕਿਹਾ-ਮੋਦੀ ਕਿਸਾਨਾਂ ਦੀਆਂ ਜੇਬਾਂ ਕੱਟ ਕੇ ਅਮੀਰਾਂ ਦੀਆਂ ਜੇਬਾਂ ਭਰ ਰਹੇ ਹਨ। ਧਰਮ ਦੇ ਨਾਂਅ 'ਤੇ ਦੇਸ਼ ਵਿਚ ਨਫਰਤ ਫੈਲਾਈ ਜਾ ਰਹੀ ਹੈ। ਸਰਕਾਰ ਨੌਜਵਾਨਾਂ ਨੂੰ ਨੌਕਰੀਆਂ ਤੇ ਮਹਿਲਾਵਾਂ ਨੂੰ ਸੁਰੱਖਿਆ ਦੇਣ ਵਿਚ ਨਾਕਾਮ ਰਹੀ ਹੈ। ਈ ਡੀ ਤੇ ਸੀ ਬੀ ਆਈ ਵਰਗੀਆਂ ਏਜੰਸੀਆਂ ਮੋਦੀ ਦੀਆਂ ਕਠਪੁਤਲੀਆਂ ਹਨ, ਜਿਨ੍ਹਾਂ ਨੂੰ ਆਪੋਜ਼ੀਸ਼ਨ ਵਿਰੁੱਧ ਵਰਤਿਆ ਜਾ ਰਿਹਾ ਹੈ।



# ਯਾਤਰਾ ਦਾ ਅਸਰ, ਸਪਾ ਵੱਲੋਂ ਹੁਣ 17 ਸੀਟਾਂ ਦੀ ਪੇਸ਼ਕਸ਼



**ਲਖਨਊ** : ਰਾਹੁਲ ਗਾਂਧੀ ਦੀ ਭਾਰਤ ਜੋੜੋ ਨਿਆਏ ਯਾਤਰਾ ਨੂੰ ਮਿਲ ਰਹੇ ਜ਼ਬਰਦਸਤ ਹੁੰਗਾਰੇ ਨੂੰ ਦੇਖਦਿਆਂ ਸਮਾਜਵਾਦੀ ਪਾਰਟੀ ਨੇ ਸੋਮਵਾਰ ਕਾਂਗਰਸ ਨੂੰ ਲੋਕ ਸਭਾ ਚੋਣਾਂ ਲਈ 17 ਸੀਟਾਂ ਛੱਡਣ ਦੀ ਪੇਸ਼ਕਸ਼ ਕੀਤੀ ਤੇ ਕਿਹਾ ਕਿ ਪਾਰਟੀ ਪ੍ਰਧਾਨ ਅਖਿਲੇਸ਼ ਯਾਦਵ ਰਾਏਬਰੇਲੀ ਵਿਚ ਯਾਤਰਾ 'ਚ ਤਾਂ ਹੀ ਸ਼ਾਮਲ ਹੋਣਗੇ ਜੇ ਕਾਂਗਰਸ ਇਹ ਪੇਸ਼ਕਸ਼ ਮੰਨ ਲੈਂਦੀ ਹੈ। ਪਾਰਟੀ ਦੇ ਮੁੱਖ ਤਰਜਮਾਨ ਰਜਿੰਦਰ ਚੌਧਰੀ ਨੇ ਕਿਹਾ ਕਿ 17 ਸੀਟਾਂ ਉਨ੍ਹਾ ਵੱਲੋਂ ਅੰਤਮ ਪੇਸ਼ਕਸ਼ ਹੈ, ਪਰ ਉਨ੍ਹਾ ਸੀਟਾਂ ਦੇ ਨਾਂਅ ਨਹੀਂ ਦੱਸੇ। ਇਸ ਤੋਂ ਪਹਿਲਾਂ ਸਪਾ ਨੇ 11 ਸੀਟਾਂ ਦੀ ਪੇਸ਼ਕਸ਼ ਕੀਤੀ ਸੀ, ਜਦਕਿ ਕਾਂਗਰਸ ਦੀ ਸੂਬਾ ਇਕਾਈ ਨੇ ਵੱਧ ਸੀਟਾਂ ਦੀ ਮੰਗ ਕੀਤੀ ਸੀ। ਕਾਂਗਰਸ ਦੇ ਸੂਬਾ ਪ੍ਰਧਾਨ ਅਜੈ ਰਾਏ ਨੇ ਕਿਹਾ ਸੀ ਕਿ ਪਾਰਟੀ ਨੂੰ 2009 ਦੀਆਂ ਆਮ ਚੋਣਾਂ 'ਚ ਜਿੱਤੀਆਂ ਦੋ ਦਰਜਨ ਸੀਟਾਂ ਮਿਲਣੀਆਂ ਚਾਹੀਦੀਆਂ ਹਨ। ਸਮਾਜਵਾਦੀ ਪਾਰਟੀ ਅਤੇ ਕਾਂਗਰਸ ਇੰਡੀਆ ਗੱਠਜੋੜ ਵਿਚ ਭਾਈਵਾਲ ਹਨ। ਪਿਛਲੀਆਂ ਚੋਣਾਂ ਵਿਚ ਕਾਂਗਰਸ ਨੇ ਸਿਰਫ ਰਾਏਬਰੇਲੀ ਸੀਟ ਜਿੱਤੀ ਸੀ, ਜਿੱਥੋਂ ਸੋਨੀਆ ਗਾਂਧੀ ਜਿੱਤੇ ਸਨ। ਸੂਬੇ ਵਿਚ ਲੋਕ ਸਭਾ ਦੀਆਂ 80 ਸੀਟਾਂ ਹਨ। ਸਮਾਜਵਾਦੀ ਪਾਰਟੀ ਨੇ ਚੌਧਰੀ ਜਯੰਤ ਚੌਧਰੀ ਦੇ ਰਾਸ਼ਟਰੀ ਲੋਕ ਦਲ ਲਈ 7 ਸੀਟਾਂ ਛੱਡੀਆਂ ਸਨ, ਪਰ ਉਹ ਭਾਜਪਾ ਦੀ ਅਗਵਾਈ ਵਾਲੇ ਐੱਨ ਡੀ ਏ ਨਾਲ ਜਾ ਰਲੇ ਹਨ।

ਇਸੇ ਦੌਰਾਨ ਕਾਂਗਰਸ ਨਾਲ ਸੀਟ ਵੰਡ ਵਾਰਤਾ ਅੱਗੇ ਵਧਣ ਦੀ ਗੱਲ ਕਹਿੰਦਿਆਂ ਸਮਾਜਵਾਦੀ ਪਾਰਟੀ ਨੇ ਆਪਣੇ 11 ਹੋਰ ਉਮੀਦਵਾਰਾਂ ਦਾ ਐਲਾਨ ਕਰ ਦਿੱਤਾ ਹੈ। ਉਸ ਨੇ ਪਹਿਲਾਂ 16 ਉਮੀਦਵਾਰ ਐਲਾਨੇ ਸਨ, ਜਿਨ੍ਹਾਂ ਵਿਚ ਅਖਿਲੇਸ਼ ਦੀ ਪਤਨੀ ਡਿੰਪਲ ਨੂੰ ਮੈਨਪੁਰੀ ਤੋਂ ਉਮੀਦਵਾਰ ਬਣਾਇਆ ਗਿਆ ਸੀ, ਜਿਸ ਦੀ ਉਨ੍ਹਾ ਦੇ ਸਹੁਰਾ ਸਾਹਿਬ ਮੁਲਾਇਮ ਸਿੰਘ ਯਾਦਵ ਨੇ ਨੁਮਾਇੰਦਗੀ ਕੀਤੀ ਸੀ। ਨਵੇਂ ਉਮੀਦਵਾਰਾਂ ਵਿਚ ਮੁਜ਼ੱਫਰਨਗਰ ਤੋਂ ਹਰਿੰਦਰ ਮਲਿਕ, ਹਰਦੋਈ ਤੋਂ ਊਸ਼ਾ ਵਰਮਾ, ਪ੍ਰਤਾਪਗੜ੍ਹ ਤੋਂ ਐੱਸ ਪੀ ਸਿੰਘ ਪਟੇਲ, ਆਓਨਲਾ ਤੋਂ ਨੀਰਜ ਮੌਰਿਆ, ਸ਼ਾਹਜਹਾਂਪੁਰ ਤੋਂ ਰਾਜੇਸ਼ ਕਸ਼ਯਪ, ਮਿਸਰਿਖ ਤੋਂ ਰਾਮਪਾਲ ਰਾਜਵੰਸ਼ੀ, ਮੋਹਨਲਾਲਗੰਜ ਤੋਂ ਆਰ ਕੇ ਚੌਧਰੀ, ਬਹਿਰਾਈਚ ਤੋਂ ਰਮੇਸ਼ ਗੌਤਮ, ਚੰਦੌਲੀ ਤੋਂ ਵਰਿੰਦਰ ਸਿੰਘ, ਗੋਂਡਾ ਤੋਂ ਸ਼੍ਰੇਆ ਵਰਮਾ ਤੇ ਗਾਜ਼ੀਪੁਰ ਤੋਂ ਮੁਖਤਾਰ ਅਨਸਾਰੀ ਦੇ ਭਰਾ ਅਫਜ਼ਲ ਅਨਸਾਰੀ ਸ਼ਾਮਲ ਹਨ।

### ਗੱਠਜੋੜ ਦਾ ਫੈਸਲਾ ਦੋ ਦਿਨਾਂ 'ਚ : ਕਮਲ ਹਸਨ



**ਚੇਨੱਈ** : ਮਸ਼ਹੂਰ ਅਦਾਕਾਰ ਤੇ ਮੱਕਲ ਨਿਧੀ ਮੈਅਮ ਪਾਰਟੀ ਦੇ ਆਗੂ ਕਮਲ ਹਸਨ ਨੇ ਕਿਹਾ ਹੈ ਕਿ ਉਹ ਲੋਕ ਸਭਾ ਚੋਣਾਂ ਲਈ ਗੱਠਜੋੜ ਬਾਰੇ ਐਲਾਨ ਦੋ ਦਿਨਾਂ ਵਿਚ ਕਰਨਗੇ। ਡੀ ਐੱਮ ਕੇ ਆਗੂ ਤੇ ਮੰਤਰੀ ਉਦੈਨਿਧੀ ਸਟਾਲਿਨ ਨੇ ਪਿਛਲੇ ਸਾਲ ਸਤੰਬਰ ਵਿਚ ਕਮਲ ਹਸਨ ਨਾਲ ਗੱਠਜੋੜ ਦੀ ਗੱਲ ਕਹੀ ਸੀ। ਕਮਲ ਹਸਨ ਦਸੰਬਰ 2022 ਵਿਚ ਰਾਹੁਲ ਦੀ ਯਾਤਰਾ ਵਿਚ ਸ਼ਾਮਲ ਹੋਏ ਸੀ, ਜਦੋਂ ਉਹ ਤਾਮਿਲਨਾਡੂ ਵਿੱਚੋਂ ਲੰਘੀ ਸੀ।

### ਵਿਆਹ ਨਾਲੋਂ ਨੌਕਰੀ ਪਹਿਲਾਂ



**ਲਖਨਊ** : ਪ੍ਰੀਖਿਆ ਲੈਣ ਵਾਲੇ ਤੇ ਦੇਣ ਵਾਲੇ ਹੈਰਾਨ ਰਹਿ ਗਏ ਜਦੋਂ ਯੂ ਪੀ ਦੇ ਮਹੋਬਾ ਵਿਚ ਯੂ ਪੀ ਪੁਲਸ ਰਿਜ਼ਰਵ ਰਿਕਰੂਟਮੈਂਟ ਦੀ ਭਰਤੀ ਦੀ ਪ੍ਰੀਖਿਆ ਦੇਣ ਸਜਿਆ-ਧਜਿਆ ਲਾੜਾ ਪੁੱਜਾ। ਉਸ ਨੇ ਦੱਸਿਆ ਕਿ ਵਿਆਹ ਤੋਂ ਪਹਿਲਾਂ ਕੈਰੀਅਰ ਜ਼ਰੂਰੀ ਹੈ। ਪ੍ਰੀਖਿਆ ਕੇਂਦਰ ਵਿਚ ਤਾਇਨਾਤ ਅਧਿਕਾਰੀਆਂ ਤੇ ਪੁਲਸ ਜਵਾਨਾਂ ਨੇ ਉਸ ਨੂੰ ਸੁਖਦ ਵਿਆਹੁਤਾ ਜ਼ਿੰਦਗੀ ਤੇ ਰੌਸ਼ਨ ਭਵਿੱਖ ਦਾ ਅਸ਼ੀਰਵਾਦ ਦੇ ਕੇ ਤੋਰਿਆ।

### ਖੰਡ ਉਤਪਾਦਨ 10 ਫੀਸਦੀ ਘਟਣ ਦੀ ਸੰਭਾਵਨਾ



**ਨਵੀਂ ਦਿੱਲੀ** : ਦੇਸ਼ 'ਚ ਚੀਨੀ ਉਤਪਾਦਨ ਚਾਲੂ ਮਾਰਕੀਟਿੰਗ ਸਾਲ 2023-24 ਵਿਚ 15 ਫਰਵਰੀ ਤੱਕ 2.48 ਫੀਸਦੀ ਘਟ ਕੇ 223.6 ਲੱਕ ਟਨ ਰਹਿ ਗਿਆ। ਪਿਛਲੇ ਸਾਲ ਦੀ ਇਸੇ ਮਿਆਦ 'ਚ ਇਹ 229.3 ਲੱਖ ਟਨ ਸੀ। ਚੀਨੀ ਮਾਰਕੀਟਿੰਗ ਸਾਲ ਅਕਤੂਬਰ ਤੋਂ ਸਤੰਬਰ ਤੱਕ ਚੱਲਦਾ ਹੈ। ਇੰਡੀਅਨ ਸ਼ੂਗਰ ਮਿੱਲਜ਼ ਐਸੋਸੀਏਸਨ ਦੇ ਤਾਜ਼ਾ ਅੰਕੜਿਆਂ ਅਨੁਸਾਰ ਮੌਜੂਦਾ 2023-24 ਮਾਰਕੀਟਿੰਗ ਸਾਲ 'ਚ ਚੀਨੀ ਦਾ ਉਤਪਾਦਨ 10 ਫੀਸਦੀ ਘਟ ਕੇ 330.5 ਲੱਖ ਟਨ ਰਹਿਣ ਦਾ ਅਨੁਮਾਨ ਹੈ, ਜੋ ਪਿਛਲੇ ਸਾਲ 366.2 ਲੱਖ ਟਨ ਸੀ।

# ਜੈਤੋ ਮੋਰਚੇ ਦੀ 100 ਸਾਲਾ ਸ਼ਤਾਬਦੀ ਦੇ ਸਮਾਗਮ ਆਰੰਭ

**ਜੈਤੋ/ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**

ਸਿੱਖ ਕੌਮ ਵੱਲੋਂ ਤਤਕਾਲੀ ਅੰਗਰੇਜ਼ ਹਕੂਮਤ ਦੇ ਜਬਰ-ਜ਼ੁਲਮ ਵਿਰੁੱਧ ਲਗਾਏ ਗਏ ਜੈਤੋ ਦੇ ਮੋਰਚੇ ਦੀ 100 ਸਾਲਾ ਸ਼ਤਾਬਦੀ ਦੇ ਸਮਾਗਮ ਸੋਮਵਾਰ ਗੁਰਦੁਆਰਾ ਟਿੱਬੀ ਸਾਹਿਬ ਜੈਤੋ ਵਿਖੇ ਪੰਥਕ ਰਵਾਇਤਾਂ ਅਨੁਸਾਰ ਆਰੰਭ ਹੋਏ। ਇਨ੍ਹਾਂ ਸਮਾਗਮਾਂ ਦੀ ਆਰੰਭਤਾ ਮੌਕੇ ਗੁਰਦੁਆਰਾ ਟਿੱਬੀ ਸਾਹਿਬ ਤੋਂ ਗੁਰਦੁਆਰਾ ਅੰਗੀਠਾ ਸਾਹਿਬ ਤੱਕ ਵਿਸ਼ਾਲ ਨਗਰ ਸਜਾਇਆ ਗਿਆ। ਇਸ ਤੋਂ ਪਹਿਲਾਂ ਸ੍ਰੀ ਅਖੰਠ ਪਾਠ ਸਾਹਿਬ ਦੀ ਆਰੰਭਤਾ ਵੀ ਕੀਤੀ ਗਈ।

ਨਗਰ ਕੀਰਤਨ (ਸ਼ਹੀਦੀ ਮਾਰਚ) ਦੀ ਸ਼ੁਰੂਆਤ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਜੈਤੋ ਮੋਰਚੇ ਦੇ ਇਤਿਹਾਸ ਨੂੰ ਯਾਦ ਕਰਨ ਦੇ ਨਾਲ-ਨਾਲ ਮੌਜੂਦਾ ਸਮੇਂ ਸਿੱਖ ਕੌਮ ਨੂੰ ਦਰਪੇਸ਼ ਚੁਣੌਤੀਆਂ ਦੀ ਗੱਲ ਵੀ ਕੀਤੀ। ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖ ਕੌਮ ਅੰਦਰ ਹੱਕ-ਸੱਚ ਦੀ ਪਹਿਰੇਦਾਰੀ ਵਾਸਤੇ ਵੱਡੀਆਂ ਕੁਰਬਾਨੀਆਂ ਹੋਈਆਂ। ਉਨ੍ਹਾ ਕਿਹਾ ਕਿ ਕੌਮ ਅੰਦਰ ਸ਼ਹਾਦਤਾਂ ਦਾ ਮੁੱਢ ਗੁਰੂ ਸਾਹਿਬਾਨ ਨੇ ਆਪ ਬੰਨ੍ਹਿਆ, ਜਿਸ ਦੀ ਲੜੀ ਨੂੰ ਸਿੱਖਾਂ ਨੇ ਕਾਇਮ ਰੱਖਿਆ। ਜੈਤੋ ਦਾ ਮੋਰਚਾ ਇਸੇ ਹੀ ਸ਼ਾਨਾਮੱਤੇ ਇਤਿਹਾਸ ਦੀ ਤਰਜਮਾਨੀ ਕਰਦਾ ਹੈ। ਇਹ ਮੋਰਚਾ ਜਬਰ, ਜ਼ੁਲਮ ਅਤੇ ਅਨਿਆਂ ਵਿਰੁੱਧ ਇਕ ਸੰਘਰਸ਼ ਦਾ ਬਿਗਲ ਸੀ, ਜਿਸ ਨੇ ਜ਼ਾਲਮ ਹਕੂਮਤਾਂ ਦੀ ਧੱਕੇਸ਼ਾਹੀ ਨੂੰ ਚੁਣੌਤੀ ਦਿੱਤੀ। ਇਸ ਵਿੱਚੋਂ ਸਿੱਖ ਕੌਮ ਜੇਤੂ ਹੋ ਕੇ ਨਿਕਲੀ, ਜੋ ਇਤਿਹਾਸ ਅੰਦਰ ਸੁਨਹਿਰੀ ਅੱਖਰਾਂ ਵਿਚ ਦਰਜ ਹੈ। ਸਿੱਖ ਕੌਮ ਦਾ ਇਹ ਇਤਿਹਾਸ ਸੰਗਤਾਂ ਅਤੇ ਖਾਸਕਰ ਨੌਜਵਾਨੀ ਲਈ ਪ੍ਰੇਰਨਾਸਰੋਤ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਮੌਜੂਦਾ ਸਮੇਂ ਵੀ ਸਿੱਖ ਧਰਮ ਨੂੰ ਲੁਕਵੇਂ ਰੂਪ ਵਿਚ ਕਈ ਤਰ੍ਹਾਂ ਦੀਆਂ ਚੁਣੌਤੀਆਂ ਦਰਪੇਸ਼ ਹਨ, ਜਿਨ੍ਹਾਂ ਨੂੰ ਪਛਾਣ ਕੇ ਇਕਜੁੱਟਤਾ ਨਾਲ ਮੁਕਾਬਲਾ ਕਰਨ ਦੀ ਲੋੜ ਹੈ। ਉਨ੍ਹਾ ਕਿਹਾ ਕਿ ਸਿੱਖ ਸੰਸਥਾਵਾਂ ਦੀ ਮਜ਼ਬੂਤੀ ਅੱਜ ਕੌਮ ਲਈ ਬੇਹੱਦ ਜ਼ਰੂਰੀ ਹੈ, ਜਿਸ ਲਈ ਸਮੁੱਚੀ ਕੌਮ ਯੋਗਦਾਨ ਪਾਵੇ।

ਇਸ ਦੌਰਾਨ ਨਗਰ ਕੀਰਤਨ ਵੱਖ-ਵੱਖ ਪੜਾਵਾਂ ਤੋਂ ਹੁੰਦਾ ਹੋਇਆ ਗੁਰਦੁਆਰਾ ਅੰਗੀਠਾ ਸਾਹਿਬ ਵਿਖੇ ਸੰਪੂਰਨ ਹੋਇਆ। ਨਗਰ ਕੀਰਤਨ ਦਾ ਸੰਗਤ ਵੱਲੋਂ ਥਾਂ-ਥਾਂ ਭਰਵਾਂ ਸਵਾਗਤ ਕਰਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਰੁਮਾਲੇ ਭੇਟ ਕਰਕੇ ਸਤਿਕਾਰ ਦਿੱਤਾ ਗਿਆ।

ਬਾਕੀ ਸਫ਼ਾ 2 'ਤੇ



# ਰੇਪ ਕੇਸ ਦਰਜ ਹੋਣ ਤੋਂ ਬਾਅਦ ਖੁਦਕੁਸ਼ੀ

**ਠਾਣੇ** : 16 ਸਾਲਾ ਲੜਕੀ ਨਾਲ ਬਲਾਤਕਾਰ ਦਾ ਮਾਮਲਾ ਦਰਜ ਹੋਣ ਤੋਂ ਬਾਅਦ 37 ਸਾਲਾ ਵਿਅਕਤੀ ਨੇ ਜ਼ਹਿਰ ਖਾ ਕੇ ਖੁਦਕੁਸ਼ੀ ਕਰ ਲਈ। ਠਾਣੇ ਜ਼ਿਲ੍ਹੇ ਦੀ ਪੁਲਸ ਨੇ ਕਿਹਾ ਕਿ ਮੁਰਬਾਦ ਤਾਲੁਕਾ ਦੇ ਇੱਕ ਪਿੰਡ 'ਚ ਸਨਿਚਰਵਾਰ ਰਾਤ ਨੂੰ ਇੱਕ ਵਿਅਕਤੀ ਦੇ ਖਿਲਾਫ ਬਲਾਤਕਾਰ ਅਤੇ ਭਾਰਤੀ ਦੰਡਾਵਲੀ ਦੀਆਂ ਹੋਰ ਧਾਰਾਵਾਂ ਅਤੇ ਜਿਨਸੀ ਅਪਰਾਧਾਂ ਤੋਂ ਬੱਚਿਆਂ ਦੀ ਸੁਰੱਖਿਆ (ਪੋਕਸੋ) ਐਕਟ ਦਾ ਮਾਮਲਾ ਦਰਜ ਕੀਤਾ ਗਿਆ ਸੀ, ਜਿਸ ਤੋਂ ਬਾਅਦ ਪੁਲਸ ਵੱਲੋਂ ਮੁਲਜ਼ਮ ਦੀ ਭਾਲ ਸ਼ੁਰੂ ਕੀਤੀ ਗਈ ਸੀ। ਜਦੋਂ ਉਸ ਨੂੰ ਪਤਾ ਲੱਗਿਆ ਕਿ ਪੁਲਸ ਨੇ ਕੇਸ ਦਰਜ ਕਰ ਲਿਆ ਹੈ ਤਾਂ ਮੁਲਜ਼ਮ ਨੇ ਆਪਣੇ ਦੋਸਤ ਦੇ ਘਰ ਜਾ ਕੇ ਕੋਈ ਜ਼ਹਿਰੀਲੀ ਵਸਤੂ ਨਿਗਲ ਲਈ। ਬਾਅਦ 'ਚ ਉਸ ਦੀ ਹਸਪਤਾਲ 'ਚ ਮੌਤ ਹੋ ਗਈ। ਪੁਲਸ ਇੰਸਪੈਕਟਰ ਪ੍ਰਮੋਦ ਬਾਬਰ ਨੇ ਮੁੱਢਲੀ ਜਾਂਚ ਦਾ ਹਵਾਲਾ ਦਿੰਦਿਆਂ ਕਿਹਾ ਕਿ ਮੁਲਜ਼ਮ ਨੇ 18 ਜਨਵਰੀ ਤੋਂ 15 ਫਰਵਰੀ ਦੇ ਵਿਚਕਾਰ ਆਪਣੇ ਪਿੰਡ ਦੀ ਨਾਬਾਲਗ ਲੜਕੀ ਨਾਲ ਉਸ ਦੀਆਂ ਨਿੱਜੀ ਤਸਵੀਰਾਂ ਵਾਇਰਲ ਕਰਨ ਦੀ ਧਮਕੀ ਦੇ ਕੇ ਵਾਰ-ਵਾਰ ਬਲਾਤਕਾਰ ਕੀਤਾ। ਉਸ ਨੇ ਪੀੜਤਾ ਦੇ ਮਾਪਿਆਂ ਨੂੰ ਜਾਨੋਂ ਮਾਰਨ ਦੀ ਧਮਕੀ ਵੀ ਦਿੱਤੀ ਸੀ।

### ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ ਲੰਘ ਚੁੱਕੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪੋ-ਆਪਣੇ ਕਾਰਡ ਜਲਦੀ ਤੋਂ ਜਲਦੀ 'ਨਵਾਂ ਜ਼ਮਾਨਾ' ਦਫਤਰ ਆ ਕੇ ਬਾਅਦ ਦੁਪਹਿਰ ਸ਼ੁੱਕਰਵਾਰ ਅਤੇ ਸੋਮਵਾਰ ਨੂੰ 2 ਵਜੇ ਤੋਂ ਸ਼ਾਮ 5 ਵਜੇ ਤੱਕ ਨਵਿਆਉਣ। ਪਿਛਲੇ ਸਾਲ ਦੀ ਅਧਿਕਾਰਤ ਪੱਤਰ ਦੀ ਕਾਪੀ ਨਾਲ ਲਿਆਉਣ। -ਮੈਨੇਜਰ

### ਨੀਟ ਪ੍ਰੀਖਿਆਰਥੀ ਦੀ ਬਿਮਾਰੀ ਨਾਲ ਮੌਤ ਤੇ ਜੇ ਈ ਈ ਪ੍ਰੀਖਿਆਰਥੀ ਲਾਪਤਾ

**ਜੈਪੁਰ** : ਯੂ ਪੀ ਦੇ ਨੀਟ ਪ੍ਰੀਖਿਆਰਥੀ ਦੀ ਰਾਜਸਥਾਨ ਦੇ ਕੋਟਾ 'ਚ ਕਥਿਤ ਤੌਰ 'ਤੇ ਬਿਮਾਰੀ ਕਾਰਨ ਮੌਤ ਹੋ ਗਈ ਅਤੇ ਇੱਕ ਹੋਰ ਵਿਦਿਆਰਥੀ, ਜੋ ਜੇ ਈ ਈ ਪ੍ਰੀਖਿਆਰਥੀ ਸੀ, ਹਫਤੇ ਤੋਂ ਲਾਪਤਾ ਹੈ। ਯੂ ਪੀ ਦੇ ਅਲੀਗੜ੍ਹ ਦਾ ਸ਼ਿਵਮ ਰਾਘਵ (21) ਤਿੰਨ ਸਾਲਾਂ ਤੋਂ ਨੀਟ ਦੀ ਤਿਆਰੀ ਕਰ ਰਿਹਾ ਸੀ। ਪੁਲਸ ਮੁਤਾਬਕ ਰਾਘਵ ਛੇ ਮਹੀਨਿਆਂ ਤੋਂ ਹਾਈ ਸ਼ੂਗਰ ਲੈਵਲ ਅਤੇ ਬਲੱਡ ਪ੍ਰੈਸ਼ਰ ਤੋਂ ਪੀੜਤ ਸੀ ਅਤੇ ਸ਼ੁੱਕਰਵਾਰ ਉਸ ਨੂੰ ਐੱਮ ਬੀ ਐੱਸ ਹਸਪਤਾਲ ਲਿਜਾਇਆ ਗਿਆ ਸੀ। ਉਸ ਨੇ ਐਤਵਾਰ ਆਈ ਸੀ ਯੂ 'ਚ ਦਮ ਤੋੜ ਦਿੱਤਾ। ਰਾਘਵ ਦੀ ਮੌਤ ਪਿਛਲੇ ਚਾਰ ਦਿਨਾਂ 'ਚ ਕੋਟਾ 'ਚ ਕੋਚਿੰਗ ਦੇ ਵਿਦਿਆਰਥੀ ਦੀ ਬਿਮਾਰੀ ਕਾਰਨ ਦੂਜੀ ਮੌਤ ਹੈ। ਵੀਰਵਾਰ ਨੂੰ ਜੇ ਈ ਈ ਪ੍ਰੀਖਿਆਰਥੀ ਪਰਮੀਤ ਰਾਜ ਰਾਏ ਦੀ ਦੋਸਤਾਂ ਨਾਲ ਡਿਨਰ ਕਰਨ ਤੋਂ ਬਾਅਦ ਰਹੱਸਮਈ ਢੰਗ ਨਾਲ ਮੌਤ ਹੋ ਗਈ ਸੀ। ਉਸ ਦੇ ਪਿਤਾ ਰਾਜੀਵ ਰੰਜਨ ਰਾਏ ਨੇ ਮੌਤ ਦੇ ਕਾਰਨਾਂ ਦਾ ਪਤਾ ਲਗਾਉਣ ਲਈ ਜਾਂਚ ਦੀ ਮੰਗ ਕੀਤੀ ਹੈ।

ਦੂਜੇ ਮਾਮਲੇ ਵਿਚ ਪੁਲਸ ਅਧਿਕਾਰੀਆਂ ਨੇ ਪੁਸ਼ਟੀ ਕੀਤੀ ਕਿ ਜੇ ਈ ਈ ਵਿਦਿਆਰਥੀ 8 ਦਿਨਾਂ ਤੋਂ ਲਾਪਤਾ ਹੈ। ਮੱਧ ਪ੍ਰਦੇਸ਼ ਦੇ ਰਾਜਗੜ੍ਹ ਦਾ 16 ਸਾਲਾ ਰਚਿਤ ਸੌਂਧਿਆ ਪ੍ਰੀਖਿਆ ਦੇਣ ਬਹਾਨੇ ਹੋਸਟਲ ਤੋਂ ਚਲਾ ਗਿਆ ਸੀ। ਉਹ ਇਕ ਸਾਲ ਤੋਂ ਕੋਟਾ 'ਚ ਜੇ ਈ ਈ ਦੀ ਤਿਆਰੀ ਕਰ ਰਿਹਾ ਸੀ। ਵਿਦਿਆਰਥੀ ਦਾ ਆਖਰੀ ਟਿਕਾਣਾ ਗਾਰਡੀਆ ਮਹਾਦੇਵ ਮੰਦਰ ਖੇਤਰ 'ਚ ਮਿਲਿਆ ਸੀ। ਉਸ ਦਾ ਬੈਗ ਅਤੇ ਚੱਪਲਾਂ ਨੇੜਲੀ ਚੰਬਲ ਨਦੀ ਵਿੱਚੋਂ ਮਿਲੀਆਂ।

### ਕੈਪਟਨ ਦੇ ਘਰ ਅੱਗੇ ਧਰਨਾ ਦੇਣ ਵਾਲੇ ਕਿਸਾਨ ਦੀ ਮੌਤ



**ਪਟਿਆਲਾ** : ਇੱਥੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਘਰ ਦੇ ਬਾਹਰ ਧਰਨਾ ਦੇ ਰਹੇ ਕਿਸਾਨ ਦੀ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ। ਬਠੋਈ ਪਿੰਡ ਦਾ ਨਰਿੰਦਰਪਾਲ ਸਿੰਘ (43) 17 ਫਰਵਰੀ ਨੂੰ ਆਪਣੇ ਸਾਥੀਆਂ ਨਾਲ ਪਟਿਆਲਾ ਧਰਨੇ 'ਤੇ ਪੁੱਜਾ ਸੀ ਕਿ ਐਤਵਾਰ ਰਾਤ ਅਚਾਨਕ ਉਸ ਦੀ ਤਬੀਅਤ ਖਰਾਬ ਹੋਣ ਲੱਗੀ ਤਾਂ ਉਸ ਨੇ ਆਪਣੇ ਸਾਥੀ ਕਿਸਾਨਾਂ ਨੂੰ ਉਸ ਨੂੰ ਵਾਪਸ ਪਿੰਡ ਲੈ ਜਾਣ ਲਈ ਕਿਹਾ। ਪਿੰਡ ਨੂੰ ਜਾਂਦੇ ਸਮੇਂ ਉਸ ਦੀ ਹਾਲਤ ਵਿਗੜ ਗਈ। ਉਸ ਨੂੰ ਤੁਰੰਤ ਸਰਕਾਰੀ ਰਾਜਿੰਦਰਾ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਉਸ ਦੀਆਂ ਦੋ ਧੀਆਂ ਅਤੇ ਇੱਕ ਪੁੱਤਰ ਹੈ।

### ਕਸ਼ਮੀਰ 'ਚ ਭਾਰੀ ਮੀਂਹ ਤੇ ਬਰਫਬਾਰੀ

**ਸ੍ਰੀਨਗਰ** : ਰਾਮਬਨ ਜ਼ਿਲ੍ਹੇ 'ਚ ਭਾਰੀ ਮੀਂਹ ਕਾਰਨ ਮੇਹਦ-ਕੈਫੇਟੇਰੀਆ ਤੇ ਤਬੇਲਾ ਚਮਲਵਾਸ ਵਿਚਾਲੇ ਢਿੱਗਾਂ ਡਿੱਗਣ ਨਾਲ ਸੋਮਵਾਰ ਸ੍ਰੀਨਗਰ-ਜੰਮੂ ਕੌਮੀ ਮਾਰਗ ਨੂੰ ਆਵਾਜਾਈ ਲਈ ਬੰਦ ਕਰ ਦਿੱਤਾ ਗਿਆ। ਘਾਟੀ 'ਚ ਅਗਲੇ 48 ਘੰਟੇ ਮੀਂਹ ਜਾਰੀ ਰਹਿਣ ਦੀ ਸੰਭਾਵਨਾ ਹੈ। ਗੁਲਮਰਗ ਸਕੀਇੰਗ ਰਿਜ਼ਾਰਟ 'ਚ 24 ਘੰਟਿਆਂ 'ਚ ਕਰੀਬ 1.5 ਫੁੱਟ ਬਰਫਬਾਰੀ ਹੋਈ ਹੈ। ਕੁਪਵਾੜਾ, ਹੰਦਵਾੜਾ ਅਤੇ ਸੋਨਮਰਗ 'ਚ ਵੀ ਬਰਫਬਾਰੀ ਦੀਆਂ ਰਿਪੋਰਟਾਂ ਹਨ।



### ਅੱਜ-ਨਾਮਾ

ਲਾਈਆਂ ਬੈਠਕਾਂ, ਲੰਮੀ ਵਿਚਾਰ ਕਰ ਕੇ,
ਕਿਸਾਨਾਂ ਕੀਤੀ ਆ ਰੱਦ ਤਜਵੀਜ਼ ਬੇਲੀ।
ਮਗਰੋਂ ਬਹਿ ਕੇ ਵਿਚਾਰੇ ਗਏ ਪੱਖ ਸਾਰੇ,
ਕਿਹਾ ਤਜਵੀਜ਼ ਨਾ ਕੰਮ ਦੀ ਚੀਜ਼ ਬੇਲੀ।
ਲੱਗਦਾ ਉੱਤੋਂ ਕਿ ਬਹੁਤ ਸਰਕਾਰ ਦੇਂਦੀ,
ਸੁਆਦੀ ਪਕਵਾਨ ਦੇ ਵਾਂਗ ਲਜੀਜ਼ ਬੇਲੀ।
ਅੰਦਰੋਂ ਝਾਕ ਕੇ ਡਿੱਠਾ ਤਾਂ ਸਮਝ ਆਈ,
ਨੁੱਕਰੇ ਪਿਆ ਸੀ ਜ਼ਹਿਰ ਦਾ ਬੀਜ ਬੇਲੀ।
ਠੇਕੇਦਾਰੀ ਦਾ ਲੱਗੇ ਕੋਈ ਪਾਉਣ ਚੱਕਰ,
ਮੁਸੀਬਤ ਨਵੀਂ ਮਹਿਸੂਸ ਸੀ ਹੋਈ ਬੇਲੀ।
ਹੁੰਗਾਰਾ ਏਸ ਦਾ ਜਾਊਗਾ ਭਰਨ ਜਿਹੜਾ,
ਮਾਂਜਿਆ ਜਾਊਗਾ ਲੋਕਾਂ 'ਚੋਂ ਸੋਈ ਬੇਲੀ।

-ਤੀਸ ਮਾਰ ਖਾਂ

# ਦਲਿਤ ਦੁੱਖਾਂ 'ਚ ਹੀ ਜੰਮਦੇ ਹਨ ਤੇ ਦੁੱਖਾਂ 'ਚ ਹੀ ਮਰ ਜਾਂਦੇ ਹਨ

**ਹੈਦਰਾਬਾਦ (ਗਿਆਨ ਸੈਦਪੁਰੀ)**

'ਭਾਰਤ ਦੇ ਮੌਜੂਦਾ ਸੰਵਿਧਾਨ ਅਤੇ ਮਨੂਸਿਮਰਤੀ ਦਾ ਤੁਲਨਾਤਮਿਕ ਅਧਿਐਨ ਕਰਨ 'ਤੇ ਇਹ ਗੱਲ ਸਪੱਸ਼ਟ ਹੋ ਜਾਂਦੀ ਹੈ ਕਿ ਪਹਿਲਾ ਤਾਂ ਦੇਸ਼ ਵਾਸੀਆਂ ਨੂੰ ਅੱਗੇ ਵੱਲ ਲਿਜਾਣ ਦਾ ਸੰਕਲਪ ਹੈ, ਪਰ ਦੂਸਰਾ ਲੋਕਾਂ ਨੂੰ ਪਿਛਲਖੁਰੀ ਮੁੜਨ ਲਈ ਅਗਵਾਈ ਕਰਦਾ ਹੈ।' ਉਕਤ ਵਿਚਾਰਾਂ ਦਾ ਪ੍ਰਗਟਾਵਾ ਵੀ ਐੱਸ ਨਿਰਮਲ ਜਨਰਲ ਸਕੱਤਰ ਆਲ ਇੰਡੀਆ ਦਲਿਤ ਰਾਈਟਸ ਮੂਵਮੈਂਟ ਨੇ ਕੀਤਾ। ਉਹ ਐਤਵਾਰ ਇਥੇ ਸਥਿਤ ਤਿਲੰਗਾਨਾ ਸਟੇਟ ਯੂਨੀਅਨ ਆਫ ਵਰਕਿੰਗ ਜਰਨਲਿਸਟ ਦੇ ਹਾਲ ਵਿੱਚ ਆਯੋਜਿਤ 'ਮਨੂਸਿਮਰਤੀ, ਦਲਿਤ ਅਤੇ ਭਾਰਤੀ ਸੰਵਿਧਾਨ' ਵਿਸ਼ੇ 'ਤੇ ਹੋਏ ਸੈਮੀਨਾਰ ਨੂੰ ਸੰਬੋਧਨ ਕਰ ਰਹੇ ਸਨ। ਆਲ ਇੰਡੀਆ ਦਲਿਤ ਰਾਈਟਸ ਮੂਵਮੈਂਟ ਦੀ ਨੈਸ਼ਨਲ ਕਮੇਟੀ ਦੀ ਮੀਟਿੰਗ ਦੀ ਸ਼ੁਰੂਆਤ (ਜੋ 19 ਅਤੇ 20 ਫਰਵਰੀ ਨੂੰ ਹੋਣੀ ਹੈ) ਤੋਂ ਪਹਿਲਾਂ 'ਦਲਿਤਾ ਹਕਾਲੂ ਪੋਰਾਟਾ ਸੰਮਤੀ' ਤਿਲੰਗਾਨਾ ਵੱਲੋਂ ਇਹ ਸੈਮੀਨਰ ਕਰਵਾਇਆ ਗਿਆ। ਸ੍ਰੀ ਨਿਰਮਲ ਨੇ ਕਿਹਾ ਕਿ ਬੇਸ਼ੱਕ ਭਾਰਤੀ ਸੰਵਿਧਾਨ ਸਿਧਾਂਤਕ ਤੌਰ 'ਤੇ ਦਲਿਤ ਵਰਗ ਨੂੰ ਕਾਫੀ ਰਾਹਤ ਦੇਣ ਵਾਲਾ ਹੈ, ਪਰ ਇਸ ਵਿੱਚ ਨੀਤੀ ਨਿਰਦੇਸ਼ ਸਿਧਾਂਤ ਸੱਚੇ ਮਨੋ ਲਾਗੂ ਹੀ ਨਹੀਂ ਕੀਤੇ ਗਏ। ਇਸ ਲਈ ਦਲਿਤ ਵਰਗ ਦੀ ਹੋਣੀ ਇਹ ਹੈ ਕਿ ਇਹ ਦੁੱਖਾਂ ਵਿੱਚ ਹੀ ਪੈਦਾ ਹੁੰਦੇ ਹਨ ਅਤੇ ਦੁੱਖਾਂ ਵਿੱਚ ਹੀ ਖਤਮ ਹੋ ਜਾਂਦੇ ਹਨ। ਸੰਵਿਧਾਨ ਵਿੱਚ ਦਰਜ ਰਾਖਵੇਂਕਰਨ ਨੂੰ ਖਤਮ ਕਰਨ ਦੀ ਪੂਰੀ ਵਾਹ ਲਾਈ ਜਾ ਰਹੀ ਹੈ। ਸੰਵਿਧਾਨ ਦੀ ਥਾਂ ਦੇਸ਼ ਵਿੱਚ ਮਨੂਸਿਮਰਤੀ ਨੂੰ ਲਾਗੂ ਕਰਨ ਲਈ ਜ਼ੋਰ-ਸ਼ੋਰ ਨਾਲ ਪ੍ਰਚਾਰ ਕੀਤਾ ਜਾ ਰਿਹਾ ਹੈ ਕਿ ਹਿੰਦੂਤਵ ਇੱਕ ਜੀਵਨ ਪੱਧਤੀ ਹੈ, ਪਰ ਦਲਿਤ ਇਸ ਜੀਵਨ ਪੱਧਤੀ ਦਾ ਕਰੂਪ ਚਿਹਰਾ ਹੰਢਾ ਚੁੱਕੇ ਹਨ, ਜਦੋਂ ਉਨ੍ਹਾਂ ਦੇ ਕੰਨਾਂ ਵਿੱਚ ਸਿੱਕਾ ਢਾਲ ਦਿੱਤਾ ਜਾਂਦਾ ਸੀ ਅਤੇ ਪੂਰੀ ਤਰ੍ਹਾਂ ਸਾਧਨ ਵਿਹੂਣੇ ਬਣਾ ਦਿੱਤਾ ਗਿਆ ਸੀ। ਹੁਣ ਉਹ ਇਹ ਪੱਧਤੀ ਕਦੇ ਵੀ ਸਵੀਕਾਰ ਨਹੀਂ ਕਰਨਗੇ।

ਸੀ ਪੀ ਆਈ ਤਿਲੰਗਾਨਾ ਰਾਜ ਦੀ ਇਕਾਈ ਦੇ ਸਾਬਕਾ ਸਕੱਤਰ ਅਤੇ ਸਾਬਕਾ ਵਿਧਾਇਕ ਚੱਡਾ ਵੈਂਕਟ ਰੈਡੀ ਨੇ ਸੈਮੀਨਾਰ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਹ ਸੋਚਣ ਦਾ ਵੇਲਾ ਹੈ ਕਿ ਕਿੰਨੀ ਦੇਰ ਤੋਂ ਭਾਰਤ ਵਿੱਚ ਸੰਵਿਧਾਨ ਲਾਗੂ ਹੈ, ਪਰ ਅਜੇ ਵੀ ਇਸ ਤਰ੍ਹਾਂ ਦੇ ਸੈਮੀਨਾਰ ਕਰਨੇ ਪੈ ਰਹੇ ਹਨ। ਪਿੰਡ ਦੇ ਸਰਪੰਚ ਬਣਨ ਤੋਂ ਲੈ ਕੇ ਵਿਧਾਇਕ ਅਤੇ ਸੀ ਪੀ ਆਈ ਦੀ ਸੂਬਾ ਲੀਡਰਸ਼ਿਪ ਵਿੱਚ ਪ੍ਰਮੁੱਖ ਅਹੁਦਾ ਸੰਭਾਲਣ ਤੱਕ ਦਾ ਸਫਰ ਕਰਨ ਵਾਲੇ ਰੈਡੀ ਨੇ ਇੰਦਰਾ ਗਾਂਧੀ ਦੇ ਰਾਜ ਕਾਲ ਤੋਂ ਲੈ ਕੇ ਨਰਿੰਦਰ ਮੋਦੀ ਦੇ ਤਾਨਾਸ਼ਾਹੀ ਵੱਲ ਵਧਣ ਦੇ ਦੌਰ ਦਾ ਵਿਸਥਾਰ ਨਾਲ ਜ਼ਿਕਰ ਕੀਤਾ। ਉਨ੍ਹਾ ਕਿਹਾ ਕਿ ਇੰਦਰਾ ਗਾਂਧੀ ਗਰੀਬੀ ਹਟਾਓ ਅਤੇ ਮੋਦੀ ਦੇ 'ਅੱਛੇ ਦਿਨ ਆਉਣ' ਦੇ ਭਰਮ-ਭੁਲੇਖੇ ਨੇ ਦਲਿਤ ਵਰਗ ਨੂੰ ਗੁੰਮਰਾਹ ਕਰਕੇ ਹੁਣ ਤੱਕ ਧ੍ਰੋਹ ਕਮਾਇਆ ਹੈ। ਰੈਡੀ ਨੇ ਸਟੇਜ 'ਤੇ ਬਿਰਾਜਮਾਨ ਆਲ ਇੰਡੀਆ ਦਲਿਤ ਰਾਈਟਸ ਮੂਵਮੈਂਟ ਦੇ ਪ੍ਰਧਾਨ ਕੇ. ਰਾਮਾਮੂਰਤੀ ਅਤੇ ਵੀ. ਐੱਸ ਨਿਰਮਲ ਨੂੰ ਜ਼ੋਰਦਾਰ ਅਪੀਲ ਕੀਤੀ ਕਿ ਪਾਰਟੀ ਦੀ ਨੈਸ਼ਨਲ ਕੌਂਸਲ ਵਿੱਚ ਮਤਾ ਪਾਸ ਕਰਵਾ ਕੇ ਦਲਿਤਾਂ ਦੀ ਜ਼ਿੰਦਗੀ ਨੂੰ ਬਿਹਤਰ ਬਣਾਉਣ ਅਤੇ ਮਨੂਸਿਮਰਤੀ ਸੋਚ ਨੂੰ ਭਾਂਜ ਦੇਣ ਲਈ ਪਿੰਡ ਪੱਧਰ ਤੋਂ ਕੌਮੀ ਪੱਧਰ ਤੱਕ ਸੰਘਰਸ਼ ਦਾ ਬਿਗਲ ਵਜਾਇਆ ਜਾਵੇ। ਕਮਿਊਨਿਸਟ ਆਗੂ ਨੇ ਮੋਦੀ ਸਰਕਾਰ ਨੂੰ ਖਬਰਦਾਰ ਕਰਦਿਆਂ ਕਿਹਾ ਕਿ ਦੇਸ਼ ਵਿੱਚ 'ਬੀ ਜੇ ਪੀ ਹਟਾਓ, ਦੇਸ਼ ਬਚਾਓ' ਦਾ ਨਾਹਰਾ ਲੱਗ ਚੁੱਕਾ ਹੈ। ਇਸ ਨਾਹਰੇ ਤਹਿਤ ਸੰਘਰਸ਼ ਅੱਗੇ ਵਧਣਗੇ ਤੇ ਤਾਨਾਸ਼ਾਹੀ ਦਾ ਰਾਹ ਰੋਕਣਗੇ।

ਸੈਮੀਨਾਰ ਨੂੰ ਆਲ ਇੰਡੀਆ ਦਲਿਤ ਰਾਈਟਸ ਮੂਵਮੈਂਟ ਦੇ ਪ੍ਰਧਾਨ ਕੇ ਰਾਮਾਮੂਰਤੀ ਅਤੇ ਕੁਝ ਹੋਰ ਸਥਾਨਕ ਆਗੂਆਂ ਨੇ ਵੀ ਸੰਬੋਧਨ ਕੀਤਾ। 'ਦਲਿਤਾਂ ਹਾਕੂਲਾ ਪੋਰਾਤਾ ਸੰਮਤੀ ਤਿਲੰਗਾਨਾ' ਦੇ ਪ੍ਰਧਾਨ ਏ ਸੂ. ਰਤਨਮ ਨੇ ਬੁੱਧ, ਮਾਰਕਸ ਤੇ ਡਾ. ਭੀਮ ਰਾਓ ਅੰਬੇਡਕਰ ਦੇ ਦੱਸੇ ਰਾਹ 'ਤੇ ਤੁਰਨ ਲਈ ਪ੍ਰੇਰਨਾ

ਬਾਕੀ ਸਫ਼ਾ 2 'ਤੇ


ਸੈਮੀਨਾਰ ਨੂੰ ਸੰਬੋਧਨ ਕਰਦੇ ਹੋਏ ਵੀ ਐੱਸ ਨਿਰਮਲ, ਪ੍ਰਧਾਨਗੀ ਮੰਡਲ ਤੇ ਸਰੋਤੇ।

20-FEB-PAGE-3.qxd 2/19/2024 10:53 PM Page 1



# ਆਰਡੀ ਖੋਸਲਾ ਡੀ ਏ ਵੀ ਸਕੂਲ 'ਚ 41ਵਾਂ ਸਾਲਾਨਾ ਇਨਾਮ ਵੰਡ ਤੇ ਸੱਭਿਆਚਾਰਕ ਸਮਾਗਮ



**ਬਟਾਲਾ (ਡਾ. ਮਲਵਿੰਦਰ ਸਿੰਘ)**—ਆਰ. ਡੀ. ਖੋਸਲਾ ਡੀਏਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਵਿਖੇ 41ਵੇਂ ਸਾਲਾਨਾ ਇਨਾਮ ਵੰਡ ਅਤੇ ਸੱਭਿਆਚਾਰਕ ਸਮਾਗਮ ਭਾਗ-2 ਵਿੱਚ ਪ੍ਰੀ-ਨਰਸਰੀ ਤੋਂ ਤੀਸਰੀ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਰੰਗਾਰੰਗ ਪ੍ਰੋਗਰਾਮ ਪੇਸ਼ ਕਰਕੇ ਆਪਣੀ ਪ੍ਰਤਿਭਾ ਨਾਲ ਸਾਰਿਆਂ ਦਾ ਮਨ ਜਿੱਤ ਲਿਆ। ਪ੍ਰੋਗਰਾਮ ਦਾ ਉਦਘਾਟਨ ਮੁੱਖ ਮਹਿਮਾਨ ਮਾਨਯੋਗ ਕਰਨਲ ਏ. ਪੀ. ਸਿੰਘ, ਕਰਨਲ ਕੋਆਰਡੀਨੇਟਰ ਹੈੱਡਕੁਆਰਟਰ ਡੀ. ਜੀ. ਐੱਨ. ਸੀ. ਸੀ. ਨੇ ਜੋਤੀ ਜਗਾ ਕੇ ਕੀਤਾ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ, ਪ੍ਰਿੰਸ ਡਾ: ਬਿੰਦੂ ਭੱਲਾ ਅਤੇ ਪ੍ਰਬੰਧਕੀ ਕਮੇਟੀ ਮੈਂਬਰ, ਭੁਪਿੰਦਰ ਸਿੰਘ, ਵਰਿੰਦਰ ਕਾਂਸਰਾ, ਕਮਲ ਅਰੋੜਾ, ਮੋਨਿਕਾ ਖੋਸਲਾ ਅਤੇ ਮਨੀਸ਼ਾ ਖੋਸਲਾ ਨੇ ਜੋਤੀ ਜਗਾਉਣ ਵਿੱਚ ਸਹਿਯੋਗ ਕੀਤਾ।ਇਸ ਪ੍ਰੋਗਰਾਮ ਦਾ ਵਿਸ਼ਾ 'ਦਾਦਾ-ਦਾਦੀ ਨਾਨਾ-ਨਾਨੀ ਦੀਆਂ ਕਹਾਣੀਆਂ ਇਕ ਅਹਿਸਾਸ' ਸੀ। ਪ੍ਰਿੰ. ਡਾ: ਬਿੰਦੂ ਭੱਲਾ ਨੇ ਮੁੱਖ ਮਹਿਮਾਨ ਕਰਨਲ ਏ. ਪੀ. ਸਿੰਘ, ਪ੍ਰਬੰਧਕ ਕਮੇਟੀ ਦੇ ਮੈਂਬਰਾਂ, ਮਾਪਿਆਂ ਅਤੇ ਮੁੱਖ ਮਹਿਮਾਨ ਦੇ ਪਿਤਾ ਜਸਪਾਲ ਸਿੰਘ ਅਤੇ ਉਨ੍ਹਾਂ ਦੇ ਮਾਤਾ ਕੰਵਲਜੀਤ ਕੌਰ ਦਾ ਤਹਿ ਦਿਲੋਂ ਸਵਾਗਤ ਕੀਤਾ। ਸਕੂਲ ਦੀ ਸਾਲਾਨਾ ਰਿਪੋਰਟ ਪੜ੍ਹੀ ਗਈ। ਪ੍ਰੋਗਰਾਮ ਦੇ ਥੀਮ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਅੱਜਕੱਲ ਦੇ ਬੱਚੇ ਦਾਦਾ-ਦਾਦੀ ਤੇ ਨਾਨਾ-ਨਾਨੀ ਦੀਆਂ ਕਹਾਣੀਆਂ ਤੋਂ ਵੰਚਿਤ ਹੋ ਕੇ ਮੋਬਾਇਲ ਅਤੇ ਟੀਵੀ ਦੀ ਦੁਨੀਆ ਵਿੱਚ ਮਸਤ ਹੁੰਦੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਵਿੱਦਿਆ ਇਨਸਾਨ ਨੂੰ ਅਗਿਆਨਤਾ ਦੇ ਹਨੇਰੇ ਵਿੱਚੋਂ ਕੱਢ ਕੇ ਪ੍ਰਕਾਸ਼ ਵੱਲ ਲੈ ਕੇ ਜਾਂਦੀ ਹੈ। ਛੋਟੇ ਬੱਚੇ ਉਸ ਕੱਚੀ ਮਿੱਟੀ ਵਰਗੇ ਹੁੰਦੇ ਹਨ ਜਿਸ ਨੂੰ ਅਧਿਆਪਕ ਮਨ ਚਾਹਿਆ ਆਕਾਰ ਦੇ ਸਕਦੇ ਹਨ।ਇਸ ਲਈ ਬਚਪਨ ਵਿੱਚ ਹੀ ਬੱਚਿਆਂ ਦੇ ਮਨ ਵਿੱਚ ਅਜਿਹੇ ਗੁਣ ਵਿਕਸਿਤ ਕਰਨੇ ਚਾਹੀਦੇ ਹਨ ਜਿਸ ਨਾਲ ਉਨਾਂ ਦਾ ਆਤਮ ਵਿਸ਼ਵਾਸ ਵਧੇ ਤੇ ਉਹ ਆਪਣੇ ਉਦੇਸ਼ ਦੀ ਪ੍ਰਾਪਤੀ ਕਰ ਸਕਣ।ਛੋਟੇ-ਛੋਟੇ ਵਿਦਿਆਰਥੀਆਂ ਨੇ ਕਠਪੁਤਲੀ ਦੀਆਂ ਕਹਾਣੀਆਂ, ਸ਼ਿਵ ਵੰਦਨਾ, ਸ਼ਿਵ ਵਿਆਹ, ਸ਼੍ਰੀ ਗਣੇਸ਼, ਏਕਲਵਯ, ਕ੍ਰਿਸ਼ਨ-ਸੁਦਾਮਾ, ਦਸ ਅਵਤਾਰ, ਪ੍ਰਾਊਡ ਲਾਇਨੈਸ, ਟਾਰਜ਼ਨ, ਗੋਲਡਨ ਐੱਗ, ਲਾਇਨ ਐਂਡ ਮਾਊਸ, ਅਰਜੁਨ ਦਾ ਗੋਲ, ਭਗਤ ਪ੍ਰਹਿਲਾਦ, ਨਰਸਿਮ੍ਹਾ ਅਵਤਾਰ ਅਤੇ ਮਿਸ਼ਨ ਮੰਗਲ ਡਰਾਮਾ ਅਤੇ ਪ੍ਰੇਰਨਾਦਾਇਕ ਕਹਾਣੀਆਂ ਦੁਆਰਾ ਸਾਰਿਆਂ ਦਾ ਮਨੋਰੰਜਨ ਕੀਤਾ।ਪ੍ਰੋਗਰਾਮ ਦੇ ਅੰਤ 'ਚ ਸਕੂਲ ਚੇਅਰਮੈਨ, ਪ੍ਰੈਜ਼ੀਡੈਂਟ, ਪ੍ਰਿੰਸੀਪਲ ਤੇ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੰਡੇ।ਮੁੱਖ ਮਹਿਮਾਨ ਤੇ ਉਨ੍ਹਾਂ ਦੇ ਮਾਤਾ ਕੰਵਲਜੀਤ ਕੌਰ ਅਤੇ ਪਿਤਾ ਜਸਪਾਲ ਸਿੰਘ ਨੂੰ ਸ਼ਾਲ ਅਤੇ ਯਾਦਗਾਰੀ ਚਿੰਨ੍ਹ ਭੇਟ ਕੀਤਾ ਗਿਆ।

# ਸਤਿਗੁਰ ਰਵਿਦਾਸ ਮਹਾਰਾਜ ਦੇ ਗੁਰਪੁਰਬ ਸੰਬੰਧੀ ਵਿਸ਼ਾਲ ਨਗਰ ਕੀਰਤਨ



**ਅਲਾਵਲਪੁਰ (ਮਦਨ ਬੰਗੜ)**- ਜਗਤ ਗੁਰੂ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 647ਵੇਂ ਪ੍ਰਕਾਸ਼ ਪੁਰਬ ਸੰਬੰਧੀ ਪਿੰਡ ਕਿਸ਼ਨਗੜ੍ਹ ਵਿਖੇ ਗੁਰੂ ਰਵਿਦਾਸ ਨੌਜਵਾਨ ਸਭਾ, ਪਿੰਡ ਦੀ ਗ੍ਰਾਮ ਪੰਚਾਇਤ ਅਤੇ ਸਮੂਹ ਸਾਧ ਸੰਗਤ ਦੇ ਸਰਬ ਸਾਂਝੇ ਸਹਿਯੋਗ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਬੜੇ ਹੀ ਧੂਮ ਧਾਮ, ਸਤਿਕਾਰ ਅਤੇ ਸ਼ਰਧਾ ਸਹਿਤ ਸਜਾਇਆ ਗਿਆ। ਇਹ ਵਿਸ਼ਾਲ ਨਗਰ ਕੀਰਤਨ ਸ੍ਰੀ ਗੁਰੂ ਰਵਿਦਾਸ ਭਵਨ ਤੋਂ ਰਵਾਨਾ ਹੋ ਕੇ ਪਿੰਡ ਕਿਸ਼ਨਗੜ੍ਹ ਦੇ ਵਿੱਚੋਂ ਹੁੰਦਾ ਹੋਇਆ ਪਿੰਡ ਕਿਸ਼ਨਗੜ੍ਹ ਦੀ ਨਹਿਰ ਤੇ ਸਥਿਤ ਗੁਰਦੁਆਰਾ ਡੇਰਾ ਸਿੱਖਾਂ ਸ਼ਹੀਦਾਂ ਵਿਖੇ ਪਹੁੰਚਿਆ। ਇੱਥੇ ਡੇਰਾ ਪ੍ਰਬੰਧਕ ਕਮੇਟੀ ਵੱਲੋਂ ਵਿਸ਼ਾਲ ਨਗਰ ਕੀਰਤਨ ਅਤੇ ਸੰਗਤਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਉਪਰੰਤ ਡੇਰਾ ਸਿੱਖਾਂ ਸ਼ਹੀਦਾਂ ਵਿਖੇ ਧਾਰਮਿਕ ਦੀਵਾਨ ਸਜਾਏ ਗਏ। ਜਿਸ ਉਪਰੰਤ ਰਾਗੀ ਜਥੇ ਵੱਲੋਂ ਗੁਰੂ ਜਸ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਅਰਦਾਸ ਉਪਰੰਤ ਆਈਆਂ ਹੋਈਆਂ ਸੰਗਤਾਂ ਨੂੰ ਗੁਰੂ ਕੇ ਅਟੁੱਟ ਲੰਗਰ ਵਰਤਾਏ ਗਏ। ਇਸ ਵਿਸ਼ਾਲ ਨਗਰ ਕੀਰਤਨ ਦੌਰਾਨ ਪਿੰਡ ਕਿਸ਼ਨਗੜ੍ਹ ਦੀਆਂ ਸੰਗਤਾਂ ਅਤੇ ਸੇਵਾਦਾਰਾਂ ਵੱਲੋਂ ਵੱਖ-ਵੱਖ ਥਾਵਾਂ ਤੇ ਫਰੂਟਾਂ ਸਵਾਗਤ ਕੀਤਾ ਗਿਆ। ਇਸ ਮੌਕੇ ਸ੍ਰੀ ਗੁਰੂ ਰਵਿਦਾਸ ਨੌਜਵਾਨ ਸਭਾ ਦੇ ਪ੍ਰਧਾਨ ਰਿਟਾ: ਪ੍ਰਿੰਸੀਪਲ ਧਰਮਪਾਲ, ਸਰਪੰਚ ਕਰਮਜੀਤ ਕੌਰ, ਡਾ: ਗੁਰਬਖਸ਼ ਸਿੰਘ ਸਵਾਮੀ ਸਰਪੰਚ ਪਤੀ, ਭਾਈ ਪਿਆਰਾ ਸਿੰਘ, ਨਰਿੰਦਰ ਸਿੰਘ ਸੋਧੀ, ਕੇਵਲ ਕ੍ਰਿਸ਼ਨ ਸਾਬਕਾ ਪੰਚ, ਜਸਵਿੰਦਰ ਕੌਰ ਪੰਚ, ਅਮਨਦੀਪ ਸੋਨੂ, ਸੁਰਜੀਤ ਪਾਲ ਸਾਬਕਾ ਪੰਚ, ਅੰਮ੍ਰਿਤਪਾਲ ਸੋਧੀ, ਮਲਕੀਤ ਚੰਦ ਬੱਲੀ ਆਦਿ ਸਮੇਤ ਨਗਰ ਦੀਆਂ ਸਮੂਹ ਸਾਧ ਸੰਗਤਾਂ ਹਾਜ਼ਰ ਸਨ।

# ਬੀ ਕੇ ਯੂ ਵੱਲੋਂ ਧਰਨਾ ਜਾਰੀ



ਧਰਨੇ ਦੌਰਾਨ ਕਿਸਾਨ ਆਗੂ

**ਸ਼ਾਹਕੋਟ (ਗਿਆਨ ਸੈਦਪੁਰੀ)** ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਜਲੰਧਰ ਵੱਲੋਂ ਤੀਜੇ ਦਿਨ ਵੀ ਜਲੰਧਰ-ਬਰਨਾਲਾ ਹਾਈਵੇਅ ਨੰ. 703 'ਤੇ ਸਥਿਤ ਚੱਕ ਬਾਹਮਣੀਆਂ ਟੋਲ ਪਲਾਜ਼ਾ ਨੂੰ ਟੋਲ ਫ੍ਰੀ ਰੱਖਿਆ ਗਿਆ। ਕਿਸਾਨ ਜਥੇਬੰਦੀਆਂ ਵੱਲੋਂ ਹਰਿਆਣਾ-ਪੰਜਾਬ ਬਾਰਡਰ ਤੇ ਚੱਲ ਰਹੇ ਸੰਘਰਸ਼ ਦੇ ਸਮਰਥਨ ਵਿੱਚ ਭਾਜਪਾ ਲੀਡਰਾਂ ਦੇ ਘਰਾਂ ਅੱਗੇ ਚੱਲ ਰਹੇ ਪ੍ਰਦਰਸ਼ਨ ਅਤੇ ਟੋਲ ਪਲਾਜ਼ੇ ਫ੍ਰੀ ਰੱਖਣ ਦਾ ਸੰਘਰਸ਼ 22 ਫਰਵਰੀ ਤੱਕ ਜਾਰੀ ਰਹੇਗਾ। ਧਰਨੇ ਨੂੰ ਜ਼ਿਲ੍ਹਾ ਪ੍ਰਧਾਨ ਮੋਹਣ ਸਿੰਘ ਬੱਲ, ਗੁਰਚਰਨ ਸਿੰਘ ਚਾਹਲ ਅਤੇ ਬਲਕਾਰ ਸਿੰਘ ਫਾਜ਼ਲਵਾਲ ਨੇ ਨੇ ਸੰਬੋਧਨ ਕੀਤਾ। ਚੱਲ ਰਹੇ ਕਿਸਾਨੀ ਸੰਘਰਸ਼ ਦੌਰਾਨ ਸ਼ਹੀਦ ਹੋਏ ਕਿਸਾਨਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਬੁਲਾਰਿਆਂ ਨੇ ਦੱਸਿਆ ਕਿ ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਜ਼ਿਲ੍ਹਾ ਪਟਿਆਲਾ ਦੀ ਪਿੰਡ-ਇਕਾਈ ਬਠੋਈ ਕਲਾਂ ਦੇ ਜੁਝਾਰੂ ਸਾਥੀ ਨਰਿੰਦਰ ਪਾਲ ਪੁੱਤਰ ਰਾਮ ਰਤਨ ਐਤਵਾਰ ਸ਼ਾਮ ਨੂੰ ਕੈਪਟਨ ਅਮਰਿੰਦਰ ਸਿੰਘ ਦੇ ਮਹਿਲ ਅੱਗੇ ਲੱਗੇ ਮੋਰਚੇ ਤੋਂ ਘਰ ਵਾਪਸ ਪਰਤਦਿਆਂ ਅਚਾਨਕ ਤਬੀਅਤ ਖ਼ਰਾਬ ਹੋ ਗਈ। ਉਸ ਤੋਂ ਬਾਅਦ ਇਲਾਜ ਲਈ ਰਾਜਿੰਦਰਾ ਹਸਪਤਾਲ ਪਟਿਆਲਾ ਵਿਖੇ ਲਿਆਂਦਾ ਗਿਆ ਤਾਂ ਤਕਰੀਬਨ 10:30 ਵਜੇ ਸਾਥੀ ਨੂੰ ਡਾਕਟਰਾਂ ਵੱਲੋਂ ਮ੍ਰਿਤਕ ਘੋਸ਼ਤ ਕਰ ਦਿੱਤਾ ਗਿਆ। ਸਾਥੀ ਨਰਿੰਦਰ ਪਾਲ ਦੇ ਬੇਵਕਤ ਵਿਛੋੜੇ 'ਤੇ ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਦੇ ਆਗੂਆਂ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਧਰਨੇ ਵਿੱਚ ਗੁਰਜੀਤ ਸਿੰਘ, ਸਤਨਾਮ ਸਿੰਘ, ਨਰਿੰਦਰ ਸਿੰਘ, ਸੁਖਪਾਲ ਸਿੰਘ ਰਾਏ,ਜੀਵਨ ਸਿੰਘ, ਹਰਜਿੰਦਰ ਸਿੰਘ, ਸਾਧੂ ਸਿੰਘ, ਗੁਰਮੇਜ ਸਿੰਘ, ਗੁਰਮੀਤ ਸਿੰਘ, ਸਵਰਨ ਸਿੰਘ, ਗੁਰਮੁੱਖ ਸਿੰਘ, ਨਿਰਮਲ ਸਿੰਘ, ਬਲਦੇਵ ਸਿੰਘ, ਜਸਪਾਲ ਸਿੰਘ ਆਦਿ ਹਾਜ਼ਰ ਸਨ।

# ਸ਼ੇਰਗਿੱਲ ਵੱਲੋਂ ਮਿਊਨਿਖ ਸੁਰੱਖਿਆ ਕਾਨਫਰੰਸ 'ਚ ਪ੍ਰਧਾਨ ਮੰਤਰੀ ਦੇ ਯਤਨਾਂ ਦੀ ਸ਼ਲਾਘਾ



**ਚੰਡੀਗੜ੍ਹ, (ਗੁਰਜੀਤ ਬਿੱਲਾ)** ਭਾਜਪਾ ਦੇ ਕੌਮੀ ਬੁਲਾਰੇ ਜੈਵੀਰ ਸ਼ੇਰਗਿੱਲ ਨੂੰ 16 ਤੋਂ 18 ਫਰਵਰੀ ਤੱਕ ਜਰਮਨੀ ਦੇ ਮਿਊਨਿਖ ਸ਼ਹਿਰ ਵਿੱਚ ਹੋਈ ਤਿੰਨ-ਰੋਜ਼ਾ ਮਿਊਨਿਖ ਸੁਰੱਖਿਆ ਕਾਨਫਰੰਸ ਵਿੱਚ ਸੱਦਾ ਦਿੱਤਾ ਗਿਆ, ਜਿਸ ਦੌਰਾਨ ਉਨ੍ਹਾਂ ਤਿੰਨ ਤੋਂ ਚਾਰ ਅਹਿਮ ਪ੍ਰੋਗਰਾਮਾਂ ਬਾਰੇ ਗੱਲਬਾਤ ਕੀਤੀ। ਇਸ ਕਾਨਫਰੰਸ ਵਿੱਚ ਦੁਨੀਆ ਭਰ ਦੇ ਡਿਪਲੋਮੈਟਾਂ, ਨੇਤਾਵਾਂ ਅਤੇ ਨੀਤੀ ਨਿਰਮਾਤਾਵਾਂ ਨੇ ਹਿੱਸਾ ਲਿਆ। ਕਾਨਫਰੰਸ ਵਿੱਚ ਮੌਜੂਦ ਪ੍ਰਮੁੱਖ ਸ਼ਖ਼ਸੀਅਤਾਂ ਵਿੱਚ ਵਿਸ਼ਵ ਦੇ ਵੱਖ-ਵੱਖ ਦੇਸ਼ਾਂ ਦੇ ਪ੍ਰਧਾਨ ਮੰਤਰੀਆਂ ਅਤੇ ਰਾਸ਼ਟਰਪਤੀਆਂ ਸਮੇਤ ਭਾਰਤ ਦੇ ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ, ਅਮਰੀਕਾ ਦੇ ਉਪ ਰਾਸ਼ਟਰਪਤੀ ਕਮਲਾ ਹੈਰਿਸ, ਚੀਨ ਦੇ ਵਿਦੇਸ਼ ਮੰਤਰੀ ਵਾਂਗ ਯੀ, ਯੂਕਰੇਨ ਦੇ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੇਂਸਕੀ, ਯੂਕਰੇਨ ਦੇ ਵਿਦੇਸ਼ ਮੰਤਰੀ ਦਮਿਤਰੋ ਕੁਲੇਬਾ ਅਤੇ ਗੂਗਲ ਦੇ ਸੀਈਓ ਸੁੰਦਰ ਪਿਚਾਈ ਵੀ ਮੌਜੂਦ ਸਨ।

ਕਾਨਫਰੰਸ ਦੌਰਾਨ ਸ਼ੇਰਗਿੱਲ ਨੇ ਕਿਹਾ ਕਿ ਇਹ ਸਪੱਸ਼ਟ ਹੈ ਕਿ ਅੱਜ ਦੁਨੀਆ ਇਹ ਜਾਣਨ ਲਈ ਉਤਸੁਕ ਹੈ ਕਿ ਕਿਵੇਂ ਭਾਰਤ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਹੇਠ ਸਭ ਤੋਂ ਤੇਜ਼ੀ ਨਾਲ ਵਧ ਰਹੀ ਅਰਥ ਵਿਵਸਥਾ ਬਣ ਗਿਆ ਹੈ ਅਤੇ ਕਿਵੇਂ ਮਹਾਂਮਾਰੀ ਅਤੇ ਹੋਰ ਰੁਕਾਵਟਾਂ ਦੇ ਬਾਵਜੂਦ ਭਾਰਤ ਨਿਵੇਸ਼ ਦਾ ਕੇਂਦਰ ਬਣ ਗਿਆ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਵਿੱਚ ਭਾਰਤ ਦੇ ਵਿਕਾਸ ਦੇ ਰਾਹ ਬਾਰੇ ਕਾਨਫਰੰਸ ਵਿੱਚ ਸਪਸ਼ਟ ਤੌਰ 'ਤੇ ਸਨਮਾਨ ਅਤੇ ਉਤਸੁਕਤਾ ਸੀ। ਸ਼ੇਰਗਿੱਲ ਨੇ ਦੱਸਿਆ ਕਿ ਕਾਨਫਰੰਸ ਦੌਰਾਨ ਵਿਸ਼ਵ ਭਰ ਵਿੱਚ ਚੱਲ ਰਹੇ ਮੁੱਦਿਆਂ 'ਤੇ ਵੀ ਚਰਚਾ ਕੀਤੀ ਗਈ।

ਸ਼ੇਰਗਿੱਲ ਨੇ ਆਪਣੇ ਸੰਬੋਧਨ 'ਚ ਇਹ ਵੀ ਕਿਹਾ ਕਿ ਨੇਬਰਹੁੱਡ ਫਸਟ ਨੀਤੀ 'ਤੇ ਜ਼ੋਰ ਦਿੰਦਿਆਂ, ਇੰਡੋ-ਪੈਸੀਫਿਕ 'ਚ ਨੇਟ-ਸੁਰੱਖਿਆ ਪ੍ਰਦਾਨ ਕਰਨ ਵਾਲਾ ਬਣ ਕੇ ਅਤੇ ਮੱਧ ਪੂਰਬ ਤੇ ਪੱਛਮ ਨਾਲ ਮਿਲ ਕੇ ਕੰਮ ਕਰਨ ਨਾਲ ਭਾਰਤ ਸਾਰੇ ਖੇਤਰਾਂ 'ਚ ਫਰੰਟ ਫੁੱਟ 'ਤੇ ਅੱਗੇ ਵਧ ਰਿਹਾ ਹੈ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਭਾਰਤ ਦੀ ਵਿਦੇਸ਼ ਨੀਤੀ ਕਿਸੇ ਦਾ ਪੱਖ ਲੈਣ ਬਾਰੇ ਨਹੀਂ ਹੈ, ਸਗੋਂ ਰਣਨੀਤਕ ਖ਼ੁਦਮੁਖ਼ਤਿਆਰੀ ਤੇ ਦੂਰੀਆਂ ਨੂੰ ਮਿਟਾਉਣ ਦੀ ਹੈ।

ਸ਼ੇਰਗਿੱਲ ਨੇ ਜ਼ੋਰ ਦਿੰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦਾ ਸੰਦੇਸ਼ ਸਪੱਸ਼ਟ ਹੈ ਕਿ ਭਾਰਤ ਸ਼ਾਂਤੀ, ਕਾਨੂੰਨ ਦੇ ਸ਼ਾਸਨ, ਤਰੱਕੀ ਅਤੇ ਸਵੱਛ ਵਾਤਾਵਰਣ ਦੇ ਹੱਕ ਵਿੱਚ ਹੈ। ਉਨ੍ਹਾਂ ਨੇ ਮੋਦੀ ਦੀ ਅਗਵਾਈ ਵਿੱਚ ਭਾਰਤ ਦੇ ਬੇਮਿਸਾਲ ਆਰਥਿਕ ਵਿਕਾਸ ਅਤੇ ਗਲੋਬਲ ਸਾਊਥ ਦੀ ਆਵਾਜ਼ ਵਜੋਂ ਇਸਦੇ ਉਭਰਨ ਬਾਰੇ ਵੀ ਗੱਲ ਕੀਤੀ।

# ਚੋਰੀ ਦੀ ਨੀਅਤ ਨਾਲ ਬੈਂਕ ਅੰਦਰ ਵੜਿਆ ਵਿਅਕਤੀ ਚੜ੍ਹਿਆ ਪੁਲਸ ਅੜਿੱਕੇ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਦੀਨਾਨਗਰ ਦੀ ਬ੍ਰਾਂਚ ਪੰਜਾਬ ਨੈਸ਼ਨਲ ਬੈਂਕ ਦੀ ਕੰਧ ਪਾੜ ਕੇ ਚੋਰੀ ਦੀ ਨੀਅਤ ਨਾਲ ਅੰਦਰ ਵੜਿਆ ਵਿਅਕਤੀ ਦੀਨਾਨਗਰ ਪੁਲਸ ਨੇ ਕਾਬੂ ਕੀਤਾ। ਉਸ ਦੇ ਕੋਲੋਂ ਇੱਕ ਗੋਲ ਹਥੌੜਾ, ਇੱਕ ਹਥੌੜੀ, ਤਿੰਨ ਲੋਹੇ ਦੇ ਬਲੇਡ, ਇੱਕ ਸੂਆ, ਇੱਕ ਕਟਰ, ਸ਼ੈਣੀ ਅਤੇ ਤਿੰਨ ਪੇਚਕਸ ਬਰਾਮਦ ਹੋਏ। ਜਾਣਕਾਰੀ ਦਿੰਦੇ ਹੋਏ ਬੈਂਕ ਮੈਨੇਜਰ ਦਵਿੰਦਰ ਵਿਸ਼ਿਸ਼ਟ ਨੇ ਦੱਸਿਆ ਕਿ ਰੋਜ਼ਾਨਾ ਦੀ ਤਰ੍ਹਾਂ ਕਰੀਬ ਸ਼ਾਮ 5.30 ਵਜੇ ਬੈਂਕ ਬੰਦ ਕਰਕੇ ਮੇਨ ਗੇਟ ਨੂੰ ਤਾਲਾ ਲਾ ਕੇ ਸਟਾਫ ਘਰ ਚਲ ਗਏ ਸੀ। 18 ਫਰਵਰੀ 2024 ਦੀ ਰਾਤ ਨੂੰ 02.30 ਦੇ ਕਰੀਬ ਟੀਮ ਲੀਡਰ ਹੈਦਰਾਬਾਦ ਤੋਂ ਇਕ ਟੈਲੀਫੋਨ ਆਇਆ ਜਿਨ੍ਹਾਂ ਦੱਸਿਆ ਕਿ ਤੁਹਾਡੇ ਬੈਂਕ ਅੰਦਰ ਕੋਈ ਅਣਜਾਣ ਵਿਅਕਤੀ ਵੜ ਗਿਆ ਹੈ ਜਿਸਨੇ ਆਪਣਾ ਮੂੰਹ ਮਾਸਕ ਨਾਲ ਢਕਿਆ ਹੋਇਆ ਹੈ ਅਤੇ ਸਟਾਫ ਰੂਮ ਦੇ ਬਾਹਰ ਖੜ੍ਹਾ ਹੈ। ਫੋਨ ਆਉਣ ਤੋਂ ਬਾਅਦ ਤੁਰੰਤ ਹੀ ਪੁਲਸ ਨੂੰ ਸੂਚਿਤ ਕੀਤਾ ਗਿਆ।

ਪੁਲਸ ਪਾਰਟੀ ਨੇ ਮੌਕੇ 'ਤੇ ਪਹੁੰਚ ਕੇ ਚੋਰ ਨੂੰ ਕਾਬੂ ਕਰ ਲਿਆ। ਚੋਰੀ ਕਰਨ ਆਏ ਨੌਜਵਾਨ ਕੋਲ ਪਿੱਠੂ ਬੈਗ ਸੀ ਜਿਸ ਨੂੰ ਚੈੱਕ ਕੀਤਾ ਗਿਆ ਉਸ ਵਿੱਚੋਂ ਚੋਰੀ ਕਰਨ ਵਾਲਾ ਸਾਮਾਨ ਬਰਾਮਦ ਹੋਇਆ। ਚੋਰ ਦੀ ਪਹਿਚਾਣ ਰੋਹਿਤ ਕੁਮਾਰ ਪੁੱਤਰ ਬਚਨ ਲਾਲ ਵਾਸੀ ਮਦਾਰਪੁਰ ਥਾਣਾ ਤਾੜਾਗੜ੍ਹ ਜ਼ਿਲਾ ਪਠਾਨਕੋਟ ਵਜੋਂ ਹੋਈ ਹੈ। ਪੁਲਸ ਨੇ ਚੋਰ ਨੂੰ ਗ੍ਰਿਫਤਾਰ ਕਰ ਕੇ ਉਸ ਉਪਰ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# ਮਕੌੜਾ ਪੱਤਣ 'ਤੇ ਪੁਲ ਦੇ ਨਿਰਮਾਣ 'ਚ ਦੇਰੀ ਕਾਰਨ ਕਿਸਾਨਾਂ ਤੇ ਲੋਕਾਂ 'ਚ ਭਾਰੀ ਰੋਸ



**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਕਿਰਤੀ ਕਿਸਾਨ ਯੂਨੀਅਨ ਦੀ ਅਗਵਾਈ ਵਿੱਚ ਰਾਵੀ ਦਰਿਆ ਤੋਂ ਪਾਰਲੇ ਪਿੰਡ ਪਰਿਆਲ, ਲਸਿਆਣ, ਮੰਮੀ ਚੱਕਰੰਗਾ, ਕੁੱਕਰ, ਤੁਰਬਾਨੀ, ਰਾਜਪੁਰ ਚਿਬ ਲਸਿਆਣ ਅਤੇ ਕਜਲੇ ਚੁੰਬਰ ਦੇ ਮੋਹਤਬਰ ਵਿਅਕਤੀਆਂ ਤੇ ਕਿਸਾਨਾਂ ਦੀ ਬਿਕਰਮਜੀਤ ਸਿੰਘ ਬਿੱਕਾ ਅਤੇ ਅਮਰੀਕ ਸਿੰਘ ਭਰਿਆਲ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ। ਮੀਟਿੰਗ ਵਿੱਚ ਪੰਜਾਬ ਸਰਕਾਰ ਅਤੇ ਜ਼ਿਲ੍ਹਾਂ ਪ੍ਰਸ਼ਾਸਨ ਗੁਰਦਾਸਪੁਰ ਦੇ ਰਾਵੀ ਦਰਿਆ ਮਕੌੜਾ ਪੱਤਣ ਉਤੇ ਪੁਲ ਦੇ ਨਿਰਮਾਣ ਵਿੱਚ ਵੱਖ-ਵੱਖ ਬਹਾਨੇ ਲਾ ਕੇ ਟਾਲ-ਮਟੋਲ ਕਰਨ ਦੀ ਨੀਤੀ ਦੀ ਸਖਤ ਆਲੋਚਨਾ ਕੀਤੀ ਗਈ ।ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਸਤਬੀਰ ਸਿੰਘ ਸੁਲਤਾਨੀ ਅਤੇ ਜ਼ਿਲ੍ਹਾ ਪ੍ਰਧਾਨ ਤਰਲੋਕ ਸਿੰਘ ਬਹਿਰਾਮਪੁਰ ਨੇ ਕਿਹਾ ਕਿ ਮਕੌੜਾ ਪੱਤਣ ਰਾਵੀ ਦਰਿਆ 'ਤੇ ਪੁਲ ਦਾ ਨਿਰਮਾਣ ਕਰਨ ਲਈ ਕੇਂਦਰ ਸਰਕਾਰ ਦੇ ਸੜਕੀ ਆਵਾਜਾਈ ਅਤੇ ਹਾਈਵੇਜ ਮੰਤਰਾਲੇ ਵੱਲੋਂ 18-08-2021 ਨੂੰ ਪੱਤਰ ਜਾਰੀ ਕਰਕੇ ਪੁਲ ਬਣਾਉਣ ਦੀ ਮਨਜ਼ੂਰੀ ਅਤੇ ਇਸ ਪ੍ਰੋਜੈਕਟ ਉਤੇ ਆਉਣ ਵਾਲੀ ਲਾਗਤ ਦੇ 100 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਭੇਜੀ ਜਾ ਚੁੱਕੀ ਹੈ ਅਤੇ ਪੰਜਾਬ ਸਰਕਾਰ ਵੱਲੋਂ ਵੀ 5-4-2022 ਨੂੰ ਇਸ ਪ੍ਰੋਜੈਕਟ ਲਈ ਪ੍ਰਬੰਧਕੀ ਮਨਜ਼ੂਰੀ ਦਾ ਪੱਤਰ ਜਾਰੀ ਕੀਤਾ ਜਾ ਚੁੱਕਾ ਹੈ, ਪਰ ਇਸ ਦੇ ਬਾਵਜੂਦ ਵੀ ਦੋ ਸਾਲ ਤੋਂ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਅਤੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੂੰ ਮਿਲਣ ਅਤੇ ਧਰਨੇ ਦੇਣ ਉਪਰੰਤ ਵੀ ਵੱਖ-ਵੱਖ ਬਹਾਨਿਆਂ ਹੇਠ ਮਕੌੜਾ ਪੱਤਣ ਤੇ ਪੁਲ ਦੇ ਨਿਰਮਾਣ ਦਾ ਕੰਮ ਲਮਕਾਇਆ ਜਾ ਰਿਹਾ ਹੈ ਜਿਸ ਕਰਕੇ ਲੋਕਾਂ ਵਿੱਚ ਭਾਰੀ ਰੋਸ਼ ਪਾਇਆ ਜਾ ਰਿਹਾ ਹੈ, ਕਿਉਂਕਿ ਜਿੱਥੇ ਲੋਕਾਂ ਨੂੰ ਬਰਸਾਤ ਦੇ ਦਿਨਾਂ ਵਿੱਚ ਆਉਣ ਜਾਣ ਵਿੱਚ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਇਲਾਕੇ ਦਾ ਗੰਨਾ ਖੰਡ ਮਿੱਲਾਂ ਤੱਕ ਲਈ ਜਾਣ ਲਈ ਕਈ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ 21 ਫਰਵਰੀ ਨੂੰ ਗਵਰਨਰ ਪੰਜਾਬ ਰਾਵੀ ਪਾਰਲੇ ਪਿੰਡਾਂ ਵਿੱਚ ਸਰਹੱਦੀ ਇਲਾਕੇ ਦੀਆਂ ਦੁੱਖ ਤਕਲੀਫਾਂ ਸੁਣਨ ਆ ਰਹੇ ਹਨ ਉਸ ਦਿਨ ਕਿਰਤੀ ਕਿਸਾਨ ਯੂਨੀਅਨ ਦੀ ਅਗਵਾਈ ਵਿੱਚ ਲੋਕਾਂ ਦਾ ਜਨਤਕ ਵਫਦ ਗਵਰਨਰ ਪੰਜਾਬ ਨੂੰ ਉਕਤ ਮੰਗਾਂ ਸਮੇਤ ਇਲਾਕੇ ਦੀਆਂ ਜਰੂਰੀ ਮੰਗਾਂ ਦਾ ਮੰਗ ਪੱਤਰ ਦੇਵੇਗਾ।

# ਰੈੱਡ ਕਰਾਸ ਵੱਲੋਂ ਮੈਡੀਕਲ ਚੈਕਅੱਪ ਕੈਂਪ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਕ੍ਰਿਸ਼ਨ ਗਰਗ)**-ਡਿਪਟੀ ਕਮਿਸ਼ਨਰ ਸ੍ਰੀਮਤੀ ਆਸ਼ਿਕਾ ਜੈਨ ਦੇ ਦਿਸ਼ਾ-ਨਿਰਦੇਸ਼ਾਂ ਦੇ ਅਨੁਸਾਰ ਜਿਲ੍ਹਾ ਰੈਡ ਕਰਾਸ ਸ਼ਾਖਾ, ਐਸ ਏ ਐਸ ਨਗਰ ਵੱਲੋਂ ਕੇਂਦਰੀ ਵਿਦਿਆਲਿਆ, ਸੈਕਟਰ-80, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ ਮੈਡੀਕਲ ਚੈਕਅੱਪ ਕੈਂਪ ਅਤੇ ਫਸਟ ਏਡ ਟ੍ਰੇਨਿੰਗ ਕੈਂਪ ਲਗਾਇਆ ਗਿਆ।ਮੈਡੀਕਲ ਚੈਕਅੱਪ ਕੈਂਪ ਵਿੱਚ ਸਿਵਲ ਹਸਪਤਾਲ, ਫੇਜ਼-6, ਮੋਹਾਲੀ ਦੀ ਟੀਮ ਵੱਲੋਂ ਸਕੂਲ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਦਾ ਮੁਫਤ ਚੈਕਅੱਪ ਕੀਤਾ ਗਿਆ, ਜਿਸ 'ਚ ਮੁੱਖ ਤੌਰ ਤੇ ਅੱਖਾਂ ਅਤੇ ਦੰਦਾਂ ਦਾ ਚੈੱਕ ਅੱਪ ਕੀਤਾ ਗਿਆ ਅਤੇ ਸੰਦੀਪ ਸਿੰਘ, ਲੈਕਚਰਾਰ ਵੱਲੋਂ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਫਸਟ ਏਡ ਬਾਰੇ ਜਾਣੂ ਕਰਵਾਇਆ ਗਿਆ। ਇਸ ਮੌਕੇ ਹਰਬੰਸ ਸਿੰਘ, ਸਕੱਤਰ ਰੈਡ ਕਰਾਸ ਵਲੋਂ ਵਿਦਿਆਰਥੀਆਂ ਨੂੰ ਡਿਪਟੀ ਕਮਿਸ਼ਨਰ ਦੀ ਰਹਿਨੁਮਾਈ ਹੇਠ ਰੈਡ ਕਰਾਸ ਵੱਲੋਂ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਚਲਾਈਆਂ ਜਾ ਰਹੀਆ ਗਤੀਵਿਧੀਆ ਜਿਵੇ ਕਿ ਫਸਟ ਏਡ ਟ੍ਰੇਨਿੰਗ, ਪੇਸ਼ੈਂਟ ਕੇਅਰ ਅਟੈਂਡੈਂਟ ਸਰਵਿਸ, ਜਨ ਔਸ਼ਧੀ ਸਟੋਰਾਂ ਆਦਿ ਦੀ ਸਹੂਲਤ ਬਾਰੇ ਜਾਣੂ ਕਰਵਾਇਆ। ਇਸ ਦੇ ਨਾਲ ਹੀ ਕੇਂਦਰੀ ਵਿਦਿਆਲਿਆ ਦੇ ਪ੍ਰਿੰਸੀਪਲ ਸ੍ਰੀ ਜਗੇਸ਼ਵਰ ਵਲੋਂ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ, ਨਸ਼ਿਆ ਤੋਂ ਬਚਣ, ਪਾਣੀ ਦੀ ਦੁਰਵਰਤੋਂ ਨਾ ਕਰਨ, ਮਾਂ-ਬਾਪ ਦਾ ਸਤਿਕਾਰ ਕਰਨ ਆਦਿ ਸਬੰਧੀ ਵੀ ਲੈਕਚਰ ਦੇ ਕੇ ਉਤਸ਼ਾਹਿਤ ਕੀਤਾ ਗਿਆ। ਇਸ ਕੈਂਪ ਦੌਰਾਨ ਲਗਭਗ 600 ਵਿਦਿਆਰਥੀ/ਅਧਿਆਪਕਾਂ ਦਾ ਮੈਡੀਕਲ ਚੈੱਕ ਅੱਪ ਕੀਤਾ ਗਿਆ।

# ਖੋਜ ਲੇਖ 'ਚ ਯੋਗਦਾਨ ਪਾਉਣ ਸਦਕਾ ਖਾਲਸਾ ਕਾਲਜ ਦਾ ਵਿਸ਼ਾਲ ਚੌਧਰੀ ਸਨਮਾਨਿਤ



**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ)**-ਖ਼ਾਲਸਾ ਕਾਲਜ ਦੇ ਵਿਦਿਆਰਥੀ ਵੱਲੋਂ ਕੈਮਿਸਟਰੀ ਸਿਲੈਕਟ, ਵਿਲੀ ਜਰਨਲ 'ਚ ਪ੍ਰਕਾਸ਼ਿਤ 'ਚੈਲਕੋਨਸ: ਪੋਟੈਂਟ ਸਿੰਥੈਂਨਜ਼ ਫ਼ਾਰ ਮਲਟੀ-ਸੈਲ ਲਾਈਨ ਐਂਟੀ-ਕੈਂਸਰ ਥੈਰੇਪੀ' ਸਿਰਲੇਖ ਵਾਲੇ ਖੋਜ ਲੇਖ 'ਚ ਯੋਗਦਾਨ ਪਾਇਆ ਗਿਆ ਹੈ। ਇਸ ਪ੍ਰਾਪਤੀ ਲਈ ਕਾਲਜ ਪ੍ਰਿੰ. ਡਾ. ਮਹਿਲ ਸਿੰਘ ਵੱਲੋਂ ਵਿਦਿਆਰਥੀ ਵਿਸ਼ਾਲ ਚੌਧਰੀ ਨੂੰ ਸਨਮਾਨਿਤ ਕੀਤਾ ਗਿਆ। ਇਸ ਸਬੰਧੀ ਪ੍ਰਿੰ: ਡਾ. ਮਹਿਲ ਸਿੰਘ ਨੇ ਵਧਾਈ ਦਿੰਦਿਆਂ ਜਾਣਕਾਰੀ ਦਿੱਤੀ ਕਿ ਵਿਸ਼ਾਲ ਚੌਧਰੀ ਬੀ. ਐੱਸ. ਸੀ. (ਮੈਡੀਕਲ) ਸਮੈਸਟਰ ਛੇਵੇਂ ਦਾ ਹੋਣਹਾਰ ਵਿਦਿਆਰਥੀ ਹੈ। ਉਨ੍ਹਾਂ ਕਿਹਾ ਕਿ ਡਾ. ਜਸਨੀਤ ਕੌਰ ਅਤੇ ਡਾ. ਅਮਿਤ ਆਨੰਦ ਦੀ ਅਗਵਾਈ ਹੇਠ ਵਿਸ਼ਾਲ ਚੌਧਰੀ ਦੀ ਸ਼ਮੂਲੀਅਤ ਅੰਡਰ-ਗ੍ਰੈਜੂਏਟ ਪੱਧਰ 'ਤੇ ਵੀ ਖੋਜ-ਮੁਖੀ ਸਿੱਖਿਆ ਨੂੰ ਉਤਸ਼ਾਹਿਤ ਕਰਨ ਲਈ ਕਾਲਜ ਦੀ ਵਚਨਬੱਧਤਾ ਉਜਾਗਰ ਕਰਦਾ ਹੈ। ਉਨ੍ਹਾਂ ਨੇ ਵਿਦਿਆਰਥੀ ਨੂੰ ਭਵਿੱਖ 'ਚ ਹੋਰ ਉੱਚੀਆਂ ਪ੍ਰਾਪਤੀਆਂ ਲਈ ਸਖ਼ਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਪ੍ਰਿੰ: ਡਾ. ਮਹਿਲ ਸਿੰਘ ਨੇ ਆਪਣੇ ਦਫ਼ਤਰ ਵਿਖੇ ਅਕਾਦਮਿਕ ਮਾਮਲੇ ਡੀਨ ਡਾ. ਤਮਿੰਦਰ ਸਿੰਘ ਭਾਟੀਆ ਨਾਲ ਮਿਲ ਕੇ ਵਿਸ਼ਾਲ ਚੌਧਰੀ ਨੂੰ ਸਨਮਾਨਿਤ ਕੀਤਾ।

ਇਸ ਮੌਕੇ ਡਾ. ਭਾਟੀਆ ਨੇ ਕਿਹਾ ਕਿ ਅਜਿਹੀ ਮਾਨਤਾ ਨਾ ਸਿਰਫ਼ ਵਿਅਕਤੀਗਤ ਪ੍ਰਾਪਤੀਆਂ ਦੀਆਂ ਖੁਸ਼ੀਆਂ ਸਾਂਝੀਆਂ ਕਰਦੀਆਂ ਹਨ, ਬਲਕਿ ਆਪਣੇ ਵਿਦਿਆਰਥੀਆਂ 'ਚ ਅਕਾਦਮਿਕ ਉੱਤਮਤਾ ਅਤੇ ਨਵੀਨਤਾ ਨੂੰ ਉਤਸ਼ਾਹਿਤ ਕਰਨ ਲਈ ਸੰਸਥਾ ਦੀ ਵਚਨਬੱਧਤਾ ਨੂੰ ਵੀ ਦਰਸਾਉਂਦੀ ਹੈ।

ਉਨ੍ਹਾਂ ਕਿਹਾ ਕਿ ਵਿਸ਼ਾਲ ਦੀ ਪ੍ਰਾਪਤੀ ਕਾਲਜ ਦੇ ਵਿੱਦਿਅਕ ਮਾਹੌਲ 'ਚ ਪੈਦਾ ਹੋਈ ਸਮਰੱਥਾ ਅਤੇ ਪ੍ਰਤਿਭਾ ਦਾ ਪ੍ਰਮਾਣ ਹੈ

# ਵਧੀਆ ਸੁਰੱਖਿਆ ਸੇਵਾਵਾਂ ਦੇਣ ਬਦਲੇ ਥਾਣਾ ਮੁਖੀ ਸਰਬਜੀਤ ਸਿੰਘ ਦਾ ਸਨਮਾਨ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**-ਸਿੱਖਾਂ ਦੇ 9ਵੇਂ ਗੁਰੂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਚਰਨ ਛੋਹ ਪ੍ਰਾਪਤ ਇਤਿਹਾਸਕ ਗੁਰਦੁਆਰਾ ਕੋਠਾ ਸਾਹਿਬ ਵੱਲਾ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਜੋੜ ਮੇਲਾ ਮਨਾਇਆ ਜਾ ਰਿਹਾ ਹੈ।6 ਫਰਵਰੀ ਤੋਂ ਸ਼ੁਰੂ ਹੋਏ ਇੱਕ ਮਹੀਨੇ ਤੋਂ ਵੱਧ ਸਮੇਂ ਤੱਕ ਚੱਲਣ ਵਾਲੇ ਇਸ ਮੇਲੇ ਵਿੱਚ ਦੇਸ਼ ਭਰ ਅਤੇ ਆਸ-ਪਾਸ ਦੇ ਪਿੰਡਾਂ ਤੋਂ ਲੱਖਾਂ ਲੋਕ ਮੱਥਾ ਟੇਕਣ ਲਈ ਆਉਂਦੇ ਹਨ ।ਅੰਮ੍ਰਿਤਸਰ ਦੇ ਪੁਲਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਦੀਆਂ ਹਦਾਇਤਾਂ 'ਤੇ ਮੇਲੇ ਦੀ ਸੁਰੱਖਿਆ ਅਤੇ ਆਵਾਜਾਈ ਨੂੰ ਕੰਟਰੋਲ ਕਰਨ ਲਈ ਥਾਣਾ ਮਕਬੂਲਪੁਰਾ ਦੇ ਐੱਸਐੱਚਓ ਸਰਬਜੀਤ ਸਿੰਘ ਦੀ ਅਗਵਾਈ ਹੇਠ ਵੱਖ-ਵੱਖ ਥਾਵਾਂ ਤੇ ਪੁਲਸ ਮੁਲਾਜ਼ਮ ਤਾਇਨਾਤ ਕੀਤੇ ਗਏ ਸਨ ਜਿਸ ਕਾਰਨ ਆਈ ਸੰਗਤ ਨੂੰ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾ ਰਹੀ ਹੈ।ਇਸ ਮੌਕੇ ਗੁਰਦੁਆਰਾ ਕੋਠਾ ਸਾਹਿਬ ਦੇ ਮੈਨੇਜਰ ਜੋਬਨਜੀਤ ਸਿੰਘ ਦੀ ਅਗਵਾਈ ਹੇਠ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਥਾਣਾ ਮਕਬੂਲਪੁਰਾ ਦੇ ਮੁਖੀ ਸਰਬਜੀਤ ਸਿੰਘ ਨੂੰ ਉਨ੍ਹਾਂ ਦੀਆਂ ਸੇਵਾਵਾਂ ਬਦਲੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਐੱਸਐੱਚਓ ਸਰਬਜੀਤ ਸਿੰਘ ਨੇ ਦੱਸਿਆ ਕਿ ਮੇਲੇ ਵਿੱਚ ਅਮਨ-ਕਾਨੂੰਨ ਬਣਾਈ ਰੱਖਣ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ ਅਤੇ ਉਨ੍ਹਾਂ ਦੀ ਭੈੜੇ ਅਨਸਰਾਂ ਅਤੇ ਜੇਬ ਕਤਰਿਆਂ ਉਤੇ ਬਾਜ ਅੱਖ ਰਹੇਗੀ ।

# 9 ਕਿੱਲੋ ਭੁੱਕੀ ਚੂਰਾ ਪੋਸਤ ਸਮੇਤ ਵਿਅਕਤੀ ਕਾਬੂ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਤਿੱਬੜ ਪੁਲਸ ਦੇ ਏਐੱਸਆਈ ਗੁਰਨਾਮ ਸਿੰਘ ਨੇ ਸਮੇਤ ਪੁਲਸ ਪਾਰਟੀ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਗਸ਼ਤ ਦੌਰਾਨ ਪਿੰਡ ਬਾਹੀਆਂ ਮੋੜ ਤੋਂ ਇਕ ਵਿਅਕਤੀ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਬਰਾਮਦ ਪਲਾਸਟਿਕ ਬੋਰੀ ਨੂੰ ਚੈੱਕ ਕਰਨ 'ਤੇ ਬੋਰੀ ਵਿਚੋਂ 9 ਕਿੱਲੋ ਭੁੱਕੀ ਚੂਰਾ ਪੋਸਤ ਬਰਾਮਦ ਕੀਤਾ ਹੈ। ਉਕਤ ਵਿਅਕਤੀ ਦੀ ਪਹਿਚਾਣ ਬਲਜੀਤ ਸਿੰਘ ਸੋਨੂੰ ਪੁੱਤਰ ਸੁੱਚਾ ਸਿੰਘ ਵਾਸੀ ਤਿੱਬੜ ਵਜੋਂ ਹੋਈ ਹੈ। ਥਾਣਾ ਤਿੱਬੜ ਪੁਲਸ ਨੇ ਕਥਿਤ ਦੋਸ਼ੀ ਬਲਜੀਤ ਸਿੰਘ ਖ਼ਿਲਾਫ਼ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਬਾਬਾ ਬੰਦਾ ਸਿੰਘ ਬਹਾਦਰ ਸਕੂਲ ਦੇ ਵਿਦਿਆਰਥੀਆਂ ਨੇ ਓਲੰਪੀਆਡ ਪ੍ਰੀਖਿਆ 'ਚ ਜਿੱਤੇ ਸੋਨੇ ਦੇ ਤਮਗੇ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਦੇ ਵਿਦਿਆਰਥੀਆਂ ਵੱਲੋਂ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰ. ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਇੰਟਰਨੈਸ਼ਨਲ ਓਲੰਪੀਆਡ 2023-24 ਦੀ ਪ੍ਰੀਖਿਆ ਵਿੱਚ ਭਾਗ ਲਿਆ ਗਿਆ ਅਤੇ ਸੋਨੇ ਦੇ ਤਮਗੇ ਹਾਸਿਲ ਕੀਤੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਪ੍ਰਿੰ. ਕਿਰਨ ਕੇਸਰ ਨੇ ਦੱਸਿਆ ਕਿ ਵਿਦਿਆਰਥੀਆਂ ਵੱਲੋਂ ਇੰਟਰਨੈਸ਼ਨਲ ਇੰਗਲਿਸ਼ ਓਲੰਪੀਆਡ ਅਤੇ ਇੰਟਰਨੈਸ਼ਨਲ ਸਾਇੰਸ ਓਲੰਪਿਆਡ ਦੀਆਂ ਪ੍ਰੀਖਿਆਵਾਂ ਵਿੱਚ ਭਾਗ ਲਿਆ ਗਿਆ। ਇੰਟਰਨੈਸ਼ਨਲ ਇੰਗਲਿਸ਼ ਓਲੰਪੀਆਡ ਪ੍ਰੀਖਿਆ ਵਿੱਚ ਪ੍ਰਭਸਿਮਰਨ ਕੌਰ ਜਮਾਤ ਛੇਵੀਂ, ਤਕਸ਼ਿਲ ਬੇਦੀ ਜਮਾਤ ਅੱਠਵੀਂ, ਅਭੇਜੋਤ ਸਿੰਘ, ਜਗਤੇਸਵਰ ਸਿੰਘ ਅਤੇ ਜੋਇਲ ਮਸੀਹ ਜਮਾਤ ਨੌਵੀਂ ਨੇ ਸੋਨੇ ਦੇ ਤਮਗੇ ਹਾਸਿਲ ਕੀਤੇ ਹਨ। ਇੰਟਰਨੈਸ਼ਨਲ ਸਾਇੰਸ ਓਲੰਪੀਆਡ ਪ੍ਰੀਖਿਆ ਵਿੱਚ ਹਰਮਨਜੋਤ ਕੌਰ ਅਤੇ ਗੁਰਲੀਨ ਕੌਰ ਜਮਾਤ ਨੌਵੀਂ ਨੇ ਸੋਨੇ ਦਾ ਤਮਗਾ ਹਾਸਿਲ ਕੀਤਾ। ਉਨ੍ਹਾਂ ਨੇ ਦੱਸਿਆ ਕਿ ਸਿੱਖਿਆ ਦੇ ਅਧਾਰਿਤ ਹੋਣ ਵਾਲੀਆਂ ਪ੍ਰੀਖਿਆਵਾਂ ਵਿੱਚ ਉਨ੍ਹਾਂ ਦੇ ਸਕੂਲ ਦੇ ਵਿਦਿਆਰਥੀ ਹਮੇਸ਼ਾ ਭਾਗ ਲੈਂਦੇ ਹਨ ਅਤੇ ਵਧੀਆ ਸਥਾਨ ਪ੍ਰਾਪਤ ਕਰਦੇ ਹਨ।

# ਮਾਝਾ ਪ੍ਰੈੱਸ ਕਲੱਬ ਅੰਮ੍ਰਿਤਸਰ ਦੀ ਮੀਟਿੰਗ 'ਚ ਅਹਿਮ ਮੁੱਦਿਆਂ 'ਤੇ ਹੋਈ ਭਖਵੀਂ ਚਰਚਾ

## ਪੱਤਰਕਾਰੀ ਕਰਨਾ ਦੋ ਧਾਰੀ ਤਲਵਾਰ 'ਤੇ ਚੱਲਣ ਬਰਾਬਰ : ਨਾਗੀ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**-ਮਾਝਾ ਪ੍ਰੈੱਸ ਕਲੱਬ ਅੰਮ੍ਰਿਤਸਰ ਦੀ ਹੰਗਾਮੀ ਮੀਟਿੰਗ ਪ੍ਰਧਾਨ ਗੁਰਦੀਪ ਸਿੰਘ ਨਾਗੀ ਦੀ ਅਗਵਾਈ ਹੇਠ ਜੰਡਿਆਲਾ ਗੁਰੂ ਵਿਖੇ ਹੋਈ, ਜਿਸ ਵਿਚ ਪ੍ਰਧਾਨ



ਗੁਰਦੀਪ ਸਿੰਘ ਨਾਗੀ ਨੇ ਫੀਲਡ ਵਿਚ ਕੰਮ ਕਰਦੇ ਪੱਤਰਕਾਰਾਂ ਨੂੰ ਆਉਂਦੀਆਂ ਮੁਸ਼ਕਿਲਾਂ ਤੇ ਆਪਣੇ ਵਿਚਾਰਾਂ ਦੀ ਸਾਂਝ ਪਾਉਂਦਿਆਂ ਆਖਿਆ ਕਿ ਪੱਤਰਕਾਰੀ ਕਰਨਾ ਦੋ ਧਾਰੀ ਤਲਵਾਰ 'ਤੇ ਚੱਲਣ ਦੇ ਬਰਾਬਰ ਹੈ ਅਤੇ ਪੱਤਰਕਾਰ ਆਪਣੀ ਜਾਨ ਨੂੰ ਜੋਖ਼ਮ ਵਿਚ ਪਾ ਕੇ ਜ਼ਮੀਨੀ ਪੱਧਰ ਦੇ ਹਾਲਾਤ ਨੂੰ ਸਰਕਾਰਾਂ ਤੇ ਪਾਠਕਾਂ ਤਾਈਂ ਪੁੱਜਦਾ ਕਰਦੇ ਹਨ।ਉਨ੍ਹਾਂ ਕਿਹਾ ਕਿ ਇਹ ਜ਼ਰੂਰੀ ਨਹੀਂ ਪੱਤਰਕਾਰ ਦੀ ਲਿਖਤ ਨਾਲ ਹਰ ਧਿਰ ਸਹਿਮਤ ਹੋਵੇ ਪ੍ਰੰਤੂ ਅਜੋਕੇ ਸੋਸ਼ਲ ਮੀਡੀਆ ਦੇ ਦੌਰ ਵਿਚ ਕਿਸੇ ਮੁੱਦੇ ਨੂੰ ਵਿਚਾਰਨ ਦੀ ਥਾਂ ਉਛਾਲਣ ਵੱਲ ਵਧੇਰੇ ਧਿਆਨ ਦਿੱਤਾ ਜਾਂਦਾ ਹੋਣ ਕਰਕੇ ਲੋਕ ਅਸਲ ਮੁੱਦੇ ਤੋਂ ਭਟਕ ਜਾਂਦੇ ਹਨ, ਸੋ ਸਾਨੂੰ ਹਰ ਤਰ੍ਹਾਂ ਦੇ ਪਲੇਟਫਾਰਮ ਉੱਪਰ ਉਸਾਰੂ ਤੇ ਅਗਾਂਹਵਧੂ ਸੋਚ ਨਾਲ ਵਿਚਰਨਾ ਚਾਹੀਦਾ ਹੈ।ਕਲੱਬ ਦੇ ਸਰਪ੍ਰਸਤ ਅੰਮ੍ਰਿਤਪਾਲ ਸਿੰਘ ਅਤੇ ਜਨਰਲ ਸਕੱਤਰ ਜਸਵੰਤ ਸਿੰਘ ਮਾਂਗਟ ਨੇ ਪ੍ਰਦੂਸ਼ਿਤ ਹੋ ਰਹੇ ਵਾਤਾਵਰਨ, ਲੁੱਟਾਂ-ਖੋਹਾਂ ਦੀਆਂ ਵਾਪਰਦੀਆਂ ਘਟਨਾਵਾਂ, ਗੁੰਡਾਗਰਦੀ, ਨਸ਼ਿਆਂ ਦੇ ਵਹਿਣ, ਬੇਰੁਜ਼ਗਾਰੀ ਆਦਿ ਸਮੱਸਿਆਵਾਂ 'ਤੇ ਗਹਿਰੀ ਚਿੰਤਾ ਪ੍ਰਗਟ ਕੀਤੀ।ਇਸ ਮੌਕੇ ਅੰਮ੍ਰਿਤਪਾਲ ਸਿੰਘ, ਜਸਵੰਤ ਸਿੰਘ ਮਾਂਗਟ, ਹਰੀਸ਼ ਕੱਕੜ, ਸਿਮਰਤਪਾਲ ਸਿੰਘ ਬੇਦੀ, ਕੁਲਦੀਪ ਸਿੰਘ ਭੁੱਲਰ, ਗੁਰਪਾਲ ਸਿੰਘ ਰਾਏ, ਕੁਲਜੀਤ ਸਿੰਘ, ਸਵਿੰਦਰ ਸਿੰਘ ਸ਼ਿੰਦਾ ਲਾਹੌਰੀਆ, ਪਰਵਿੰਦਰ ਸਿੰਘ ਮਲਕਪੁਰ, ਕੁਲਦੀਪ ਸਿੰਘ ਖਹਿਰਾ, ਸਤਪਾਲ ਵਿਨਾਇਕ, ਡਾਕਟਰ ਗੁਰਮੀਤ ਸਿੰਘ ਨੰਡਾ, ਐਡਵੋਕੇਟ ਸ਼ੁਕਰਗੁਜ਼ਾਰ ਸਿੰਘ, ਹਰਜਿੰਦਰ ਸਿੰਘ, ਸੁਖਦੇਵ ਸਿੰਘ ਬੱਬੂ, ਗੁਰਵਿੰਦਰ ਸਿੰਘ ਹੈਪੀ ਆਦਿ ਹਾਜ਼ਰ ਸਨ ।

# ਗਲੋਬਲ ਕ੍ਰਿਸਚੀਅਨ ਐਕਸ਼ਨ ਕਮੇਟੀ ਮਸੀਹ ਭਾਈਚਾਰੇ ਨਾਲ ਚੱਟਾਨ ਵਾਂਗ ਖੜ੍ਹੀ : ਗੌਰਵ/ਬੰਟੀ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**—ਗਲੋਬਲ ਕ੍ਰਿਸਚੀਅਨ ਐਕਸ਼ਨ ਕਮੇਟੀ ਦੀ ਮੀਟਿੰਗ ਅਜਨਾਲਾ ਵਿਖੇ ਵਲੈਤ ਮਸੀਹ ਬੰਟੀ ਕੋਆਰਡੀਨੇਟਰ ਗਲੋਬਲ ਕਮੇਟੀ ਦੇ ਗ੍ਰਹਿ ਵਿਖੇ ਹੋਈ ਜਿੱਥੇ ਕਮੇਟੀ ਦੇ ਪ੍ਰਧਾਨ ਜਤਿੰਦਰ ਮਸੀਹ ਗੌਰਵ ਵਿਸ਼ੇਸ਼ ਤੌਰ 'ਤੇ ਪਹੁੰਚੇ ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗੌਰਵ ਨੇ ਕਿਹਾ ਕਿ ਗਲੋਬਲ ਕ੍ਰਿਸਚੀਅਨ ਐਕਸ਼ਨ ਕਮੇਟੀ ਦਾ ਜਨਮ ਮਸੀਹ ਭਾਈਚਾਰੇ ਨੂੰ ਆਉਂਦੀਆਂ ਮੁਸ਼ਕਲਾਂ ਨੂੰ ਹੱਲ ਕਰਨ ਅਤੇ ਮਸੀਹ ਚਾਰੇ ਭਾਈਚਾਰੇ ਨਾਲ ਹੁੰਦੇ ਧੱਕਿਆਂ ਦਾ ਸਾਹਮਣਾ ਕਰਨਾ ਅਤੇ ਭਾਈਚਾਰੇ ਨੂੰ ਇਨਸਾਫ ਦਿਵਾਉਣ ਲਈ ਹੋਇਆ ਹੈ ਅਤੇ ਗਲੋਬਲ ਕ੍ਰਿਸਚੀਅਨ ਕਮੇਟੀ ਆਪਣੇ ਧਾਰਮਿਕ ਆਗੂਆਂ ਜਿਵੇਂ ਕਿ ਪਾਸਟਰ ਪਾਦਰੀ ਅਤੇ ਹੋਰ ਧਾਰਮਿਕ ਸੰਸਥਾਵਾਂ ਦੇ ਨਾਲ ਚਟਾਨ ਵਾਂਗ ਖੜ੍ਹੀ ਹੈ ਅਤੇ ਕਿਸੇ ਵੀ ਮੁੱਦੇ ਉੱਤੇ ਮਸੀਹ ਭਾਈਚਾਰੇ ਨੂੰ ਭਟਕਾਉਣ ਵਾਲਿਆਂ ਦਾ ਵਿਰੋਧ ਕਰਨਾ ਗਲੋਬਲ ਦਾ ਏਜੰਡਾ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਲੈਤ ਮਸੀਹ ਬੰਟੀ ਅਜਨਾਲਾ ਕੋ-ਆਰਡੀਨੇਟਰ ਨੇ ਕਿਹਾ ਕਿ ਮਸੀਹ ਭਾਈਚਾਰਾ ਜੋ ਦੇਸ਼ ਆਜ਼ਾਦ ਹੋਣ ਤੋਂ ਬਾਅਦ ਅੱਜ ਤੱਕ ਅਣਗੌਲਿਆ ਕੀਤਾ ਗਿਆ ਅਤੇ ਕਦੀ ਵੀ ਭਾਈਚਾਰੇ ਦੀ ਸਾਰ ਨਹੀਂ ਲਈ। ਸਾਡੇ ਨਾਲ ਪੰਜਾਬ ਦੇ ਵਿੱਚ ਵੱਖ-ਵੱਖ ਤਰ੍ਹਾਂ ਦੇ ਧੱਕੇ ਹੁੰਦੇ ਹਨ ਜਿੱਥੇ ਕਿ ਸਾਨੂੰ ਇਨਸਾਫ ਨਹੀਂ ਮਿਲਦਾ ਅਤੇ ਇਨਸਾਫ ਲੈਣ ਦੇ ਲਈ ਸਾਨੂੰ ਸੜਕਾਂ ਉਤੇ ਉਤਰਨਾ ਪੈਂਦਾ ਹੈ।ਪੰਜਾਬ ਵਿੱਚ ਮਸੀਹ ਭਾਈਚਾਰੇ ਦੇ ਮਾਲੀ ਹਾਲਾਤ ਬਹੁਤ ਨਾਜ਼ੁਕ ਹਨ ਅਤੇ ਸਾਡੇ ਪੜ੍ਹੇ-ਲਿਖੇ ਨੌਜਵਾਨ ਬੇਰੁਜ਼ਗਾਰ ਹਨ ਜਿਸ ਕਰਕੇ ਮਸੀਹ ਭਾਈਚਾਰੇ ਵਿੱਚ ਬਹੁਤ ਵੱਡੀ ਬੇਚੈਨੀ ਪਾਈ ਜਾ ਰਹੀ ਹੈ। ਇਨ੍ਹਾਂ ਚੀਜ਼ਾਂ ਦਾ ਹੱਲ ਕੱਢਣ ਦੇ ਲਈ ਬਹੁਤ ਜਲਦੀ ਇੱਕ ਬੁੱਧੀਜੀਵੀ ਵਰਗ ਦੀ ਮੀਟਿੰਗ ਕੀਤੀ ਜਾਵੇਗੀ ।ਭਾਈਚਾਰੇ ਦੀ ਉਨਤੀ ਅਤੇ ਤਰੱਕੀ ਦੇ ਲਈ ਪ੍ਰੋਗਰਾਮ ਉਲੀਕੇ ਜਾਣਗੇ। ਇਸ ਮੌਕੇ ਗਲੋਬਲ ਕ੍ਰਿਸਚੀਅਨ ਐਕਸ਼ਨ ਕਮੇਟੀ ਦੇ ਜਨਰਲ ਸਕੱਤਰ ਲੂਕਸ ਮਸੀਹ ਅੰਮ੍ਰਿਤਸਰ ਗੁਰਦਾਸਪੁਰ ਤੋਂ ਮਾਸਟਰ ਵਿੰਗ ਦੇ ਮੀਤ ਪ੍ਰਧਾਨ ਮਾਸਟਰ ਪ੍ਰਭੂ ਦਾਸ ਮਸੀਹ, ਕੌਮ ਦੇ ਸੀਨੀਅਰ ਆਗੂ ਪ੍ਰਤਾਪ ਭੱਟੀ, ਪਾਸਟਰ ਸਿਕੰਦਰ ਮਸੀਹ, ਰੋਹਿਤ ਮਲਿਕ, ਪ੍ਰਧਾਨ ਜੱਸ ਮਸੀਹ ਮੁਕਾਮ, ਪ੍ਰਧਾਨ ਗੁਰਨਾਮ ਮਸੀਹ ਚੱਕ, ਪ੍ਰਧਾਨ ਸੰਦੀਪ ਮਸੀਹ, ਪ੍ਰਧਾਨ ਨਿਆਮਤ ਮਸੀਹ ਗੋਰਾ, ਪ੍ਰਧਾਨ ਰਮੇਸ਼ ਕਲਿਆਣ ਧਾਰੀਵਾਲ ਅਤੇ ਹੋਰ ਬਹੁਤ ਸਾਰੇ ਆਗੂਆਂ ਨੇ ਹਿੱਸਾ ਲਿਆ।

# ਕਟਾਰੂਚੱਕ ਨੇ 5 ਲੱਖ ਦੀ ਲਾਗਤ ਨਾਲ ਬਣੀ ਸੜਕ ਦਾ ਕੀਤਾ ਉਦਘਾਟਨ



**ਪਠਾਨਕੋਟ, (ਦਵਿੰਦਰ ਸਿੰਘ)**-ਵਿਧਾਨ ਸਭਾ ਹਲਕਾ ਭੋਆ ਦੀਆਂ ਸੜਕਾਂ ਨੂੰ ਪਲੈਨ ਰੋਡ ਅਨੁਸਾਰ ਬਣਾਇਆ ਜਾਵੇਗਾ ਤਾਂ ਜੋ ਇਹ ਸੜਕਾਂ ਚੌੜੀਆਂ ਤੇ ਮਜ਼ਬੂਤ ਬਣ ਸਕਣਸ ।ਇਹ ਪ੍ਰਗਟਾਵਾ ਲਾਲ ਚੰਦ ਕੱਟਰੂਚੱਕ ਜੰਗਲਾਤ ਜੰਗਲੀ ਜੀਵ ਤੇ ਸੁਰੱਖਿਆ, ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਮੰਤਰੀ ਪੰਜਾਬ ਨੇ 5 ਲੱਖ ਰੁਪਏ ਦੀ ਲਾਗਤ ਨਾਲ ਨਰੋਟ ਮਹਿਰਾ 'ਚ ਨਵੀ ਬਣੀ ਸੜਕ ਦਾ ਉਦਘਾਟਨ ਕਰਨ ਮੌਕੇ ਕੀਤਾ।ਇਸ ਮੌਕੇ ਲਖਬੀਰ ਸਿੰਘ ਐੱਸਡੀਓ, ਪ੍ਰਦੀਪ ਸੈਣੀ ਪੰਚਾਇਤ ਸਕੱਤਰ, ਸੰਦੀਪ ਕੁਮਾਰ ਬਲਾਕ ਪ੍ਰਧਾਨ, ਰਾਜ ਕੁਮਾਰ ਸਰਪੰਚ, ਰਾਜਿੰਦਰ ਭਿੱਲਾ, ਗੌਤਮ ਮਾਨ ਆਦਿ ਹਾਜ਼ਰ ਸਨ। ਉਨ੍ਹਾਂ ਦੱਸਿਆ ਕਿ ਇਹ ਸੜਕ ਕਮਿਊਨਿਟੀ ਹਾਲ ਨਰੋਟ ਮਹਿਰਾ ਅਤੇ ਸਿਵਲ ਡਿਸਪੈਂਸਰੀ ਨੂੰ ਜਾਂਦੀ ਹੈ।ਉਨ੍ਹਾਂ ਦੱਸਿਆ ਕਿ ਪਹਿਲਾਂ ਇਹ ਕੱਚਾ ਰਸਤਾ ਸੀ ਅਤੇ ਕਾਫੀ ਮੁਸ਼ਕਲ ਹੁੰਦੀ ਸੀ। ਹੁਣ ਇਸ ਰਸਤੇ ਨੂੰ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵੱਲੋਂ ਲਾਕਿੰਗ ਟਾਇਲ ਲਗਾ ਕੇ ਮਜ਼ਬੂਤ ਬਣਾਇਆ ਗਿਆ ਹੈ।ਉਨ੍ਹਾਂ ਨੇ ਕਿਹਾ ਕਿ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ ਅਤੇ ਪੈਸੇ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ।ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਨੇ 25 ਹਜ਼ਾਰ ਦੀ ਲਾਗਤ ਨਾਲ ਨਵੀਆਂ ਲਾਈਆਂ ਸਟਰੀਟ ਲਾਈਟਾਂ ਦਾ ਉਦਘਾਟਨ ਵੀ ਕੀਤਾ।ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਹਰ ਤਰ੍ਹਾਂ ਦੀ ਸੁਵਿਧਾ ਦੇਣ ਲਈ ਵਚਨਬੱਧ ਹੈ।

# ਇੰਸਪੈਕਟਰ ਸ਼ਮਸ਼ੇਰ ਸਿੰਘ ਨੇ ਥਾਣਾ ਖੇਮਕਰਨ ਦੇ ਮੁਖੀ ਵਜੋਂ ਸੰਭਾਲਿਆ ਅਹੁਦਾ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਇੰਸਪੈਕਟਰ ਸ਼ਮਸ਼ੇਰ ਸਿੰਘ ਨੇ ਥਾਣਾ ਖੇਮਕਰਨ ਦੇ ਮੁਖੀ ਵਜੋਂ ਚਾਰਜ ਸੰਭਾਲ ਕੇ ਕੰਮਕਾਜ ਆਰੰਭ ਕਰ ਦਿੱਤਾ ਹੈ। ਜ਼ਿਕਰਯੋਗ ਹੈ ਕਿ ਇੰਸਪੈਕਟਰ ਸ਼ਮਸ਼ੇਰ ਸਿੰਘ ਥਾਣਾ ਕੋਤਵਾਲੀ ਅੰਮ੍ਰਿਤਸਰ ਵਿੱਚ ਬਤੌਰ ਅਡੀਸ਼ਨਲ ਐੱਸਐੱਚਓ ਵਧੀਆ ਸੇਵਾਵਾਂ ਦੇਣ ਮਗਰੋਂ ਅੰਮ੍ਰਿਤਸਰ ਦੇ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਆਈਪੀਐੱਸ ਵੱਲੋਂ ਬਤੌਰ ਇੰਸਪੈਕਟਰ ਪ੍ਰਮੋਟ ਕਰਨ ਉਪਰੰਤ ਥਾਣਾ ਖੇਮਕਰਨ 'ਚ ਸਬ-ਇੰਸਪੈਕਟਰ ਗੁਰਿੰਦਰ ਸਿੰਘ ਦੇ ਸਥਾਨ 'ਤੇ ਆਏ ਹਨ।

ਚਾਰਜ ਸੰਭਾਲਣ ਉਪਰੰਤ ਰੋਜ਼ਾਨਾ ਨਵਾਂ ਜ਼ਮਾਨਾ ਅਖਬਾਰ ਦੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਇੰਸਪੈਕਟਰ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਥਾਣਾ ਖੇਮਕਰਨ ਅਧੀਨ ਆਉਂਦੇ ਪਿੰਡਾਂ ਅੰਦਰ ਅਮਨ-ਸ਼ਾਂਤੀ ਕਾਇਮ ਰੱਖਣਾ ਅਤੇ ਨਾਗਰਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਉਨ੍ਹਾਂ ਦਾ ਮੁੱਖ ਟੀਚਾ ਹੈ। ਇਸ ਮੌਕੇ ਉਨ੍ਹਾਂ ਨੇ ਇਲਾਕੇ ਅੰਦਰ ਮੌਜੂਦ ਬੁਰੇ ਕੰਮ ਕਰਨ ਵਾਲਿਆਂ ਨੂੰ ਸਖ਼ਤ ਤਾੜਨਾ ਕਰਦਿਆਂ ਕਿਹਾ ਕਿ ਉਹ ਆਪਣੀਆਂ ਹਰਕਤਾਂ ਤੋਂ ਬਾਜ਼ ਆਉਣ ਨਹੀਂ ਤਾਂ ਉਨ੍ਹਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਇਸਦੇ ਨਾਲ ਹੀ ਉਨ੍ਹਾਂ ਨੇ ਨਸ਼ੇ ਦੇ ਆਦੀ ਹੋ ਚੁੱਕੇ ਨੌਜਵਾਨਾਂ ਨੂੰ ਕਿਹਾ ਕਿ ਜੇਕਰ ਉਹ ਪੰਜਾਬ ਸਰਕਾਰ ਦੁਆਰਾ ਖੋਲ੍ਹੇ ਗਏ ਨਸ਼ਾ ਮੁਕਤੀ ਕੇਂਦਰਾਂ 'ਚ ਇਲਾਜ ਕਰਵਾ ਕੇ ਸਮਾਜ ਦੀ ਮੁੱਖਧਾਰਾ ਵਿੱਚ ਆਉਣਾ ਚਾਹੁੰਦੇ ਹਨ ਤਾਂ ਪੁਲਸ ਪ੍ਰਸ਼ਾਸਨ ਉਨ੍ਹਾਂ ਦਾ ਪੂਰਨ ਰੂਪ ਵਿੱਚ ਸਾਥ ਦੇਵੇਗਾ। ਨਵ-ਨਿਯੁਕਤ ਥਾਣਾ ਮੁਖੀ ਨੇ ਕਿਹਾ ਕਿ ਉਨ੍ਹਾਂ ਨੂੰ ਐੱਸਐੱਸਪੀ ਅਸ਼ਵਨੀ ਕਪੂਰ ਤੇ ਸਬ-ਡਵੀਜ਼ਨ ਭਿੱਖੀਵਿੰਡ ਦੇ ਡੀ. ਐੱਸ. ਪੀ. ਪ੍ਰੀਤ ਇੰਦਰ ਸਿੰਘ ਵੱਲੋਂ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ, ਉਸਨੂੰ ਉਹ ਪੂਰੀ ਇਮਾਨਦਾਰੀ ਨਾਲ ਨਿਭਾਉਣਗੇ। ਇਸ ਮੌਕੇ ਥਾਣਾ ਮੁਖੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣਾ ਆਲਾ-ਦੁਆਲਾ ਸੁਰੱਖਿਅਤ ਬਣਾਉਣ ਲਈ ਸ਼ੱਕੀ ਵਿਅਕਤੀਆਂ ਤੇ ਸਮਾਜ ਵਿਰੋਧੀ ਅਨਸਰਾਂ ਦੀ ਇਤਲਾਹ ਤੁਰੰਤ ਥਾਣੇ ਦੇਣ ਤਾਂ ਜੋ ਅਜਿਹੇ ਸਮਾਜ ਵਿਰੋਧੀ ਅਨਸਰਾਂ 'ਤੇ ਨਕੇਲ ਕੱਸੀ ਜਾ ਸਕੇ। ਇਸ ਮੌਕੇ ਏਐੱਸਆਈ ਕੰਵਲਜੀਤ ਸਿੰਘ, ਏਐੱਸਆਈ ਗੁਰਸਾਹਿਬ ਸਿੰਘ ਆਦਿ ਹੋਰ ਵੀ ਪੁਲਸ ਮੁਲਾਜ਼ਮ ਹਾਜ਼ਰ ਸਨ।

# ਸੇਖਵਾਂ ਨੇ ਸੋਹਲ, ਕਲਿਆਣਪੁਰ ਤੇ ਅਖਲਾਸਪੁਰ 'ਚ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਵਿਧਾਨ ਸਭਾ ਹਲਕਾ ਕਾਦੀਆਂ ਦੇ ਬਲਾਕ ਧਾਰੀਵਾਲ ਅਧੀਨ ਪੈਂਦੇ ਪਿੰਡ ਸੋਹਲ, ਕਲਿਆਣਪੁਰ ਅਤੇ ਅਖਲਾਸਪੁਰ ਵਿਖੇ ਲਗਾਏ ਗਏ ਵਿਸ਼ੇਸ਼ ਕੈਂਪਾਂ ਦੌਰਾਨ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੀ ਇਹ ਪਹਿਲਕਦਮੀ ਲੋਕਾਂ ਨੂੰ ਉਨ੍ਹਾਂ ਦੀਆਂ ਬਰੂਹਾਂ 'ਤੇ ਸਰਕਾਰੀ ਸੇਵਾਵਾਂ ਮੁਹੱਈਆ ਕਰਵਾਉਣ ਅਤੇ ਉਨ੍ਹਾਂ ਦੀਆਂ ਮੁਸਕਲਾਂ ਦਾ ਨਿਪਟਾਰਾ ਕਰਨ ਵਿੱਚ ਸਹਾਈ ਸਿੱਧ ਹੋਈ ਹੈ। ਸੇਖਵਾਂ ਨੇ ਮੌਕੇ 'ਤੇ ਮੌਜੂਦ ਲੋਕਾਂ ਨਾਲ ਗੱਲਬਾਤ ਕਰਦਿਆਂ ਕੈਂਪਾਂ ਸਬੰਧੀ ਉਨ੍ਹਾਂ ਦੀ ਪ੍ਰਤੀਕਿਰਿਆ ਵੀ ਹਾਸਲ ਕੀਤੀ। ਉਨ੍ਹਾਂ ਨੇ ਇਸ ਗੱਲ 'ਤੇ ਖੁਸ਼ੀ ਜ਼ਾਹਿਰ ਕੀਤੀ ਕਿ ਲੋਕਾਂ ਵੱਲੋਂ ਸਰਕਾਰ ਦੇ ਇਸ ਉਪਰਾਲੇ ਨੂੰ ਸਲਾਹੁਣ ਦੇ ਨਾਲ-ਨਾਲ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ। ਸੇਖਵਾਂ ਨੇ ਕਿਹਾ ਕਿ ਇਨ੍ਹਾਂ ਕੈਂਪਾਂ ਵਿੱਚ ਜਨਮ ਸਰਟੀਫਿਕੇਟ, ਆਮਦਨ ਸਰਟੀਫਿਕੇਟ, ਰਿਹਾਇਸ਼ ਸਰਟੀਫਿਕੇਟ, ਅਨੁਸੂਚਿਤ ਅਤੇ ਪਛੜੀਆਂ ਸ਼੍ਰੇਣੀਆਂ ਦੇ ਸਰਟੀਫਿਕੇਟ, ਬੁਢਾਪਾ, ਦਿਵਿਯਾਂਗ ਅਤੇ ਆਸ਼ਰਿਤ ਪੈਨਸ਼ਨ, ਜਨਮ ਸਰਟੀਫਿਕੇਟ 'ਚ ਨਾਂ ਦੀ ਤਬਦੀਲੀ, ਬਿਜਲੀ ਦੇ ਬਿੱਲਾਂ ਦੇ ਭੁਗਤਾਨ, ਮਾਲ ਵਿਭਾਗ ਸਬੰਧੀ ਰਿਕਾਰਡ ਦੀ ਪੜਤਾਲ, ਵਿਆਹ ਦੀ ਰਜਿਸਟ੍ਰੇਸ਼ਨ, ਮੌਤ ਦੇ ਸਰਟੀਫਿਕੇਟ ਦੀ ਇਕ ਤੋਂ ਵੱਧ ਕਾਪੀਆਂ, ਪੇਂਡੂ ਖੇਤਰ ਸਰਟੀਫਿਕੇਟ, ਫਰਦ ਬਣਾਉਣੀ, ਸ਼ਗਨ ਸਕੀਮ, ਜ਼ਮੀਨ ਦੀ ਨਿਸ਼ਾਨਦੇਹੀ, ਐੱਨਆਰਆਈ ਦੇ ਸਰਟੀਫਿਕੇਟਾਂ ਦੇ ਕਾਊਂਟਰ ਦਸਤਖਤ, ਪੁਲਸ ਕਲੀਅਰੈਂਸ ਸਰਟੀਫਿਕੇਟ ਦੇ ਕਾਊਂਟਰ ਦਸਤਖਤ, ਮੌਤ ਸਰਟੀਫਿਕੇਟ 'ਚ ਤਬਦੀਲੀ ਆਦਿ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਇਸ ਮੌਕੇ ਮਾਰਕੀਟ ਕਮੇਟੀ ਧਾਰੀਵਾਲ ਦੇ ਚੇਅਰਮੈਨ ਭੁਪਿੰਦਰ ਸਿੰਘ ਰਿੰਕਾ ਖੁੰਡਾ, ਗੁਰਨਾਮ ਸਿੰਘ ਬੁੱਟਰ, ਨੰਬਰਦਾਰ ਦਿਲਬਾਗ ਸਿੰਘ ਸੋਹਲ ਆਦਿ ਸਮੇਤ ਮੋਹਤਬਰ ਆਗੂ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।

# ਸ਼ਹਿਰ ਨੂੰ ਸਾਫ-ਸੁਥਰਾ ਰੱਖਣ ਲਈ ਨਗਰ ਕੌਂਸਲ ਕਰ ਰਹੀ ਹੈ ਹਰ ਸੰਭਵ ਉਪਰਾਲਾ: ਐਡ. ਪਾਹੜਾ

**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਬਟਾਲਾ ਰੋਡ 'ਤੇ ਸਥਿਤ ਨਗਰ ਸੁਧਾਰ ਟਰੱਸਟ ਕਲੋਨੀ ਸਕੀਮ ਨੰਬਰ ਇੱਕ ਤੇ ਵਾਰਡ ਦੇ ਲੋਕਾਂ ਵੱਲੋਂ ਸਮੱਸਿਆਵਾਂ ਦੇ ਹੱਲ ਸਬੰਧੀ ਨਗਰ ਕੌਂਸਲ ਦੇ ਪ੍ਰਧਾਨ ਐਡਵੋਕੇਟ ਬਲਜੀਤ ਸਿੰਘ ਪਾਹੜਾ ਨੂੰ ਮੰਗ ਪੱਤਰ ਸੌਂਪਿਆ ਜਿਸ ਤੋਂ ਬਾਅਦ ਪ੍ਰਧਾਨ ਪਾਹੜਾ ਨੇ ਕਲੋਨੀ ਵਾਸੀਆਂ ਦੀਆਂ ਸਮੱਸਿਆਵਾਂ ਸੁਣਨ ਉਪਰੰਤ ਕੁਝ ਸਮੱਸਿਆਵਾਂ ਦਾ ਮੌਕੇ 'ਤੇ ਹੀ ਹੱਲ ਕੀਤਾ, ਜਦਕਿ ਬਾਕੀ ਸਮੱਸਿਆਵਾਂ ਦੇ ਹੱਲ ਲਈ ਸਬੰਧਿਤ ਅਧਿਕਾਰੀਆਂ ਦੀਆਂ ਡਿਊਟੀਆਂ ਲਗਾਈਆਂ। ਐਡਵੋਕੇਟ ਪਾਹੜ ਨੇ ਦੱਸਿਆ ਕਿ ਕਲੋਨੀ ਦੇ ਲੋਕਾਂ ਨੇ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਕਿ ਕਲੋਨੀ ਵਿੱਚ ਸਫਾਈ ਸਬੰਧੀ ਸਮੱਸਿਆ ਹੈ ਤੇ ਸਫਾਈ ਲਈ ਪੱਕੇ ਸਵੀਪਰ ਦੀ ਡਿਊਟੀ ਲਗਾਈ ਜਾਵੇ। ਇਸ ਦੇ ਨਾਲ-ਨਾਲ ਘਰ-ਘਰ ਕੂੜਾ ਚੁੱਕਣ ਲਈ ਵਾਹਨਾਂ ਦਾ ਢੁੱਕਵਾਂ ਪ੍ਰਬੰਧ ਕੀਤਾ ਜਾਵੇ ਜਿਸ ਤੇ ਉਨ੍ਹਾਂ ਵੱਲੋਂ ਨਗਰ ਕੌਂਸਲ ਵੱਲੋਂ ਖਰੀਦੇ ਗਏ ਵਾਹਨਾਂ ਵਿੱਚੋਂ ਇੱਕ ਗੱਡੀ ਮੌਕੇ 'ਤੇ ਹੀ ਦਿੱਤੀ ਗਈ ਤਾਂ ਜੋ ਕਲੋਨੀ ਵਿੱਚੋਂ ਇਕੱਠੇ ਹੋਏ ਕੂੜੇ ਨੂੰ ਇਕੱਠਾ ਕੀਤਾ ਜਾ ਸਕੇ। ਮੁੱਖ ਐਂਟਰੀ ਪੁਆਇੰਟਾਂ 'ਤੇ 2 ਸੁੰਦਰ ਲਾਈਟਾਂ ਲਗਾਈਆਂ ਜਾਣ, ਬਟਾਲਾ ਰੋਡ ਦੇ ਐਂਟਰੀ ਪੁਆਇੰਟ ਤੇ ਬਰਸਾਤੀ ਪਾਣੀ ਦੀ ਨਿਕਾਸੀ ਦਾ ਪ੍ਰਬੰਧ ਕੀਤਾ ਜਾਵੇ, ਕਲਾਨੌਰ ਵਿਖੇ ਇਕ ਬਾਗਬਾਨ ਵਲੋਂ ਬੂਟੇ ਲਗਾਏ ਜਾਣ, ਜਿਸ ਤੇ ਕਾਰਵਾਈ ਕਰਦੇ ਹੋਏ ਉਨ੍ਹਾਂ ਸਮੱਸਿਆਵਾਂ ਦੇ ਹੱਲ ਲਈ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਸਹਿਰ ਨੂੰ ਸਾਫ ਸੁਥਰਾ ਰੱਖਣ ਲਈ ਹਰ ਸੰਭਵ ਯਤਨ ਕਰ ਰਹੀ ਹੈ। ਇਸ ਮੌਕੇ ਕੌਂਸਲਰ ਦਵਿੰਦਰ ਕੌਰ, ਚੇਅਰਮੈਨ ਰੰਜਨ ਸ਼ਰਮਾ, ਸੀਨੀਅਰ ਮੀਤ ਪ੍ਰਧਾਨ ਸੁਭਾਸ਼ ਚੌਧਰੀ, ਮੀਤ ਪ੍ਰਧਾਨ ਸੁਖਵਿੰਦਰ ਸਿੰਘ ਸੋਢੀ, ਜਨਰਲ ਸਕੱਤਰ ਪ੍ਰੋ. ਜਤਿੰਦਰ ਬਹਿਲ, ਸੰਯੁਕਤ ਸਕੱਤਰ ਰਾਜੇਸ ਕੁਮਾਰ, ਖਜਾਨਚੀ ਮੰਗਲ ਦਾਸ, ਡਾ: ਗੁਰਚਰਨ ਸਿੰਘ, ਐਡਵੋਕੇਟ ਸੁਖਦੇਵ ਸਿੰਘ ਪੰਨੂ, ਐਡਵੋਕੇਟ ਗੁਰਕੰਵਲ ਸਿੰਘ ਸੋਹਲ ਆਦਿ ਹਾਜ਼ਰ ਸਨ।

ਨਵਾਂ ਜ਼ਮਾਨਾ
ਮੰਗਲਵਾਰ, 20 ਫਰਵਰੀ 2024

# ਯੂ ਪੀ ਦਾ ਮਿਜ਼ਾਜ

*ਯੂ ਪੀ ਦੇ ਫੂਲਪੁਰ ਦੇ 22 ਸਾਲਾ ਹਰਸ਼ਵਰਧਨ ਤੇ 30 ਸਾਲਾ ਸ਼ੈਲਜਾ ਰਾਣੀ ਉਸ ਭੀੜ ਵਿਚ ਸ਼ਾਮਲ ਸਨ, ਜਿਸ ਨੇ ਐਤਵਾਰ ਅਲਾਹਾਬਾਦ (ਯੋਗੀ ਸਰਕਾਰ ਦਾ ਪ੍ਰਯਾਗਰਾਜ) ਵਿਖੇ ਰਾਹੁਲ ਦੀ 'ਭਾਰਤ ਜੋੜੋ ਨਿਆਏ ਯਾਤਰਾ' ਦਾ ਸਵਾਗਤ ਕੀਤਾ। ਦੋਹਾਂ ਦਾ ਇਹੋ ਕਹਿਣਾ ਸੀ ਕਿ ਦੇਸ਼ ਨੂੰ ਮੰਦਰਾਂ ਨਾਲੋਂ ਵੱਧ ਨੌਕਰੀਆਂ ਦੀ ਲੋੜ ਹੈ। ਇਕ ਪੁਲਸ ਅਧਿਕਾਰੀ ਨੇ ਆਪਣਾ ਨਾਂਅ ਨਾ ਛਾਪਣ ਦੀ ਸ਼ਰਤ 'ਤੇ ਦੱਸਿਆ ਕਿ ਆਨੰਦ ਭਵਨ, ਜਿੱਥੇ ਕਦੇ ਰਾਹੁਲ ਦੇ ਵਡੇਰੇ ਮੋਤੀ ਲਾਲ ਨਹਿਰੂ ਤੇ ਜਵਾਹਰ ਲਾਲ ਨਹਿਰੂ ਰਹਿੰਦੇ ਸਨ, ਦੇ ਬਾਹਰ ਕਰੀਬ ਡੇਢ ਲੱਖ ਲੋਕਾਂ ਦਾ ਇਕੱਠ ਸੀ। ਹਾਲੀਆ ਸਾਲਾਂ ਵਿਚ ਉਸ ਨੇ ਕਾਂਗਰਸ ਦੇ ਕਿਸੇ ਪ੍ਰੋਗਰਾਮ ਵਿਚ ਏਨੇ ਲੋਕ ਨਹੀਂ ਦੇਖੇ। ਇਹ ਦਿਖਾਉਂਦਾ ਹੈ ਕਿ ਲੋਕ ਕਾਂਗਰਸ ਦੀ ਵਾਪਸੀ ਚਾਹੁੰਦੇ ਹਨ, ਪਰ ਇਹ ਕਾਂਗਰਸ 'ਤੇ ਹੈ ਕਿ ਉਹ ਯਾਤਰਾ ਮੁਕੰਮਲ ਹੋਣ ਤੋਂ ਬਾਅਦ ਕੀ ਕਰਦੀ ਹੈ।*

*ਰਾਹੁਲ ਦੇ 60 ਗੱਡੀਆਂ ਦੇ ਕਾਫਲੇ ਨੂੰ ਆਨੰਦ ਭਵਨ ਦੇ ਬਾਹਰ ਪਹਿਲੇ 30 ਮੀਟਰਾਂ ਦਾ ਫਾਸਲਾ ਪੂਰਾ ਕਰਨ ਵਿਚ ਕਰੀਬ 40 ਮਿੰਟ ਲੱਗ ਗਏ। ਲੋਕ ਉਸ ਦੀ ਖੁੱਲ੍ਹੀ ਜੀਪ ਕੋਲ ਪੁੱਜ ਕੇ ਉਸ ਨਾਲ ਹੱਥ ਮਿਲਾਉਣਾ ਚਾਹੁੰਦੇ ਸਨ। ਇਕ ਮਹਿਲਾ ਤਾਂ ਸੁਰੱਖਿਆ ਜਵਾਨਾਂ ਨਾਲ ਭਿੜ ਕੇ ਜੀਪ ਦੇ ਬੋਨਟ 'ਤੇ ਚੜ੍ਹ ਗਈ ਤੇ ਉਦੋਂ ਤੱਕ ਰਾਹੁਲ ਦਾ ਹੱਥ ਨਹੀਂ ਛੱਡਿਆ, ਜਦੋਂ ਤੱਕ ਉਸ ਨੂੰ ਮਨਾ ਨਹੀਂ ਲਿਆ ਗਿਆ ਕਿ ਕਾਫਲੇ ਨੇ ਅੱਗੇ ਵਧਣਾ ਹੈ। ਭੀੜ ਵਿਚ ਕਾਂਗਰਸੀ ਵਰਕਰ ਵੀ ਕਾਫੀ ਸਨ, ਪਰ ਅਲਾਹਾਬਾਦ ਜ਼ਿਲ੍ਹੇ ਤੋਂ ਪੁੱਜੇ ਆਮ ਲੋਕ ਕਿਤੇ ਵੱਧ ਸਨ। ਨੌਕਰੀ ਦੀ ਭਾਲ ਵਿਚ ਧੱਕੇ ਖਾ ਰਹੇ ਗ੍ਰੈਜੂਏਟ ਹਰਸ਼ਵਰਧਨ ਨੇ ਕਿਹਾ—ਮੈਂ ਅਲਾਹਾਬਾਦ ਜ਼ਿਲ੍ਹੇ ਦੇ ਹਾਂਡੀਆ ਇਲਾਕੇ ਤੋਂ ਹਾਂ। ਮੈਂ ਯਾਤਰਾ ਦੀ ਹਮਾਇਤ ਕਰਨ ਲਈ ਆਪਣੇ ਪਿੰਡ ਦੇ 15 ਬੇਰੁਜ਼ਗਾਰ ਮੁੰਡਿਆਂ ਨੂੰ ਨਾਲ ਲੈ ਕੇ ਆਇਆ ਹਾਂ, ਕਿਉਂਕਿ ਰਾਹੁਲ ਨੌਜਵਾਨਾਂ ਦੇ ਮੁੱਦੇ ਉਠਾ ਰਹੇ ਹਨ। ਅਸੀਂ ਰਾਹੁਲ ਨੂੰ ਟੀ ਵੀ 'ਤੇ ਬੇਰੁਜ਼ਗਾਰੀ ਤੇ ਮਹਿੰਗਾਈ ਖਿਲਾਫ ਬੋਲਦੇ ਸੁਣਿਆ ਹੈ। ਇਹ ਮੁੱਦੇ ਲੋਕਾਂ ਨੂੰ ਸਭ ਤੋਂ ਵੱਧ ਪ੍ਰਭਾਵਤ ਕਰ ਰਹੇ ਹਨ। ਮੈਨੂੰ ਨਹੀਂ ਪਤਾ ਲੱਗ ਰਿਹਾ ਕਿ ਲੋਕ ਰਾਮ ਮੰਦਰ ਦੇ ਉਦਘਾਟਨ ਲਈ ਨਰਿੰਦਰ ਮੋਦੀ ਸਰਕਾਰ ਦੀ ਕਿਉਂ ਹਮਾਇਤ ਕਰ ਰਹੇ ਹਨ। ਅਸੀਂ ਭਾਰਤੀ ਜ਼ਿੰਦਗੀ ਵਿਚ ਭਗਵਾਨ ਰਾਮ ਦੀ ਅਹਿਮੀਅਤ ਤੋਂ ਇਨਕਾਰੀ ਨਹੀਂ, ਪਰ ਇਕ ਮਨੁੱਖ ਰਾਮ ਨੂੰ ਨਹੀਂ ਲਿਆ ਸਕਦਾ, ਉਹ ਖੁਦ ਆਉਂਦੇ ਹਨ। ਕੋਈ ਵੀ ਰਾਮ ਨੂੰ ਲਿਆਉਣ ਦਾ ਸਿਹਰਾ ਨਹੀਂ ਲੈ ਸਕਦਾ।*

*ਸ਼ੈਲਜਾ ਰਾਣੀ ਨੇ ਕਿਹਾ—ਹਜ਼ਾਰਾਂ ਲੋਕ 30 ਦੀ ਉਮਰ ਟੱਪ ਗਏ ਹਨ, ਪਰ ਉਨ੍ਹਾਂ ਨੂੰ ਗ੍ਰੈਜੂਏਸ਼ਨ ਕਰਨ ਦੇ ਬਾਵਜੂਦ ਨੌਕਰੀਆਂ ਨਹੀਂ ਮਿਲੀਆਂ। ਅਸੀਂ ਭੁੱਖੇ ਢਿੱਡ ਰਾਮ ਦੀ ਪੂਜਾ ਨਹੀਂ ਕਰ ਸਕਦੇ। ਅਸੀਂ ਆਸ ਕਰਦੇ ਹਾਂ ਕਿ ਰਾਹੁਲ ਆਪਣੇ ਸ਼ਬਦਾਂ 'ਤੇ ਪੂਰੇ ਉਤਰਨਗੇ ਅਤੇ ਸੱਤਾ ਵਿਚ ਆਉਣ 'ਤੇ ਸਰਕਾਰੀ ਨੌਕਰੀਆਂ ਪੈਦਾ ਕਰਨਗੇ।*

*ਮਨੀਪੁਰ ਤੋਂ ਮਹਾਰਾਸ਼ਟਰ ਲਈ ਚੱਲੀ 'ਭਾਰਤ ਜੋੜੋ ਨਿਆਏ ਯਾਤਰਾ' ਨੂੰ ਬੇਰੁਜ਼ਗਾਰ ਨੌਜਵਾਨ ਆਸ ਦੀ ਕਿਰਨ ਵਜੋਂ ਲੈ ਰਹੇ ਹਨ ਤੇ ਉਹ ਰਾਹੁਲ ਦੇ ਨਾਲ ਤੁਰ ਵੀ ਰਹੇ ਹਨ। ਉਨ੍ਹਾਂ ਦੇ ਸੁਪਨੇ ਤਾਂ ਹੀ ਸਾਕਾਰ ਹੋਣਗੇ, ਜੇ ਕਾਂਗਰਸ ਇਮਾਨਦਾਰੀ ਨਾਲ ਹਮਖਿਆਲ ਪਾਰਟੀਆਂ ਨਾਲ ਮਜ਼ਬੂਤ ਇਤਿਹਾਦ ਕਾਇਮ ਕਰਕੇ 10 ਸਾਲਾਂ ਤੋਂ ਕਾਰੋਪੋਰੇਟੀਆਂ ਦੀ ਸੇਵਾ ਕਰ ਰਹੀ ਭਾਜਪਾ ਨੂੰ ਸੱਤਾ ਤੋਂ ਲਾਹੁਣ ਲਈ ਪੂਰਾ ਜ਼ੋਰ ਲਾਉਂਦੀ ਹੈ।*

## ਸਸਪੈਂਡ ਬਨਾਮ ਨਵੇਂ

*ਚੜ੍ਹ ਗਈ ਧਰਮ ਦੇ ਮੋਢੇ 'ਤੇ ਰਾਜਨੀਤੀ,*
*'ਕੁਰਸੀ' ਵੱਲ ਨੂੰ ਲਾਊ ਉਡਾਰੀਆਂ ਜੀ।*
*ਖਤਰਾ ਮਜ਼੍ਹਬ ਨੂੰ ਸੁਣਦਿਆਂ ਸਾਰ ਬਹੁਤੇ,*
*ਭੁੱਲਦੇ ਜ਼ਿੰਦਗੀ ਦੀਆਂ ਦੁਸ਼ਵਾਰੀਆਂ ਜੀ।*
*ਜਾਤ-ਪਾਤ ਲੜਾਈ ਜੋ ਫਿਰਕਿਆਂ ਦੀ,*
*ਲੋਕ-ਰਾਜ ਨੂੰ ਪਈਆਂ ਬਿਮਾਰੀਆਂ ਜੀ।*
*ਵੋਟਾਂ ਮਾਂਠ ਕੇ ਲੀਡਰ ਹਨ ਜਿੱਤ ਜਾਂਦੇ,*
*'ਵੋਟਰ' ਝੱਲਦੇ ਫਿਰਨ ਖੁਆਰੀਆਂ ਜੀ।*
*ਸਮੇਂ ਸਿਰ ਨਾ 'ਇੰਡੀਆ' ਇੱਕ ਹੋਇਆ,*
*ਪੇਸ਼ ਆਉਣੀਆਂ ਫੇਰ ਲਾਚਾਰੀਆਂ ਜੀ।*
*'ਪਹਿਲੇ' ਥੋਕ ਦੇ ਭਾਅ 'ਸਸਪੈਂਡ' ਕਰ'ਤੇ,*
*'ਨਵੇਂ' ਚੁਣਨ ਲਈ ਸ਼ੁਰੂ ਤਿਆਰੀਆਂ ਜੀ।*

**ਤਰਲੋਚਨ ਸਿੰਘ ਦੁਪਾਲਪੁਰ, 78146-92724**

# ਅੱਕੇ-ਥੱਕੇ ਲੋਕ ਕੀ ਨਿਰਣਾ ਦੇਣਗੇ ਲੋਕ ਸਭਾ ਚੋਣਾਂ 'ਚ?

ਦੇਸ਼ ਦੀ ਹਾਕਮ ਧਿਰ ਭਾਰਤੀ ਜਨਤਾ ਪਾਰਟੀ ਵੱਲੋਂ ਸਾਲ 2024 ਦੀਆਂ ਲੋਕ ਸਭਾ ਚੋਣਾਂ ਲਈ ਹਰ ਪੱਖੋਂ ਹਮਲਾਵਰ ਰੁਖ਼ ਅਖ਼ਤਿਆਰ ਕੀਤਾ ਹੋਇਆ ਹੈ। ਭਾਜਪਾ, ਉਸ ਦੀ ਸਰਕਾਰ ਅਤੇ ਆਰ.ਐੱਸ.ਐੱਸ. ਹਰ ਹੀਲਾ-ਵਸੀਲਾ ਵਰਤ ਕੇ ਅਗਲੀਆਂ ਲੋਕ ਸਭਾ ਚੋਣਾਂ ਜਿੱਤਣ ਲਈ ਹੁਣੇ ਤੋਂ ਹੀ ਪੱਬਾਂ ਭਾਰ ਹੋਈ ਪਈ ਹੈ। ਦੇਸ਼ ਦੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਗਲੀਆਂ ਲੋਕ ਸਭਾ ਦੀਆਂ 400 ਸੀਟਾਂ ਜਿੱਤਣ ਦਾ ਦਾਅਵਾ ਕਰਨ ਲੱਗ ਪਏ ਹਨ।

ਕੇਂਦਰ ਸਰਕਾਰ ਵੱਲੋਂ ਆਪਣੀ ਮੁੱਖ ਵਿਰੋਧੀ ਪਾਰਟੀ, ਜਿਸ ਤੋਂ ਉਸ ਨੇ ਦਸ ਵਰ੍ਹੇ ਪਹਿਲਾਂ ਤਾਕਤ ਹਥਿਆਈ ਸੀ, ਦੇ ਕਾਰਜਕਾਲ 'ਚ ਕੀਤੀਆਂ ਖੁਨਾਮੀਆਂ, ਸੰਬੰਧੀ ਵ੍ਹਾਈਟ ਪੇਪਰ ਜਾਰੀ ਕੀਤਾ ਗਿਆ ਹੈ ਅਤੇ ਕਾਂਗਰਸ ਨੂੰ ਮੁੱਖ ਤੌਰ 'ਤੇ ਦੇਸ਼ ਦੇ ਅਰਥਚਾਰੇ 'ਚ ਗਿਰਾਵਟ ਦਾ ਦੋਸ਼ੀ ਦੱਸਿਆ ਗਿਆ ਹੈ। ਕਾਂਗਰਸ ਨੇ ਵੀ ਭਾਜਪਾ ਦੇ ਕਾਰਜ ਕਾਲ ਸੰਬੰਧੀ ਬਲੈਕ ਪੇਪਰ ਜਾਰੀ ਕੀਤਾ ਹੈ ਅਤੇ ਦੇਸ਼ ਦੀ ਮੌਜੂਦਾ ਭੈੜੀ ਹਾਲਤ ਲਈ ਉਸ ਨੂੰ ਦੋਸ਼ੀ ਗਰਦਾਨਿਆ ਹੈ। ਕਾਂਗਰਸ ਦੇ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਨਰੇਂਦਰ ਮੋਦੀ ਕਾਲ ਨੂੰ ਅਨਿਆਏ ਕਾਲ ਕਿਹਾ ਹੈ ਅਤੇ ਕਿਸਾਨਾਂ ਤੇ ਫੌਜੀਆਂ ਨੂੰ ਬਰਬਾਦ ਕਰਨ ਦਾ ਜ਼ੁੰਮੇਵਾਰ ਆਖਿਆ ਹੈ।

ਹਾਕਮ ਧਿਰ ਅਤੇ ਵਿਰੋਧੀ ਧਿਰ ਵਿਚਕਾਰ ਦੋਸ਼ਾਂ ਅਤੇ ਮੋੜਵੇਂ ਦੋਸ਼ਾਂ ਦੀ ਲੜੀ ਚੱਲ ਪਈ ਹੈ। ਜਿੱਥੇ ਦੇਸ਼ ਦੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਅੰਤਰਿਮ ਬੱਜਟ ਪੇਸ਼ ਕਰਦਿਆਂ ਦੇਸ਼ ਨੂੰ ਤੇਜ਼ੀ ਨਾਲ ਤਰੱਕੀ ਕਰਨ ਵਾਲੀ ਅਰਥ ਵਿਵਸਥਾ ਕਰਾਰ ਦਿੱਤਾ ਹੈ, ਉਥੇ ਵਿਰੋਧੀਆਂ ਨੇ ਇਸ ਨੂੰ ਨਾਕਾਮਯਾਬ ਅਤੇ ਨਿਘਾਰ ਵੱਲ ਜਾਂਦੀ ਅਰਥ ਵਿਵਸਥਾ ਦਾ ਨਾਂਅ ਦਿੱਤਾ ਹੈ। ਅਸਲ 'ਚ ਹਾਕਮ ਧਿਰ ਅਤੇ ਵਿਰੋਧੀ ਧਿਰ ਵਿਚਕਾਰ ਚੱਲ ਰਹੇ ਇਸ ਰਾਮ-ਰੌਲੇ ਅਤੇ ਦਾਅਵਿਆਂ ਤੋਂ ਅਤੇ ਦੇਸ਼ ਦੀ ਭੈੜੀ ਹਾਲਤ ਤੋਂ ਦੇਸ਼ ਦੇ ਲੋਕ ਅੱਕ ਅਤੇ ਥੱਕ ਚੁੱਕੇ ਹਨ।

ਆਓ ਕੁਝ ਹਕੀਕਤਾਂ ਵੱਲ ਧਿਆਨ ਕਰੀਏ! ਮੌਜੂਦਾ ਸਰਕਾਰ ਦੇ ਕਾਰਜਕਾਲ ਵਿੱਚ ਸਾਲ 2023 ਵਿੱਚ ਦੇਸ਼ 'ਚ ਤਕਨੀਕੀ ਕੰਪਨੀਆਂ ਨੇ ਦੋ ਲੱਖ ਸੱਠ ਹਜ਼ਾਰ ਨੌਕਰੀਆਂ ਖ਼ਤਮ ਕਰ ਦਿੱਤੀਆਂ ਹਨ, ਬਸ ਕੁਝ ਹਜ਼ਾਰ ਲੋਕਾਂ ਨੂੰ ਸਰਕਾਰ ਨੇ ਨਿਯੁਕਤੀ ਪੱਤਰ ਦਿੱਤੇ ਹਨ। ਵਾਅਦਾ ਤਾਂ ਇਹ ਸੀ ਕਿ ਦੋ ਕਰੋੜ ਨੌਜਵਾਨਾਂ ਨੂੰ ਨੌਕਰੀਆਂ ਦਿੱਤੀਆਂ ਜਾਣਗੀਆਂ। ਹਾਕਮਾਂ ਦਾ ਪਿਛਲੇ 10 ਸਾਲਾਂ ਤੋਂ ਹਰ ਵਰ੍ਹੇ ਲੱਖਾਂ ਨੌਕਰੀਆਂ ਦੇਣ ਦੇ ਦਾਅਵੇ ਨੂੰ ਕਦੇ ਵੀ ਬੂਰ ਨਹੀਂ ਪਿਆ। ਇੰਜ ਬੇਰੁਜ਼ਗਾਰੀ ਦਾ ਦੈਂਤ ਲੋਕਾਂ ਨੂੰ ਨਿਗਲ ਰਿਹਾ ਹੈ।

ਲੋਕ ਹਾਲੇ ਵੀ 2014 ਦੇ ਉਸ ਚੋਣ ਵਾਅਦੇ ਨੂੰ ਯਾਦ ਕਰ ਰਹੇ ਹਨ ਕਿ ਹਰ ਭਾਰਤੀ ਦੇ ਖਾਤੇ 'ਚ 15 ਲੱਖ ਰੁਪਏ ਵਿਦੇਸ਼ਾਂ ਤੋਂ ਵਾਪਸ ਲਿਆਂਦਾ ਕਾਲਾ ਧਨ ਚਿੱਟਾ ਕਰਕੇ ਪਾਇਆ ਜਾਏਗਾ। ਕਿਸਾਨ ਤਾਂ ਸਰਕਾਰ ਨੂੰ ਵਾਰ-ਵਾਰ ਯਾਦ ਕਰਵਾਉਂਦੇ ਹਨ ਕਿ ਉਹਨਾ ਦੀ ਆਮਦਨ 2022 ਤੱਕ ਦੋਗੁਣੀ ਕਰਨ ਦਾ ਕੀ ਬਣਿਆ।



ਗੁਰਮੀਤ ਸਿੰਘ ਪਲਾਹੀ

ਦੇਸ਼ ਦੇ ਅਰਥਚਾਰੇ ਦੇ ਥੰਮ੍ਹ ਕਿਰਤੀਆਂ ਦੀ ਦਸ਼ਾ ਬਦਤਰ ਹੋ ਰਹੀ ਹੈ, ਤਿੰਨੋਂ ਪ੍ਰਕਾਰ ਦੇ ਕਿਰਤੀਆਂ, ਨਿਯਮਤ/ਅਨਿਯਮਤ, ਦਿਹਾੜੀਦਾਰ ਅਤੇ ਸਵੈ-ਰੁਜ਼ਗਾਰ ਦੀ ਅਸਲ ਮਜ਼ਦੂਰੀ 2017-18 ਅਤੇ 2022-23 ਵਿੱਚ ਠਹਿਰ ਗਈ ਹੈ। ਇਹ ਅਜੀਮ ਪ੍ਰੇਮ ਜੀ ਯੂਨੀਵਰਸਿਟੀ ਦੀ ਸਟੇਟ ਆਫ ਵਰਕਿੰਗ ਇੰਡੀਆ ਰਿਪੋਰਟ ਨੇ ਇੰਕਸ਼ਾਫ ਕੀਤਾ ਹੈ।

ਸਰਕਾਰ ਵਾਰ-ਵਾਰ ਦਾਅਵਾ ਕਰਦੀ ਹੈ ਕਿ ਦੇਸ਼ ਵਿਚੋਂ 25 ਕਰੋੜ ਲੋਕ ਗਰੀਬੀ ਰੇਖਾ ਤੋਂ ਉੱਪਰ ਆ ਗਏ ਹਨ, ਜਦਕਿ ਸੰਯੁਕਤ ਰਾਸ਼ਟਰ ਵਿਕਾਸ ਪ੍ਰੋਗਰਾਮ (ਯੂ ਐੱਨ ਡੀ ਪੀ) ਅਨੁਸਾਰ ਗਰੀਬੀ ਤੋਂ ਬਾਹਰ ਨਿਕਲਣ ਵਾਲੇ ਲੋਕਾਂ ਦੀ ਗਿਣਤੀ 14 ਕਰੋੜ ਹੈ। ਸਰਕਾਰ ਹਰ ਵਰ੍ਹੇ 11.8 ਕਰੋੜ ਕਿਸਾਨਾਂ ਨੂੰ 6000 ਰੁਪਏ ਦੇਣ ਦਾ ਦਾਅਵਾ ਕਰਦੀ ਹੈ, ਜਦਕਿ ਇਹ ਸਹਾਇਤਾ ਪ੍ਰਾਪਤ ਕਰਨ ਵਾਲੇ ਕਿਸਾਨਾਂ ਦੀ ਅਸਲ ਗਿਣਤੀ 8.12 ਕਰੋੜ ਹੈ।

ਦੇਸ਼ ਵਿੱਚ 16 ਆਈ.ਆਈ.ਟੀ. 15 ਏਮਜ਼ ਅਤੇ 390 ਨਵੀਆਂ ਸਿੱਖਿਆ ਸੰਸਥਾਨ ਖੋਹਲਣ ਦਾ ਦਾਅਵਾ ਸਰਕਾਰ ਵੱਲੋਂ ਕੀਤਾ ਗਿਆ ਹੈ, ਪਰ 22 ਮਾਰਚ 2023 ਦੀ ਇੱਕ ਰਿਪੋਰਟ ਅਨੁਸਾਰ ਆਈ.ਆਈ.ਟੀ. ਵਿੱਚ 9625, ਆਈ. ਆਈ.ਆਈ.ਟੀ. 'ਚ 1212 ਅਤੇ ਕੇਂਦਰੀ ਵਿਸ਼ਵ ਵਿਦਿਆਲਿਆਂ ਵਿੱਚ 22,106 ਮੁੱਖ ਥਾਵਾਂ ਖਾਲੀ ਸਨ।

ਦੇਸ਼ ਦੇ ਹਾਕਮਾਂ ਵੱਲੋਂ ਦੇਸ਼ 'ਚ ਕੀਤੀ ਕਰਵਾਈ ਜਾ ਰਹੀ ਤਰੱਕੀ, ਨਵੇਂ ਪ੍ਰਾਜੈਕਟਾਂ ਦੇ ਅੰਕੜੇ ਧੜਾਧੜ ਪੇਸ਼ ਕੀਤੇ ਜਾ ਰਹੇ ਹਨ ਅਤੇ ਦੇਸ਼ ਦੇ ਅਰਥਚਾਰੇ ਨੂੰ ਦੁਨੀਆ ਦੇ ਸਰਵੋਤਮ ਅਰਥਚਾਰਿਆਂ 'ਚ ਲਿਆਉਣ ਦੇ ਦਮਗਜੇ ਮਾਰੇ ਜਾ ਰਹੇ ਹਨ, ਪਰ ਹਕੀਕਤ ਇਹ ਹੈ ਕਿ ਦੇਸ਼ ਦਾ ਅਰਥਚਾਰਾ, ਕਾਰਪੋਰੇਟ ਸੈਕਟਰ ਨੇ ਚੁਰਾ ਲਿਆ ਹੈ ਅਤੇ ਉਸ ਵੱਲੋਂ ਸਿਰਫ ਤੇ ਸਿਰਫ ਆਪਣੇ ਹਿੱਤਾਂ ਅਨੁਸਾਰ ਦੇਸ਼ ਦੇ ਹਾਕਮਾਂ ਨੂੰ ਚਲਾਉਣ ਦੇ ਯਤਨ ਹੋ ਰਹੇ ਹਨ ਅਤੇ ਇਸੇ ਕਰਕੇ ਉਹ ਹਾਕਮ ਧਿਰ ਦੀ ਆਉਣ ਵਾਲੀਆਂ ਚੋਣਾਂ 'ਚ ਭਰਪੂਰ ਵਿੱਤੀ ਮਦਦ ਕਰ ਰਹੇ ਹਨ ਤਾਂ ਕਿ ਮੌਜੂਦਾ ਹਾਕਮ ਜੋ ਨਿੱਜੀਕਰਨ ਨੂੰ ਹੁਲਾਰਾ ਦੇ ਰਹੇ ਹਨ, ਦਿੱਲੀ ਦੀ ਗੱਦੀ ਉੱਤੇ ਟਿਕੇ ਰਹਿਣ। ਰੇਲਵੇ ਸਮੇਤ ਹੋਰ ਵੱਡੀਆਂ ਸੰਸਥਾਵਾਂ ਟੁਕੜਾ-ਟੁਕੜਾ ਕਰਕੇ ਨਿੱਜੀ ਹੱਥਾਂ 'ਚ ਦਿੱਤੀਆਂ ਜਾ ਰਹੀਆਂ ਹਨ।

ਪਿਛਲੇ ਦਿਨੀਂ ਦੇਸ਼ ਦੇ ਚੋਣ ਆਯੋਗ ਨੂੰ, ਹਰੇਕ ਸਿਆਸੀ ਪਾਰਟੀ ਨੇ ਆਪੋ-ਆਪਣੀ ਇੱਕ ਰਿਪੋਰਟ ਪੇਸ਼ ਕੀਤੀ ਹੈ, ਜਿਸ ਅਨੁਸਾਰ ਸੱਤਾਧਾਰੀ ਭਾਜਪਾ ਨੂੰ 2022-23 ਵਿੱਚ ਚੋਣ ਬਾਂਡਾਂ ਰਾਹੀਂ ਲੱਗਭੱਗ 1300 ਕਰੋੜ ਰੁਪਏ ਪ੍ਰਾਪਤ ਹੋਏ ਹਨ। ਇਹ ਰਾਸ਼ੀ ਕਾਂਗਰਸ ਨੂੰ ਮਿਲੀ ਚੋਣ ਬਾਂਡਾਂ ਦੀ ਰਕਮ ਤੋਂ ਸੱਤ ਗੁਣਾ ਹੈ। ਉਂਜ ਭਾਜਪਾ ਨੂੰ 2022-23 ਵਿੱਚ ਕੁੱਲ ਫੰਡ 2120 ਕਰੋੜ ਰੁਪਏ ਮਿਲੇ ਹਨ, ਜਿਹਨਾ ਵਿੱਚ 61 ਫੀਸਦੀ ਚੋਣ ਬਾਂਡ ਹਨ। ਸਾਲ 2021-22 ਵਿੱਚ ਪਾਰਟੀ ਨੂੰ ਕੁੱਲ 1775 ਕਰੋੜ ਚੰਦਾ ਮਿਲਿਆ ਸੀ। ਕਾਂਗਰਸ ਨੂੰ 171 ਕਰੋੜ ਰੁਪਏ, ਸਮਾਜਵਾਦੀ ਪਾਰਟੀ ਨੂੰ 3.2 ਕਰੋੜ ਮਿਲੇ ਸਨ। ਭਾਜਪਾ ਨੇ ਵਿੱਤੀ ਸਾਲ 2021-22 'ਚ 117.4 ਕਰੋੜ ਰੁਪਏ ਜਹਾਜ਼ਾਂ ਤੇ ਹੈਲੀਕਾਪਟਰਾਂ ਦੀ ਵਰਤੋਂ ਲਈ ਅਤੇ ਆਪਣੇ ਉਮੀਦਵਾਰਾਂ ਨੂੰ ਵਿੱਤੀ ਸਹਾਇਤਾ ਦੇਣ ਲਈ 76.5 ਕਰੋੜ ਰੁਪਏ ਦਾ ਭੁਗਤਾਨ ਕੀਤਾ ਸੀ।

ਸਪੱਸ਼ਟ ਹੈ ਕਿ ਹਾਕਮ ਧਿਰ ਧੰਨ-ਕੁਬੇਰਾਂ ਅਤੇ ਗੋਦੀ ਮੀਡੀਆ ਦੀ ਮਦਦ ਨਾਲ ਆਉਣ ਵਾਲੀਆਂ ਚੋਣਾਂ ਜਿੱਤਣ ਲਈ ਯਤਨਸ਼ੀਲ ਹੈ। ਇਹੋ ਜਿਹੀ ਸਥਿਤੀ ਵਿੱਚ ਵਿਰੋਧੀ ਧਿਰ ਜੇਕਰ ਹਮਲਾਵਰ ਰੁਖ਼ ਅਖਤਿਆਰ ਨਹੀਂ ਕਰਦੀ ਤਾਂ ਦੇਸ਼ ਨੂੰ ਆਉਣ ਵਾਲੇ ਸਮੇਂ ਵਿੱਚ ਇਹੋ ਜਿਹਾ ਕੁਝ ਵੇਖਣਾ ਪਵੇਗਾ, ਜਿਸ ਦੀ ਕਲਪਨਾ ਇਸ ਲੋਕਤੰਤਰੀ ਮੁਲਕ ਵਿੱਚ ਕਿਸੇ ਨੇ ਵੀ ਨਹੀਂ ਕੀਤੀ ਹੋਵੇਗੀ।

ਅਸਲ ਵਿੱਚ ਦੇਸ਼ ਦੀ ਵਿਰੋਧੀ ਧਿਰ ਨੇ ਹਾਕਮ ਧਿਰ ਵੱਲੋਂ ਸਮੇਂ-ਸਮੇਂ ਕੀਤੇ ਗਏ ਗਲਤ ਕੰਮਾਂ ਦੇ ਵਿਰੋਧ ਵਿੱਚ ਨਾ ਇਕਮੁੱਠਤਾ ਵਿਖਾਈ ਅਤੇ ਨਾ ਹੀ ਉਹਨਾ ਮੁੱਦਿਆਂ ਨੂੰ ਲੋਕ ਕਚਹਿਰੀ ਵਿੱਚ ਉਠਾਇਆ। ਨੋਟਬੰਦੀ ਵੇਲੇ ਨਰੇਂਦਰ ਮੋਦੀ ਕਮਜ਼ੋਰ ਦਿਖ ਰਹੇ ਸਨ, ਪਰ ਦੇਸ਼ ਦੀ ਵਿਰੋਧੀ ਧਿਰ ਸਮੇਤ ਇਲਾਕਾਈ ਪਾਰਟੀਆਂ ਤੇ ਕਮਿਊਨਿਸਟ ਇਸ ਮੁੱਦੇ ਨੂੰ ਉਠਾ ਨਾ ਸਕੇ। ਕੋਵਿਡ ਦੇ ਦੌਰ 'ਚ ਜਦ ਲੋਕ ਲੱਖਾਂ ਦੀ ਗਿਣਤੀ 'ਚ ਮਰੇ, ਦਵਾਈਆਂ ਦੀਆਂ ਕੰਪਨੀਆਂ, ਹਸਪਤਾਲਾਂ ਵੱਲੋਂ ਲੁੱਟੇ ਗਏ, ਉਸ ਵੇਲੇ ਵੀ ਮੋਦੀ ਕਮਜ਼ੋਰ ਦਿਖੇ ਸਨ, ਪਰ ਵਿਰੋਧੀ ਧਿਰਾਂ ਚੁੱਪ ਰਹੀਆਂ। ਪਾਰਲੀਮੈਂਟ ਵਿੱਚ ਵੀ ਰੌਲੇ-ਰੱਪੇ ਤੋਂ ਬਿਨਾਂ ਆਪੋਜ਼ੀਸ਼ਨ ਕੋਈ ਖਾਸ ਭੂਮਿਕਾ ਨਾ ਨਿਭਾਅ ਸਕੀ।

ਇਸ ਵੇਲੇ ਦੇਸ਼ ਵਿੱਚ ਜੋ ਸਥਿਤੀ ਹੈ, ਉਹ ਕਿਸੇ ਤੋਂ ਲੁਕਵੀਂ ਨਹੀਂ ਹੈ। ਦੇਸ਼ ਦੇ ਸੁਪਰੀਮ ਕੋਰਟ ਦੇ ਵਕੀਲ ਈ.ਵੀ.ਐਮ. ਪ੍ਰਣਾਲੀ ਨਾਲ ਦੇਸ਼ 'ਚ ਚੋਣਾਂ ਕਰਾਉਣ ਵਿਰੁੱਧ ਮੋਰਚਾ ਲਾਈ ਬੈਠੇ ਹਨ। ਉਹਨਾ ਦੇ ਹੱਕ ਵਿੱਚ ਦੇਸ਼ ਭਰ ਤੋਂ ਕਿਸਾਨ ਆਏ ਹਨ, ਮਜ਼ਦੂਰ ਵੀ ਦਿੱਲੀ ਢੁਕੇ ਹੋਏ ਹਨ।

ਆਪਣੇ ਨਾਲ ਕੇਂਦਰ ਸਰਕਾਰ ਵੱਲੋਂ ਕੀਤੇ ਧ੍ਰੋਹ ਕਾਰਨ ਅਤੇ ਮੰਗਾਂ ਨਾ ਮੰਨੇ ਜਾਣ ਤੋਂ ਨਿਰਾਸ਼ ਅਤੇ ਰੋਹ ਵਿੱਚ ਕਿਸਾਨ ਜੱਥੇਬੰਦੀਆਂ ਮੁੜ ਅੰਦੋਲਨ ਦੇ ਰਾਹ ਉਤੇ ਹਨ। ਇਸ ਤੋਂ ਵੀ ਵੱਡੀ ਗੱਲ ਇਹ ਕਿ ਕੋਆਪਰੇਟਿਵ ਫੈਡਰਲਿਜ਼ਮ ਨੂੰ ਬਚਾਉਣ ਲਈ ਖੱਬੇ ਪਾਰਟੀਆਂ ਦੇ ਆਗੂ ਜੰਤਰ-ਮੰਤਰ ਉਤੇ ਧਰਨੇ ਉਤੇ ਜਾ ਬੈਠੇ। ਤਿੰਨ ਮੁੱਖ ਮੰਤਰੀ ਸਮੇਤ ਖੱਬੀਆਂ ਧਿਰਾਂ ਆਮ ਆਦਮੀ ਪਾਰਟੀ, ਫਰੂਕ ਅਬਦੁੱਲਾ ਨੇ ਇੱਕਮੁੱਠਤਾ ਦਿਖਾਈ। ਮੁੱਖ ਮੁੱਦਾ ਇਹ ਰਿਹਾ ਕਿ ਕੇਂਦਰ ਸਰਕਾਰ ਰਾਜਾਂ ਨੂੰ ਟੈਕਸਾਂ ਵਿੱਚ ਬਣਦਾ ਹਿੱਸਾ ਨਹੀਂ ਦਿੰਦੀ ਅਤੇ ਵਿਰੋਧੀ ਪਾਰਟੀਆਂ ਦੇ ਸ਼ਾਸਤ ਵਾਲੇ ਰਾਜਾਂ 'ਚ ਰਾਜਪਾਲਾਂ ਰਾਹੀਂ ਸਰਕਾਰ ਦੇ ਕੰਮ-ਕਾਜ ਵਿੱਚ ਰੁਕਾਵਟ ਪਾਉਂਦੀ ਹੈ। ਉਧਰ ਕਾਂਗਰਸ ਦੇ ਰਾਹੁਲ ਗਾਂਧੀ ਦੇਸ਼ ਦੀ ਨਿਆਏ ਯਾਤਰਾ 'ਤੇ ਹਨ ਅਤੇ ਲੋਕਾਂ ਨੂੰ ਹਾਕਮ ਧਿਰ ਦੀਆਂ ਨਾਕਾਮੀਆਂ ਅਤੇ ਵਧੀਕੀਆਂ ਦੱਸਦੇ ਲੋਕਾਂ ਨਾਲ ਰਾਬਤਾ ਕਰ ਰਹੇ ਹਨ।

ਦੇਸ਼ ਵਿੱਚ ਥਾਂ-ਥਾਂ ਬੇਚੈਨੀ ਹੈ। ਮਜ਼ਦੂਰਾਂ, ਕਿਸਾਨਾਂ, ਮੁਲਾਜ਼ਮਾਂ ਵੱਲੋਂ ਬੇਇਨਸਾਫੀ, ਮਹਿੰਗਾਈ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ ਦੇ ਵਿਰੁੱਧ ਰੋਸ ਪ੍ਰਗਟਾਇਆ ਜਾ ਰਿਹਾ ਹੈ। ਪੇਂਡੂ ਭਾਰਤ ਬੰਦ ਦਾ ਸੱਦਾ ਵੀ ਆਇਆ ਹੈ। ਦੇਸ਼ 'ਚ ਘੱਟ ਗਿਣਤੀਆਂ ਦੇ ਮਨਾਂ 'ਚ ਨਿਰੰਤਰ ਡਰ ਪੈਦਾ ਹੋ ਰਿਹਾ ਹੈ। ਦੇਸ਼ ਦੇ ਕੁਝ ਸੂਬਿਆਂ ਤੋਂ ਦੇਸ਼ ਅਤੇ ਪ੍ਰਦੇਸ਼ ਦਾ ਪ੍ਰਵਾਸ ਲੋਕਾਂ ਦੀ ਪ੍ਰੇਸ਼ਾਨੀ ਦਾ ਕਾਰਨ ਬਣਦਾ ਜਾ ਰਿਹਾ ਹੈ। ਲੋਕ ਇੱਕ ਦੇਸ਼, ਇੱਕ ਰਾਸ਼ਟਰ, ਇੱਕ ਟੈਕਸ, ਇੱਕ ਚੋਣ, ਇੱਕ ਬੋਲੀ ਅਤੇ ਅੱਗੋਂ ਪਤਾ ਨਹੀਂ ਕੀ ਕੁਝ ਬਸ, ਇਕੋ -ਇੱਕ ਨੂੰ ਦੇਸ਼ ਦੇ ਸੰਘੀ ਢਾਂਚੇ ਉੱਤੇ ਵੱਡੀ ਸੱਟ ਵਾਂਗ ਵੇਖ ਰਹੇ ਹਨ।

ਸਰਕਾਰ ਬਹੁਚਰਚਿਤ ਨਾਗਰਿਕਤਾ ਕਾਨੂੰਨ ਨੂੰ ਚੋਣਾਂ ਤੋਂ ਪਹਿਲਾਂ ਲਾਗੂ ਕਰਨ ਲਈ ਦ੍ਰਿੜ੍ਹ ਹੈ, ਜਿਸ ਨਾਲ ਦੇਸ਼ 'ਚ ਇੱਕ ਵਰਗ ਦੇ ਲੋਕਾਂ 'ਚ ਨਿਰਾਸ਼ਤਾ ਵਧੇਗੀ। ਸਰਕਾਰ ਵੱਲੋਂ ਚੋਣਾਂ ਤੋਂ ਪਹਿਲਾਂ ਸਾਬਕਾ ਪ੍ਰਧਾਨ ਮੰਤਰੀ ਪੀ ਵੀ ਨਰਸਿਮ੍ਹਾ ਰਾਓ, ਚੌਧਰੀ ਚਰਨ ਸਿੰਘ ਅਤੇ ਖੇਤੀ ਵਿਗਿਆਨੀ ਐੱਸ.ਐੱਸ. ਸਵਾਮੀਨਾਥਨ ਨੂੰ ਭਾਰਤ ਰਤਨ ਦੇਣ ਦਾ ਐਲਾਨ ਕੀਤਾ ਹੈ। ਕੁਝ ਸਮਾਂ ਪਹਿਲਾਂ ਭਾਜਪਾ ਨੇਤਾ ਐੱਲ.ਕੇ. ਅਡਵਾਨੀ ਅਤੇ ਸੋਸ਼ਲਿਸਟ ਆਗੂ ਕਰਪੂਰੀ ਠਾਕੁਰ ਨੂੰ ਭਾਰਤ ਰਤਨ ਦਿੱਤਾ ਗਿਆ। ਇਸ ਦਾ ਮਨੋਰਥ ਸਿਆਸੀ ਲਾਹਾ ਲੈਣਾ ਸਮਝਿਆ ਜਾ ਰਿਹਾ ਹੈ।

ਹੁਣ ਜਦੋਂ ਦੇਸ਼ ਦੀ ਹਾਕਮ ਧਿਰ ਨੇ ਨਰੇਂਦਰ ਮੋਦੀ ਨੂੰ ਹੀਰੋ ਬਣਾ ਕੇ ਪੇਸ਼ ਕੀਤਾ ਹੈ ਅਤੇ ਉਸ ਵੱਲੋਂ ਅਤੇ ਉਸ ਦੀ ਪਾਰਟੀ ਵਲੋਂ ਧਰਮ ਦੇ ਨਾਂਅ 'ਤੇ ਧਰੁਵੀਕਰਨ ਦੀ ਨੀਤੀ ਤਹਿਤ ਦੇਸ਼ ਵਿੱਚ ਇੱਕ ਅਜੀਬ ਕਿਸਮ ਦਾ ਮਾਹੌਲ ਸਿਰਜਿਆ ਜਾ ਰਿਹਾ ਹੈ ਤਾਂ ਦੇਸ਼ ਦੇ ਬਹੁਤੇ ਰਾਜ ਨੇਤਾ, ਰਾਜਨੀਤਕ ਪੰਡਿਤ, ਸਰਵੇਖਣ ਕਰਨ ਵਾਲੇ, ਸਾਰੇ ਇਹ ਕਹਿਣ ਲੱਗ ਪਏ ਹਨ ਕਿ ਨਰੇਂਦਰ ਮੋਦੀ ਨੂੰ ਹਰਾਉਣਾ ਮੁਸ਼ਕਿਲ ਨਹੀਂ, ਨਾਮੁਮਕਿਨ ਹੈ।

ਪਰ 2004 ਦੀਆਂ ਚੋਣਾਂ ਵੱਲ ਜੇਕਰ ਝਾਤੀ ਮਾਰੀਏ ਤਾਂ ਉਸ ਵੇਲੇ ਵੀ ਸਥਿਤੀ ਇਹੋ ਜਿਹੀ ਸੀ ਕਿ ਅਟਲ ਬਿਹਾਰੀ ਵਾਜਪਾਈ (ਭਾਜਪਾ) ਨੂੰ ਸੋਨੀਆ ਗਾਂਧੀ (ਕਾਂਗਰਸ) ਹਰਾ ਨਹੀਂ ਸਕੇਗੀ, ਪਰ ਜਦੋਂ ਨਤੀਜਾ ਨਿਕਲਿਆ ਤਾਂ ਸਾਰੇ ਹੈਰਾਨ ਰਹਿ ਗਏ। ਚੋਣਾਂ ਵਿੱਚ ਬਹੁਤੀ ਵਾਰ ਹੈਰਾਨਕੁੰਨ ਨਤੀਜੇ ਵੇਖਣ ਨੂੰ ਮਿਲਦੇ ਹਨ।

ਦੇਸ਼ ਦੇ ਲੋਕ ਧਾਰਮਿਕ ਸੰਕੀਰਨਤਾ, ਦੇਸ਼ ਦੇ ਸੰਵਿਧਾਨ ਦੇ ਉਲਟ ਅਤੇ ਦੇਸ਼ ਨੂੰ ਧੰਨ ਕੁਬੇਰਾਂ ਦੇ ਹੱਥ ਸੌਂਪਣ ਦੀਆਂ ਕਾਰਵਾਈਆਂ ਤੋਂ ਅੱਕੇ-ਥੱਕੇ ਆਪਣੇ ਨਾਲ ਹੋ ਰਹੀ ਬੇਇਨਸਾਫੀ, ਸਿਆਸੀ ਚਾਲਾਂ ਅਤੇ ਘਾਲੇ ਮਾਲਿਆਂ ਨੂੰ ਸਮਝ ਕੇ ਹੀ ਆਪਣੀ ਅਗਲੀ ਸਰਕਾਰ ਚੁਨਣ ਨੂੰ ਤਰਜੀਹ ਦੇਣਗੇ।

**# ਸੰਪਰਕ : 98158-02070**

# ਸਮਾਜਿਕ ਨਿਆਂ ਲਈ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਹੋਣੀ ਜ਼ਰੂਰੀ

ਸੰਸਾਰ ਵਿੱਚ ਵਧ ਰਹੀਆਂ ਸਮੱਸਿਆਵਾਂ ਦੇ ਮੱਦੇਨਜ਼ਰ ਅੱਜ ਸਮਾਜਿਕ ਨਿਆਂ ਦੀ ਲੋੜ ਸ਼ਾਇਦ ਪਹਿਲਾਂ ਨਾਲੋਂ ਕਿਤੇ ਵੱਧ ਹੈ। ਅੱਜ ਦੇ ਹਾਲਾਤ ਵਿੱਚ ਇਹ ਲੋੜ ਸਪੱਸ਼ਟ ਨਜ਼ਰ ਆ ਰਹੀ ਹੈ। ਸਮਾਜਿਕ ਨਿਆਂ ਦਾ ਵਿਸ਼ਵ ਦਿਵਸ ਪਹਿਲੀ ਵਾਰ 20 ਫਰਵਰੀ 2009 ਨੂੰ ਮਨਾਇਆ ਗਿਆ ਸੀ। ਉਦੋਂ ਤੋਂ ਲੈ ਕੇ ਹੁਣ ਤੱਕ ਹਰ ਸਾਲ ਇਹ ਦਿਨ ਅੰਤਰ-ਰਾਸ਼ਟਰੀ ਪੱਧਰ 'ਤੇ ਨਵੇਂ ਥੀਮ ਨਾਲ ਮਨਾਇਆ ਜਾਂਦਾ ਹੈ। ਵਿਸ਼ਵ ਸਮਾਜਿਕ ਨਿਆਂ ਦਿਵਸ ਨੂੰ ਸਮਾਜਿਕ ਨਿਆਂ ਸਮਾਨਤਾ ਦਿਵਸ ਵਜੋਂ ਵੀ ਜਾਣਿਆ ਜਾਂਦਾ ਹੈ। ਸੰਸਾਰ ਵਿੱਚ ਆਪਸੀ ਮਨ-ਮੁਟਾਵ ਪਹਿਲਾਂ ਨਾਲੋਂ ਕਿਤੇ ਵੱਧ ਹੁੰਦੇ ਜਾ ਰਹੇ ਹਨ। ਭਾਈਚਾਰਿਆਂ ਵਿੱਚ ਆਪਸੀ ਅਸੁਰੱਖਿਆ ਵਧਦੀ ਜਾਪਦੀ ਹੈ। ਇਸ ਲਈ ਹਰ ਸਾਲ 20 ਫਰਵਰੀ ਨੂੰ ਸੰਯੁਕਤ ਰਾਸ਼ਟਰ ਸਮਾਜਿਕ ਨਿਆਂ ਲਈ ਵਿਸ਼ਵ ਪੱਧਰੀ ਦਿਵਸ ਮਨਾਉਂਦਾ ਹੈ।

ਇਸ ਨੂੰ ਮਨਾਉਣ ਦਾ ਮੁੱਖ ਮੰਤਵ ਸਮਾਜਿਕ ਅਨਿਆਂ ਵਿਰੁੱਧ ਆਵਾਜ਼ ਬੁਲੰਦ ਕਰਨਾ ਅਤੇ ਗਰੀਬੀ, ਲਿੰਗ ਆਧਾਰਤ, ਸਰੀਰਕ ਵਿਤਕਰੇ, ਅਨਪੜ੍ਹਤਾ, ਧਾਰਮਿਕ ਵਿਤਕਰੇ ਨੂੰ ਖਤਮ ਕਰਨ ਲਈ ਵੱਖ-ਵੱਖ ਭਾਈਚਾਰਿਆਂ ਨੂੰ ਅੰਤਰ-ਰਾਸ਼ਟਰੀ ਪੱਧਰ 'ਤੇ ਇਕੱਠੇ ਕਰਨਾ ਹੈ ਤਾਂ ਜੋ ਇੱਕ ਸਮਾਜਿਕ ਏਕੀਕ੍ਰਿਤ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ।

ਇਸ ਦਿਨ ਨੂੰ ਮਨਾਉਣ ਦਾ ਮੁੱਖ ਟੀਚਾ ਸਮਾਜਿਕ ਬੇਇਨਸਾਫੀ ਵਿਰੁੱਧ ਆਵਾਜ਼ ਬੁਲੰਦ ਕਰਨਾ ਅਤੇ ਵੱਖ-ਵੱਖ ਭਾਈਚਾਰਿਆਂ ਨੂੰ ਇਕੱਠੇ ਲਿਆਉਣਾ ਵੀ ਹੈ। ਇਹ ਦਿਨ ਗਰੀਬੀ, ਲਿੰਗ, ਸਰੀਰਕ ਵਿਤਕਰੇ, ਅਨਪੜ੍ਹਤਾ ਅਤੇ ਧਾਰਮਿਕ ਵਿਤਕਰੇ ਨੂੰ ਖਤਮ ਕਰਨ ਲਈ ਜਾਗਰੂਕਤਾ ਪੈਦਾ ਕਰਦਾ ਹੈ। ਇਸ ਪਹਿਲਕਦਮੀ ਦੇ ਨਤੀਜੇ ਵਜੋਂ ਸਮਾਜਿਕ ਤੌਰ 'ਤੇ ਏਕੀਕ੍ਰਿਤ ਸਮਾਜ ਦੀ ਸਿਰਜਣਾ ਹੋ ਸਕਦੀ ਹੈ। ਇਹ ਦਿਨ ਸਮਾਜਿਕ ਅਸਮਾਨਤਾ ਬਾਰੇ ਜਾਗਰੂਕਤਾ ਪੈਦਾ ਕਰਨ ਅਤੇ ਭੇਦਭਾਵ ਆਦਿ ਨੂੰ ਦੂਰ ਕਰਨ ਦੀ ਮਹੱਤਤਾ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਲਈ ਮਨਾਇਆ ਜਾਂਦਾ ਹੈ। ਇਹ ਦਿਨ ਦੂਜਿਆਂ ਨੂੰ ਸਮਾਜਿਕ ਨਿਆਂ ਦੀ ਮਹੱਤਤਾ ਬਾਰੇ ਜਾਗਰੂਕ ਕਰਨ ਲਈ ਵੀ ਮਨਾਇਆ ਜਾਂਦਾ ਹੈ। ਵਿਸ਼ਵ ਸਮਾਜਿਕ ਨਿਆਂ ਦਿਵਸ ਇਹ ਸੁਨਿਸ਼ਚਿਤ ਕਰਦਾ ਹੈ ਕਿ ਹਰ ਕਿਸੇ ਨੂੰ ਉਹ ਪ੍ਰਾਪਤ ਹੋਵੇ ਜਿਸ ਦੀ ਉਸ ਨੂੰ ਚੰਗੀ ਜ਼ਿੰਦਗੀ ਲਈ ਲੋੜ ਹੁੰਦੀ ਹੈ।



ਲਲਿਤ ਗੁਪਤਾ

ਵਿਸ਼ਵ ਸਮਾਜਿਕ ਨਿਆਂ ਦਿਵਸ ਮਨਾਉਣ ਦਾ ਉਦੇਸ਼ -ਸਮਾਜਿਕ ਨਿਆਂ ਦੇ ਸਿਧਾਂਤਾਂ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਲਈ ਹਰ ਸਾਲ 20 ਫਰਵਰੀ ਨੂੰ ਵਿਸ਼ਵ ਸਮਾਜਿਕ ਨਿਆਂ ਦਿਵਸ ਮਨਾਇਆ ਜਾਂਦਾ ਹੈ ਤਾਂ ਜੋ ਨੌਜਵਾਨਾਂ ਨੂੰ ਸਮਾਜਿਕ ਬੇਇਨਸਾਫੀ ਵਿਰੁੱਧ ਆਵਾਜ਼ ਉਠਾਉਣ ਅਤੇ ਲਿੰਗ, ਉਮਰ, ਨਸਲ, ਧਰਮ, ਸੱਭਿਆਚਾਰ ਜਾਂ ਅਪਾਹਜਤਾ ਦੇ ਸਬੰਧ ਵਿੱਚ ਰੁਕਾਵਟਾਂ ਨੂੰ ਦੂਰ ਕਰਨ ਲਈ ਜਾਗਰੂਕ ਕੀਤਾ ਜਾ ਸਕੇ। ਇਸ ਦਿਨ ਬਹੁਤ ਸਾਰੇ ਸਕੂਲ, ਕਾਲਜ ਅਤੇ ਯੂਨੀਵਰਸਿਟੀਆਂ ਗਰੀਬੀ, ਸਮਾਜਿਕ ਅਤੇ ਆਰਥਿਕ ਬੇਦਖਲੀ ਜਾਂ ਬੇਰੁਜ਼ਗਾਰੀ ਨਾਲ ਸੰਬੰਧਤ ਵਿਸ਼ਿਆਂ 'ਤੇ ਵਿਸ਼ੇਸ਼ ਗਤੀਵਿਧੀਆਂ ਅਤੇ ਪ੍ਰੋਗਰਾਮਾਂ ਨੂੰ ਤਰਜੀਹ ਦਿੰਦੀਆਂ ਹਨ। ਇਸ ਦਿਵਸ ਨੂੰ ਮਨਾਉਣ ਦਾ ਮਕਸਦ ਇਹ ਵੀ ਹੈ ਕਿ ਦੁਨੀਆ ਭਰ ਦੇ ਲੋਕ ਸਮਾਜਿਕ ਨਿਆਂ ਦੀਆਂ ਕਦਰਾਂ-ਕੀਮਤਾਂ ਨੂੰ ਕਾਇਮ ਰੱਖਣ ਦੀ ਲੋੜ ਨੂੰ ਸਮਝ ਸਕਣ।

ਸਮਾਜਿਕ ਨਿਆਂ ਦਾ ਵਿਸ਼ਵ ਦਿਵਸ ਦਾ ਇਤਿਹਾਸ : 26 ਨਵੰਬਰ 2007 ਨੂੰ ਆਪਣੇ 62ਵੇਂ ਸੈਸ਼ਨ ਵਿੱਚ ਸੰਯੁਕਤ ਰਾਸ਼ਟਰ ਦੀ ਜਨਰਲ ਅਸੈਂਬਲੀ ਨੇ 20 ਫਰਵਰੀ ਨੂੰ ਸਮਾਜਿਕ ਨਿਆਂ ਦੇ ਵਿਸ਼ਵ ਦਿਵਸ ਵਜੋਂ ਘੋਸ਼ਿਤ ਕੀਤਾ। ਇਹ ਦਿਨ ਪਹਿਲੀ ਵਾਰ 20 ਫਰਵਰੀ 2009 ਨੂੰ ਮਨਾਇਆ ਗਿਆ ਸੀ। ਇੰਟਰਨੈਸ਼ਨਲ ਲੇਬਰ ਆਰਗੇਨਾਈਜੇਸ਼ਨ (ਆਈ ਐੱਲ ਓ) ਨੇ 10 ਜੂਨ 2008 ਨੂੰ ਸਰਬਸੰਮਤੀ ਨਾਲ ਇੱਕ ਨਿਰਪੱਖ ਵਿਸ਼ਵੀਕਰਨ ਲਈ ਸਮਾਜਿਕ ਨਿਆਂ ਬਾਰੇ ਆਈ ਐੱਲ ਓ ਘੋਸ਼ਣਾ ਪੱਤਰ ਅਪਣਾਇਆ। ਜਾਣਕਾਰੀ ਅਨੁਸਾਰ ਇਹ ਇੰਟਰਨੈਸ਼ਨਲ ਲੇਬਰ ਆਰਗੇਨਾਈਜ਼ੇਸ਼ਨ ਦੇ 1919 ਦੇ ਬਿਆਨ ਤੋਂ ਬਾਅਦ ਅੰਤਰਰਾਸ਼ਟਰੀ ਲੇਬਰ ਕਾਨਫਰੰਸ ਦੁਆਰਾ ਅਪਣਾਏ ਗਏ ਸਿਧਾਂਤਾਂ ਅਤੇ ਨੀਤੀਆਂ ਦਾ ਤੀਜਾ ਵੱਡਾ ਬਿਆਨ ਹੈ।

ਹਰ ਸਾਲ ਵਿਸ਼ਵ ਸਮਾਜਿਕ ਨਿਆਂ ਦਿਵਸ ਲਈ ਇੱਕ ਥੀਮ ਚੁਣਿਆ ਜਾਂਦਾ ਹੈ। ਪਿਛਲੇ ਸਾਲਾਂ ਦੌਰਾਨ ਵਿਸ਼ਵ ਸਮਾਜਿਕ ਨਿਆਂ ਦਿਵਸ ਦਾ ਥੀਮ 'ਰਸਮੀ ਰੁਜ਼ਗਾਰ ਰਾਹੀਂ ਸਮਾਜਿਕ ਨਿਆਂ ਦੀ ਪ੍ਰਾਪਤੀ' ਅਤੇ 'ਸਮਾਜਿਕ ਨਿਆਂ ਲਈ ਰੁਕਾਵਟਾਂ ਨੂੰ ਦੂਰ ਕਰਨਾ' ਸੀ। ਸਮਾਜਿਕ ਨਿਆਂ ਨੂੰ ਇੱਕ ਰਾਸ਼ਟਰ ਵਿੱਚ ਰਹਿਣ ਵਾਲੇ ਸਾਰੇ ਲੋਕਾਂ ਨੂੰ ਸਮਾਨਤਾ ਪ੍ਰਦਾਨ ਕਰਨ ਦਾ ਵਿਕਲਪ ਮੰਨਿਆ ਜਾਂਦਾ ਹੈ। ਵਿਸ਼ਵ ਸਮਾਜਿਕ ਨਿਆਂ ਦਿਵਸ ਇਸ ਲਈ ਰੱਖਿਆ ਗਿਆ ਹੈ ਕਿਉਂਕਿ ਨਿਆਂ ਹਰ ਜੀਵ ਦਾ ਅਧਿਕਾਰ ਹੈ। ਸਮਾਜਿਕ ਨਿਆਂ ਕਦੇ ਵੀ ਪ੍ਰਾਪਤ ਨਹੀਂ ਕੀਤਾ ਜਾ ਸਕਦਾ, ਜਦੋਂ ਤੱਕ ਲੋਕਾਂ ਵਿੱਚ ਇੱਕ-ਦੂਜੇ ਦੀ ਭਲਾਈ ਲਈ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਨਹੀਂ ਹੁੰਦੀ।

ਵਿਸ਼ਵ ਸਮਾਜਿਕ ਨਿਆਂ ਦਿਵਸ ਦਾ ਇਤਿਹਾਸ ਕੀ ਹੈ? : ਸਮਾਜਿਕ ਵਿਕਾਸ ਲਈ ਵਿਸ਼ਵ ਸੰਮੇਲਨ 1995 ਵਿੱਚ ਕੋਪਨਹੇਗਨ, ਡੈਨਮਾਰਕ ਵਿੱਚ ਆਯੋਜਿਤ ਕੀਤਾ ਗਿਆ ਸੀ, ਜਿਸ ਵਿੱਚ 100 ਤੋਂ ਵੱਧ ਸਿਆਸੀ ਆਗੂਆਂ ਨੇ ਗਰੀਬੀ ਵਿਰੁੱਧ ਲੜਨ ਅਤੇ ਪੂਰਾ ਰੁਜ਼ਗਾਰ ਦੇਣ ਦੇ ਨਾਲ-ਨਾਲ ਸੁਰੱਖਿਅਤ ਸਮਾਜ ਲਈ ਕੰਮ ਕਰਨ ਦਾ ਅਹਿਦ ਲਿਆ।

ਦਸ ਸਾਲ ਬਾਅਦ ਸੰਯੁਕਤ ਰਾਸਟਰ ਦੇ ਮੈਂਬਰਾਂ ਨੇ ਫਰਵਰੀ 2005 ਵਿੱਚ ਨਿਊਯਾਰਕ ਵਿੱਚ ਕੋਪਨਹੇਗਨ ਐਲਾਨਨਾਮੇ ਅਤੇ ਸਮਾਜਿਕ ਵਿਕਾਸ ਲਈ ਕੀਤੇ ਜਾ ਰਹੇ ਪ੍ਰੋਗਰਾਮ ਦੀ ਸਮੀਖਿਆ ਕੀਤੀ। ਸਮਾਜਿਕ ਵਿਕਾਸ ਨੂੰ ਕਿਵੇਂ ਅੱਗੇ ਵਧਾਇਆ ਜਾਵੇ, ਇਹ ਵੀ ਚਰਚਾ ਦਾ ਮੁੱਖ ਨੁਕਤਾ ਸੀ। 26 ਨਵੰਬਰ 2007 ਨੂੰ ਸੰਯੁਕਤ ਰਾਸ਼ਟਰ ਮਹਾਂਸਭਾ ਨੇ 20 ਫਰਵਰੀ ਨੂੰ ਸਾਲਾਨਾ ਵਿਸ਼ਵ ਸਮਾਜਿਕ ਨਿਆਂ ਦਿਵਸ ਵਜੋਂ ਘੋਸ਼ਿਤ ਕੀਤਾ, ਜਿਸ ਤੋਂ ਬਾਅਦ 2009 ਵਿੱਚ ਪਹਿਲੀ ਵਾਰ ਵਿਸ਼ਵ ਸਮਾਜਿਕ ਨਿਆਂ ਦਿਵਸ ਮਨਾਇਆ ਗਿਆ।

ਮੇਰਾ ਮੰਨਣਾ ਹੈ ਕਿ ਸਮਾਜਿਕ ਨਿਆਂ ਕਦੇ ਵੀ ਪ੍ਰਾਪਤ ਨਹੀਂ ਕੀਤਾ ਜਾ ਸਕਦਾ, ਜਦੋਂ ਤੱਕ ਲੋਕਾਂ ਵਿੱਚ ਇੱਕ-ਦੂਜੇ ਦੀ ਭਲਾਈ ਲਈ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਨਹੀਂ ਹੁੰਦੀ। ਅੱਜ ਲੋੜ ਹੈ ਕਿ ਵਿਦਿਆਰਥੀਆਂ ਨੂੰ ਛੋਟੀ ਉਮਰ ਤੋਂ ਹੀ ਸਮਾਜਿਕ ਨਿਆਂ ਬਾਰੇ ਸਿੱਖਿਅਤ ਕਰਨ ਤਾਂ ਜੋ ਸਮਾਂ ਰਹਿੰਦਿਆਂ ਸਾਡੇ ਦੇਸ਼ ਨੂੰ ਬਿਹਤਰ ਵਾਤਾਵਰਣ ਵੱਲ ਸੇਧਿਤ ਕੀਤਾ ਜਾ ਸਕੇ।

**# ਸੰਪਰਕ : 97815-90500**

# ਭਾਰਤੀ ਰਾਜਨੀਤੀ-ਲੋਕਤੰਤਰ ਲਈ ਕਾਲਾ ਧੱਬਾ ਜਾਂ ਕਾਲਾ ਟਿੱਕਾ

ਭਾਰਤ ਦੁਨੀਆ ਦਾ ਸਭ ਤੋਂ ਵੱਡਾ ਲੋਕਤੰਤਰਿਕ ਦੇਸ਼ ਹੈ। ਦੇਸ਼ ਦੇ ਲੋਕ ਪਿਛਲੇ 75 ਸਾਲਾਂ ਤੋਂ ਚੋਣਾਂ ਨੂੰ ਇੱਕ ਰਾਸ਼ਟਰੀ ਤਿਉਹਾਰ ਦੀ ਤਰ੍ਹਾਂ ਮਨਾ ਰਹੇ ਹਨ ਅਤੇ ਬੜੇ ਚਾਅ ਨਾਲ ਚੋਣਾਂ ਵਿੱਚ ਹਿੱਸਾ ਲੈ ਕੇ ਸ਼ਾਂਤੀਪੂਰਨ ਤਰੀਕੇ ਨਾਲ ਸੱਤਾ ਪੱਖ ਦੀ ਕਾਰਗੁਜ਼ਾਰੀ ਉੱਪਰ ਆਪਣਾ ਫੈਸਲਾ ਦਿੰਦੇ ਆ ਰਹੇ ਹਨ। ਸਰਕਾਰ ਅਤੇ ਵਿਰੋਧੀ ਇੱਕ ਦੂਜੇ ਉੱਪਰ ਪਾਲਸੀਆਂ ਨੂੰ ਲੈ ਕੇ ਅਕਸਰ ਹਮਲਾਵਰ ਰਹਿੰਦੇ ਹਨ। ਪਿਛਲੇ ਕੁਝ ਸਾਲਾਂ ਵਿੱਚ ਰਾਜਨੀਤੀ ਵਿੱਚ ਭਾਰੀ ਬਦਲਾਵ ਹੋਏ ਹਨ। ਰਾਜਨੇਤਾ ਆਪਣੇ ਵਿਰੋਧੀਆਂ 'ਤੇ ਹਮਲੇ ਦਾ ਕੋਈ ਵੀ ਮੌਕਾ ਖੁੰਜਾਦੇ ਨਹੀਂ। ਦੇਸ ਵਿੱਚ ਰਾਜਨੀਤੀ ਦਾ ਪੱਧਰ ਡਿੱਗਦੇ-ਡਿੱਗਦੇ ਪਤਾਲ ਤੱਕ ਜਾ ਪਹੁੰਚਿਆ ਹੈ।

ਪਿਛਲੇ ਦਿਨਾਂ ਵਿੱਚ ਸਰਕਾਰ ਚੋਣਾਂ ਤੋਂ ਠੀਕ ਪਹਿਲੇ ਜਨਤਾ ਨੂੰ ਆਪਣੀਆਂ ਉਪਲੱਬਧੀਆਂ ਦੱਸਣ ਦੀ ਬਜਾਏ, ਵਿਰੋਧੀ ਧਿਰ ਦੀਆਂ ਕਮੀਆਂ ਬਾਰੇ ਇੱਕ ਸਫੈਦ ਪੱਤਰ ਲੈ ਕੇ ਆਈ ਹੈ। ਜਵਾਬ ਵਿੱਚ ਵਿਰੋਧੀ ਦਲ ਨੇ ਸਰਕਾਰੀ ਪਾਲਿਸੀਆਂ ਦੀਆਂ ਧੱਜੀਆਂ ਉਡਾਉਣ ਲਈ ਅਤੇ ਉਸ ਦੀਆਂ ਅਸਫ਼ਲਤਾਵਾਂ ਨੂੰ ਦੱਸਣ ਲਈ ਇੱਕ ਬਲੈਕ ਪੇਪਰ ਪੇਸ਼ ਕੀਤਾ ਹੈ। ਵਿਰੋਧੀ ਪੱਖ ਵਾਲੇ ਸਰਕਾਰੀ ਪਾਲਸੀਆਂ ਦੀ ਆਲੋਚਨਾ ਕਰਦੇ ਹੋਏ ਇਸ ਨੂੰ ਲੋਕਤੰਤਰ ਲਈ ਕਾਲਾ ਧੱਬਾ ਦੱਸ ਰਹੇ ਹੈ। ਸਰਕਾਰ ਨੇ ਇਸ ਨੂੰ ਮਜ਼ਾਕ ਵਿੱਚ ਉਡਾਉਂਦੇ ਹੋਏ ਇਸ ਨੂੰ ਦੇਸ਼ ਦੀ ਖੁਸ਼ਹਾਲੀ ਨੂੰ ਨਜ਼ਰ ਲੱਗਣ ਤੋਂ ਬਚਾਉਣ ਵਾਲਾ ਇੱਕ ਕਾਲਾ ਟਿੱਕਾ ਦੱਸਿਆ ਹੈ। ਜਦ ਸਰਕਾਰ ਸੰਸਦ ਵਿੱਚ ਇਹ ਕਹਿ ਕੇ ਕ੍ਰੈਡਿਟ ਲੈਣ ਦੀ ਕੋਸ਼ਿਸ਼ ਕਰਦੀ ਹੈ ਕਿ ਉਹ ਦੇਸ ਦੇ 80 ਕਰੋੜ ਲੋਕਾਂ ਨੂੰ ਮੁਫ਼ਤ ਵਿੱਚ ਅਨਾਜ ਦੇ ਰਹੀ ਹੈ ਤਾਂ ਵਿਰੋਧੀ ਪੱਖ ਤਰਕ ਦਿੰਦਾ ਹੈ ਕਿ ਇਸ ਤੋਂ ਪਤਾ ਚਲਦਾ ਹੈ ਕਿ ਦੇਸ਼ ਵਿੱਚ 80 ਕਰੋੜ ਲੋਕ ਅਜੇ ਵੀ ਜੀਵਨ ਲਈ ਦੋ ਵਕਤ ਦੀ ਰੋਟੀ ਕਮਾਉਣ ਜੋਗੇ ਨਹੀਂ ਹੋਏ।



ਲੈਫ਼ਟੀਨੈਂਟ ਕੁਲਦੀਪ ਸ਼ਰਮਾ

ਹੁਣ ਦੇਸ਼ ਦੀ ਰਾਜਨੀਤੀ ਵਿੱਚ ਸਾਮ, ਦਾਮ, ਦੰਡ, ਭੇਦ ਦੁਆਰਾ ਕਿਵੇਂ ਵੀ ਸਰਕਾਰ ਬਣਾਉਣਾ ਹੀ ਪਹਿਲਾ ਅਤੇ ਆਖਰੀ ਮਕਸਦ ਹੋ ਗਿਆ ਹੈ। ਵਿਰੋਧੀ ਪਾਰਟੀਆਂ ਨੂੰ ਈ ਡੀ, ਸੀ ਬੀ ਆਈ ਅਤੇ ਹੋਰ ਸਰਕਾਰੀ ਏਜੰਸੀਆਂ ਤੋਂ ਡਰਾ-ਧਮਕਾ ਕੇ ਆਪਣੇ ਪਾਲੇ ਵਿੱਚ ਕਰਨ ਦਾ ਇਲਜ਼ਾਮ ਤਾਂ ਸਰਕਾਰਾਂ ਉੱਤੇ ਅਕਸਰ ਲੱਗਦਾ ਹੀ ਰਹਿੰਦਾ ਹੈ, ਹੁਣ ਤਾਂ ਦੇਸ਼ ਦੇ ਸਰਵ ਉੱਚ ਸਨਮਾਨ ਭਾਰਤ ਰਤਨ ਨੂੰ ਵੀ ਗੰਦੀ ਰਾਜਨੀਤੀ ਨੇ ਵਿਵਾਦਾਂ ਵਿੱਚ ਲੈ ਆਂਦਾ ਹੈ। ਸਰਕਾਰਾਂ ਚੋਣਾਂ ਤੋਂ ਠੀਕ ਪਹਿਲਾਂ ਕਿਸੇ ਵਿਰੋਧੀ ਪਾਰਟੀ ਨੂੰ ਆਪਣੇ ਪਾਲੇ ਵਿੱਚ ਕਰਨ ਲਈ ਇਸ ਸਰਵ ਉੱਚ ਸਨਮਾਨ ਦਾ ਪ੍ਰਯੋਗ ਬ੍ਰਹਮ ਅਸਤਰ ਦੀ ਤਰ੍ਹਾਂ ਕਰ ਰਹੀਆਂ ਹਨ।

ਪਿਛਲੇ ਮਹੀਨੇ ਚੰਡੀਗੜ੍ਹ ਦੇ ਮੇਅਰ ਦੀ ਚੋਣ ਲੋਕਤੰਤਰ ਵਿੱਚੋਂ ਮਨਫ਼ੀ ਹੁੰਦੇ ਜਾ ਰਹੇ ਮੁੱਲਾਂ ਦਾ ਤਾਜ਼ਾ-ਤਰੀਨ ਉਦਾਹਰਣ ਹੈ। ਸਾਰੇ ਮੀਡੀਆ ਵਿੱਚ ਇਹ ਦਿਖਾਇਆ ਗਿਆ ਕਿ ਕਿਵੇਂ ਇੱਕ ਚੋਣ ਅਧਿਕਾਰੀ ਦੁਆਰਾ 36 ਵਿੱਚੋਂ 8 ਵੋਟਾਂ ਨੂੰ ਰੱਦ ਕਰਕੇ ਇੱਕ ਹਾਰੀ ਹੋਈ ਬਾਜ਼ੀ ਨੂੰ ਜਿੱਤ ਵਿੱਚ ਬਦਲ ਦਿੱਤਾ ਗਿਆ। ਕੋਰਟ ਨੇ ਇਸ ਉੱਪਰ ਸਖ਼ਤ ਸਟੈਂਡ ਲੈਂਦੇ ਹੋਏ ਇਸ ਨੂੰ ਲੋਕਤੰਤਰ ਦਾ ਕਤਲ ਕਰਾਰ ਦਿੱਤਾ। ਕੋਰਟ ਨੇ ਨਵੇਂ ਚੁਣੇ ਮੇਅਰ ਦੇ ਕੰਮ-ਕਾਜ ਅਤੇ ਵਿੱਤੀ ਪਾਲਸੀਆਂ ਉੱਪਰ ਫੈਸਲਾ ਲੈਣ 'ਤੇ ਰੋਕ ਲਗਾ ਦਿੱਤੀ ਹੈ। ਆਉਣ ਵਾਲੇ ਦਿਨਾਂ ਵਿੱਚ ਇਸ ਬਾਰੇ ਦਿੱਤਾ ਜਾਣ ਵਾਲਾ ਕੋਰਟ ਦਾ ਫੈਸਲਾ ਚੋਣਾਂ ਵਿੱਚ ਲੋਕਤੰਤਰ ਲਈ ਭਵਿੱਖ ਦਾ ਰਸਤਾ ਤੈਅ ਕਰੇਗਾ। ਅਸੀਂ ਖੁਸ਼ਕਿਸਮਤ ਹਾਂ ਕਿ ਭਾਰਤ ਵਿੱਚ ਲੋਕਤੰਤਰ ਦਾ ਮਜ਼ਬੂਤ ਸਤੰਭ ਨਿਆਂਪਾਲਿਕਾ, ਲੋਕਤੰਤਰ ਨੂੰ ਬਚਾਉਣ ਲਈ ਜਾਗਰੂਕ ਹੈ, ਨਹੀਂ ਤਾਂ ਸਾਡੇ ਗਵਾਂਢੀ ਮੁਲਕ ਵਿੱਚ ਹਾਲ ਦੀਆਂ ਚੋਣਾਂ ਵਿੱਚ ਅਸੀਂ ਦੇਖਿਆ ਕਿ ਕਿਵੇਂ ਇੱਕ ਖਾਸ ਪਾਰਟੀ ਨੂੰ ਹਰਾ ਕੇ ਹਾਰੀ ਹੋਈ ਪਾਰਟੀ ਨੂੰ ਜਿਤਾਉਣ ਦਾ ਕੰਮ ਕੀਤਾ ਗਿਆ ਅਤੇ ਲੋਕਤੰਤਰ ਨੂੰ ਕਿਵੇਂ ਫੌਜੀ ਬੂਟਾਂ ਹੇਠਾਂ ਕੁਚਲ ਦਿੱਤਾ ਗਿਆ।

ਹਾਲ ਹੀ ਵਿੱਚ ਸੁਪਰੀਮ ਕੋਰਟ ਦੁਆਰਾ ਇਲੈਕਟੋਰਲ ਬਾਂਡ ਦੇ ਤਹਿਤ ਦਿੱਤੇ ਜਾਣ ਵਾਲੇ ਗੁਪਤ ਦਾਨ ਨੂੰ ਗੈਰ-ਸੰਵਿਧਾਨਿਕ ਅਤੇ ਰਾਈਟ ਟੂ ਇਨਫ਼ਾਰਮੇਸਨ ਦੀ ਉਲੰਘਣਾ ਮੰਨਦੇ ਹੋਏ ਰੱਦ ਕਰ ਦਿੱਤਾ ਗਿਆ। ਸੁਪਰੀਮ ਕੋਰਟ ਦਾ ਮੱਤ ਹੈ ਕਿ ਇਸ ਨਾਲ ਆਮ ਜਨਤਾ ਸਿਆਸੀ ਪਾਰਟੀਆਂ ਨੂੰ ਕਰੋੜਾਂ ਦਾ ਦਾਨ ਦੇਣ ਵਾਲਿਆਂ ਦੀ ਪਹਿਚਾਣ ਨਹੀਂ ਕਰ ਪਾਉਂਦੀ, ਪਰ ਸਰਕਾਰ ਨੂੰ ਇਸ ਦਾ ਗਿਆਨ ਹੁੰਦਾ ਹੈ। ਇਹ ਫਰੀ ਅਤੇ ਫੇਅਰ ਮਤਦਾਨ ਦੇ ਵਿਰੁੱਧ ਹੈ, ਕਿਉਂਕਿ ਇਸ ਨਾਲ ਸਰਕਾਰੀ ਪਾਲਸੀਆਂ ਦਾ ਝੁਕਾਅ ਇਹਨਾਂ ਗੁਪਤ ਦਾਨ ਦੇਣ ਵਾਲੇ ਧੰਨਾ ਸੇਠਾਂ ਦੇ ਵੱਲ ਹੁੰਦਾ ਹੈ। ਸੁਪਰੀਮ ਕੋਰਟ ਦਾ ਇਹ ਵੀ ਆਦੇਸ਼ ਹੈ ਕਿ ਤੁਰੰਤ ਸਾਰੇ ਇਲੈਕਟੋਰਲ ਬਾਂਡ ਦੇ ਤਹਿਤ ਮਿਲੇ ਗੁਪਤ ਦਾਨ ਦਾ ਡਾਟਾ ਜਨਤਕ ਕਰ ਦਿੱਤਾ ਜਾਵੇ।

ਪਿਛਲੇ ਦਿਨਾਂ ਵਿੱਚ ਦੇਸ਼ ਵਿੱਚ ਇਹ ਦੇਖਿਆ ਗਿਆ ਕਿ ਕਿਵੇਂ ਵਿਰੋਧੀ ਸਰਕਾਰਾਂ ਦੀਆਂ ਜੜ੍ਹਾਂ ਹਿਲਾਉਣ ਦੀ ਕੋਸ਼ਿਸ਼ ਕੀਤੀ ਜਾਂਦੀ ਰਹੀ ਹੈ। ਇਸ ਦੀ ਉਦਾਹਰਣ ਬਿਹਾਰ ਸਰਕਾਰ ਹੈ, ਜਿੱਥੇ ਰਾਤੋ-ਰਾਤ ਵਿਰੋਧੀ ਗਠਬੰਧਨ ਦੇ ਮੁੱਖ ਨੇਤਾ ਨੂੰ ਆਪਣੇ ਪਾਲੇ ਵਿੱਚ ਕਰਕੇ ਸੱਤਾ ਪਰਿਵਰਤਨ ਕਰਵਾਇਆ ਗਿਆ। ਝਾਰਖੰਡ ਦੇ ਮੁੱਖ ਮੰਤਰੀ ਨੂੰ ਚੋਣਾਂ ਤੋਂ ਠੀਕ ਪਹਿਲਾਂ ਗ੍ਰਿਫ਼ਤਾਰ ਕੀਤਾ ਗਿਆ। ਦਿੱਲੀ ਸਰਕਾਰ ਨੂੰ ਅਸਤ-ਵਿਅਸਤ ਕਰਨ ਲਈ ਰੋਜ਼ਾਨਾ ਸਰਕਾਰੀ ਏਜੰਸੀਆਂ ਦਾ ਦੁਰਉਪਯੋਗ ਕਰਨਾ ਨਵੀਂ ਤਰ੍ਹਾਂ ਦੀ ਰਾਜਨੀਤੀ ਦਾ ਇੱਕ ਪਹਿਲੂ ਬਣ ਗਿਆ ਹੈ।

ਸਰਕਾਰੀ ਪਾਲਸੀਆਂ ਦਾ ਵਿਰੋਧ ਦੇਸ਼ ਵਿੱਚ ਲੱਗਭੱਗ ਹਰ ਵਰਗ ਕਰ ਰਿਹਾ ਹੈ। ਸਰਕਾਰੀ ਕਰਮਚਾਰੀ ਪੁਰਾਣੀ ਪੈਨਸ਼ਨ ਬਹਾਲ ਕਰਾਉਣ ਲਈ ਸੜਕਾਂ ਉੱਪਰ ਅੰਦੋਲਨ ਕਰ ਰਹੇ ਹਨ। ਉਹਨਾਂ ਦਾ ਸਰਕਾਰ ਨੂੰ ਢੁਕਵਾਂ ਸਵਾਲ ਹੈ ਕਿ ਜੇਕਰ ਉਹਨਾਂ ਨੂੰ ਪੁਰਾਣੀ ਪੈਨਸ਼ਨ ਦੇਣਾ ਦੇਸ਼ ਦੇ ਹਿੱਤ ਵਿੱਚ ਨਹੀਂ ਤਾਂ ਪੁਰਾਣੀ ਪੈਨਸ਼ਨ ਨੇਤਾਵਾਂ ਦੇ ਲਈ ਕਿਵੇਂ ਦੇਸ਼ ਹਿੱਤ ਦੀ ਗੱਲ ਬਣ ਜਾਂਦੀ ਹੈ। ਲੰਮੇ ਸਮੇਂ ਤੋਂ ਸਰਕਾਰੀ ਕਰਮਚਾਰੀ ਦੇਸ ਭਰ ਵਿੱਚ ਇਸ ਬਾਰੇ ਆਪਣੀ ਆਵਾਜ ਉਠਾ ਰਹੇ ਹਨ, ਪਰ ਸਰਕਾਰ ਦੇ ਕੰਨਾਂ ਉੱਪਰ ਜੂ ਰੇਂਗਣਾ ਦੂਰ ਦੀ ਕੌਡੀ ਲੱਗਦਾ ਹੈ। ਅੱਜਕੱਲ੍ਹ ਪੰਜਾਬ ਤੇ ਹਰਿਆਣਾ ਦੇ ਬਾਰਡਰ ਉੱਪਰ ਕਿਸਾਨ ਐਮ ਐਸ ਪੀ ਦੀ ਮੰਗ ਨੂੰ ਲੈ ਕੇ ਅੰਦੋਲਨ ਕਰ ਰਹੇ ਹਨ। ਕਿਸਾਨਾਂ ਵਿੱਚ ਇਸ ਗੱਲ ਦਾ ਗੁੱਸਾ ਹੈ ਕਿ ਸਰਕਾਰ ਨੇ ਪਿਛਲੇ ਦੋ ਸਾਲਾਂ ਤੋਂ ਕੇਂਦਰ ਸਰਕਾਰ ਵੱਲੋਂ ਵਿਸ਼ਵਾਸ 'ਤੇ ਅੰਦੋਲਨ ਮੁਲਤਵੀ ਕਰਨ ਤੋਂ ਬਾਅਦ ਉਹਨਾਂ ਦੀਆਂ ਮੰਗਾਂ ਵੱਲ ਕੋਈ ਧਿਆਨ ਕਿਉਂ ਨਹੀਂ ਦਿੱਤਾ, ਕਿਸਾਨ ਦਿੱਲੀ ਜਾ ਕੇ ਆਪਣੀਆਂ ਮੰਗਾਂ ਲਈ ਅੰਦੋਲਨ ਕਰਨ 'ਤੇ ਅੜੇ ਹਨ, ਪਰ ਸਰਕਾਰ ਉਹਨਾਂ ਦੇ ਰਸਤੇ ਵਿੱਚ ਕਿੱਲਾਂ ਅਤੇ ਬੈਰੀਕੇਡ ਲਗਾ ਕੇ ਉਹਨਾਂ ਨੂੰ ਰੋਕ ਰਹੀ ਹੈ। ਦੇਸ਼ ਦੇ ਅੰਨਦਾਤਾ ਉੱਪਰ ਡਰੋਨ ਦੁਆਰਾ ਅੱਥਰੂ ਗੈਸ ਦੇ ਗੋਲੇ ਬਰਸਾਏ ਜਾ ਰਹੇ ਹਨ ਅਤੇ ਰਬੜ ਦੀਆਂ ਗੋਲੀਆਂ ਦਾ ਪ੍ਰਯੋਗ ਹੋ ਰਿਹਾ ਹੈ। ਇਹ ਜਨਤਾ ਦੀ ਭਲਾਈ ਦੇ ਨਾਂਅ 'ਤੇ ਸੱਤਾ ਵਿੱਚ ਆਈ ਸਰਕਾਰ ਲਈ ਅਤੇ ਲੋਕਤੰਤਰ ਦੀ ਚੰਗੀ ਸਿਹਤ ਦੇ ਲਈ ਸ਼ੁਭ ਸੰਕੇਤ ਨਹੀਂ ਹਨ।

***# ਸੰਪਰਕ : 81465-46260***

# ਤਪਾ ਸਬ-ਡਵੀਜ਼ਨ 'ਚ ਬੱਸ ਸਟੈਂਡ ਨਾ ਹੋਣ ਕਾਰਨ ਲੋਕ ਹੋ ਰਹੇ ਖੱਜਲ



**ਤਪਾ ਮੰਡੀ (ਅਰੁਣ ਗੋਇਲ)**

ਸਬ-ਡਵੀਜ਼ਨ ਦੀ ਤਪਾ ਮੰਡੀ 'ਚ ਪੱਕੇ ਤੌਰ 'ਤੇ ਬੱਸ ਸਟੈਂਡ ਨਾ ਹੋਣ ਕਾਰਨ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਸੰਬੰਧੀ ਸਿਟੀ ਵੈੱਲਫੇਅਰ ਸੁਸਾਇਟੀ ਦੇ ਪ੍ਰਧਾਨ ਸੱਤ ਪਾਲ ਗੋਇਲ ਦਾ ਕਹਿਣਾ ਹੈ ਕਿ ਸ਼ਹਿਰ ਦੀ ਲਗਭਗ 30 ਹਜ਼ਾਰ ਦੀ ਆਬਾਦੀ ਹੋਣ ਕਾਰਨ ਲੋਕਾਂ ਨੂੰ ਲਗਭਗ 2 ਕਿਲੋਮੀਟਰ ਬਰਨਾਲਾ-ਬਠਿੰਡਾ ਮੁੱਖ ਮਾਰਗ 'ਤੇ ਓਵਰਬ੍ਰਿਜ ਦੇ ਦੋਵੇਂ ਪਾਸੇ ਖੁੱਲ੍ਹੇ 'ਚ ਖੜ ਕੇ ਬੱਸ ਦਾ ਇੰਤਜ਼ਾਰ ਕਰਨਾ ਪੈਂਦਾ ਹੈ। ਉਨ੍ਹਾ ਦੱਸਿਆ ਕਿ ਇਥੇ ਰੋਜ਼ਾਨਾ ਸੈਂਕੜਿਆਂ ਦੀ ਗਿਣਤੀ 'ਚ ਸਰਕਾਰੀ ਤੇ ਗੈਰ-ਸਰਕਾਰੀ ਬੱਸਾਂ ਲੰਬੇ ਰੂਟ 'ਤੇ ਜਾਂਦੀਆਂ ਤੇ ਆਉਂਦੀਆਂ ਹਨ, ਪਰ ਸਵਾਰੀਆਂ ਨੂੰ ਗਰਮੀ, ਸਰਦੀ ਜਾਂ ਬਾਰਿਸ਼ ਹੋਵੇ, ਖੁੱਲ੍ਹੇ 'ਚ ਹੀ ਖੜ ਕੇ ਇੰਤਜ਼ਾਰ ਕਰਨਾ ਪੈਂਦਾ ਹੈ। ਇਸ ਤੋਂ ਇਲਾਵਾ ਕੋਈ ਬੈਠਣ ਲਈ ਬੈਂਚ ਵੀ ਨਹੀਂ ਹਨ ਤੇ ਨਾ ਹੀ ਸਵਾਰੀਆਂ ਲਈ ਠੰਡੇ ਪਾਣੀ ਦਾ ਕੋਈ ਇਤਜ਼ਾਮ ਹੈ, ਪਰ ਨਗਰ ਕੌਂਸਲ ਤਪਾ ਵੱਲੋਂ ਆਉਣ-ਜਾਣ ਵਾਲੀਆਂ ਬੱਸਾਂ ਦੀ ਪਰਚੀ ਕੱਟੀ ਜਾਂਦੀ ਹੈ।

ਕਈ ਸਾਲ ਪਹਿਲਾਂ ਅਕਾਲੀ-ਭਾਜਪਾ ਸਰਕਾਰ ਨੇ ਕਰੋੜਾਂ ਰੁਪਏ ਦੀ ਲਾਗਤ ਨਾਲ ਨਵੇਂ ਬੱਸ ਸਟੈਂਡ ਦਾ ਨਿਰਮਾਣ ਕਰਵਾਇਆ ਸੀ, ਪਰ ਉਹ ਮਿੰਨੀ ਬੱਸਾਂ ਦਾ ਪਾਰਕਿੰਗ ਸਟੈਂਡ ਬਣ ਚੁੱਕਿਆ ਹੈ ਅਤੇ ਸਮਾਜ ਵਿਰੋਧੀ ਅਨਸਰ ਵੀ ਵਰਤੋਂ ਕਰਨ ਲੱਗ ਪਏ ਹਨ, ਜੋ ਚਿੱਟਾ ਹਾਥੀ ਬਣ ਚੁੱਕਿਆ ਹੈ।

ਉਨ੍ਹਾਂ ਮੌਜੂਦਾ ਸਰਕਾਰ ਤੋਂ ਮੰਗ ਕੀਤੀ ਹੈ ਇਸ ਬੱਸ ਸਟੈਂਡ ਦੀ ਮੁਰੰਮਤ ਕਰਵਾ ਕੇ ਚਾਲੂ ਕਰਵਾਇਆ ਜਾਵੇ ਜਾਂ ਫਿਰ ਟਰਾਮਾ ਸੈਂਟਰ ਦਾ ਨਿਰਮਾਣ ਕਰਕੇ ਇਲਾਕੇ ਨੂੰ ਸਹੂਲਤ ਦਿੱਤੀ ਜਾਵੇ।

## ਕੇਂਦਰੀ ਜੇਲ੍ਹ 'ਚੋਂ 5 ਮੋਬਾਇਲ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਤਲਾਸ਼ੀ ਦੌਰਾਨ 5 ਮੋਬਾਈਲ ਫੋਨ ਬਰਾਮਦ ਹੋਏ ਹਨ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਗੁਰਮੇਲ ਸਿੰਘ ਨੇ ਦੱਸਿਆ ਕਿ ਪੱਤਰ ਨੰਬਰ 1582 ਰਾਹੀਂ ਜਸਵੀਰ ਸਿੰਘ ਨੇ ਦੱਸਿਆ ਕਿ 17 ਫਰਵਰੀ ਨੂੰ ਰਾਤ ਸਮੇਂ ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਸਮੇਤ ਸਾਥੀ ਕਰਮਚਾਰੀਆਂ ਦੇ ਅਚਾਨਕ ਪੁਰਾਣੀ ਬੈਰਕ ਨੰਬਰ 11 ਦੀ ਤਲਾਸ਼ੀ ਕੀਤੀ ਗਈ ਤੇ ਤਲਾਸ਼ੀ ਦੌਰਾਨ ਹਵਾਲਾਤੀ ਮਲਕੀਤ ਸਿੰਘ ਉਰਫ ਕੀਰਤ ਪੁੱਤਰ ਸੋਨਾ ਸਿੰਘ ਵਾਸੀ ਪਿੰਡ ਲੱਖਾ ਸਿੰਘ ਵਾਲਾ ਹਿਠਾੜ ਕੋਲੋਂ 1 ਮੋਬਾਈਲ ਫੋਨ ਨੋਕੀਆ ਕੀਪੈਡ ਸਮੇਤ ਬੈਟਰੀ ਤੇ ਸਿੰਮ ਕਾਰਡ ਏਅਰਟੈੱਲ ਬਰਾਮਦ ਹੋਇਆ ਤੇ ਇਸ ਤੋਂ ਬਾਅਦ ਤਲਾਸ਼ੀ ਦੌਰਾਨ 2 ਮੋਬਾਈਲ ਫੋਨ ਨੋਕੀਆ, ਹੀਰੋ ਕੀਪੈਡ ਸਮੇਤ ਬੈਟਰੀਆਂ ਤੇ ਬਿਨਾਂ ਸਿੰਮ ਕਾਰਡ ਬਰਾਮਦ ਹੋਏ। ਜਾਂਚਕਰਤਾ ਨੇ ਦੱਸਿਆ ਕਿ ਪੱਤਰ ਨੰਬਰ 1586 ਰਾਹੀਂ ਜਸਵੀਰ ਸਿੰਘ ਨੇ ਦੱਸਿਆ ਕਿ 18 ਫਰਵਰੀ ਨੂੰ ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਸਮੇਤ ਸਾਥੀ ਕਰਮਚਾਰੀਆਂ ਦੇ ਅਚਾਨਕ ਨਵੀਂ ਬੈਰਕ ਨੰਬਰ 3 ਦੀ ਤਲਾਸ਼ੀ ਕੀਤੀ ਗਈ ਤੇ ਤਲਾਸ਼ੀ ਦੌਰਾਨ ਕੈਦੀ ਗੁਰਸ਼ੇਰ ਸਿੰਘ ਪੁੱਤਰ ਜਸਵੀਰ ਸਿੰਘ ਵਾਸੀ ਪਿੰਡ ਧਾਲੀਵਾਲ ਥਾਣਾ ਪੱਟੀ ਜ਼ਿਲ੍ਹਾ ਤਰਨਤਾਰਨ ਹਾਲ ਕੇਂਦਰੀ ਜੇਲ੍ਹ ਫਿਰੋਜ਼ਪੁਰ ਕੋਲੋਂ 1 ਮੋਬਾਇਲ ਫੋਨ ਨੋਕੀਆ ਬਿਨਾਂ ਸਿੰਮ ਕਾਰਡ ਬਰਾਮਦ ਹੋਇਆ। ਜਾਂਚਕਰਤਾ ਨੇ ਦੱਸਿਆ ਕਿ ਇਕ ਹੋਰ ਪੱਤਰ ਨੰਬਰ 1578 ਰਾਹੀਂ ਸੁਖਜਿੰਦਰ ਸਿੰਘ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ 18 ਫਰਵਰੀ ਨੂੰ ਕੇਂਦਰੀ ਜੇਲ੍ਹ 'ਚ ਬੀ ਕਲਾਸ ਚੱਕੀਆਂ ਦੀ ਤਲਾਸ਼ੀ ਕੀਤੀ ਗਈ ਤੇ ਤਲਾਸ਼ੀ ਦੌਰਾਨ ਹਵਾਲਾਤੀ ਸ਼ੁਭਮ ਪੁੱਤਰ ਮਿਸ਼ਰੀ ਲਾਲ ਵਾਸੀ ਮਕਾਨ ਨੰਬਰ 299 ਵਾਰਡ ਨੰਬਰ 1 ਗਵਾਲ ਟੋਲੀ ਕੈਂਟ ਫਿਰੋਜ਼ਪੁਰ ਹਾਲ ਕੇਂਦਰੀ ਜੇਲ੍ਹ ਫਿਰੋਜ਼ਪੁਰ ਕੋਲੋਂ 1 ਮੋਬਾਈਲ ਫੋਨ ਨੋਕੀਆ ਬਿਨਾਂ ਸਿੰਮ ਕਾਰਡ ਬਰਾਮਦ ਹੋਇਆ। ਪੁਲਸ ਨੇ ਦੱਸਿਆ ਕਿ ਉਕਤ ਹਵਾਲਾਤੀਆਂ, ਕੈਦੀ ਤੇ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# ਆਸ਼ਾ ਵਰਕਰ ਯੂਨੀਅਨ ਨੇ ਸਿਵਲ ਸਰਜਨ ਨੂੰ ਦਿੱਤਾ ਮੰਗ ਪੱਤਰ



ਆਸ਼ਾ ਵਰਕਰ ਯੂਨੀਅਨ ਦੇ ਮੁਲਾਜ਼ਮ ਮੰਗਾਂ ਨੂੰ ਲੈ ਕੇ ਸਿਵਲ ਸਰਜਨ ਨੂੰ ਮੰਗ ਪੱਤਰ ਦਿੰਦੇ ਹੋਏ।

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਜ਼ਿਲ੍ਹਾ ਫਿਰੋਜ਼ਪੁਰ ਵਿਖੇ ਸਮੂਹ ਆਸ਼ਾ ਵਰਕਰ ਯੂਨੀਅਨ ਵੱਲੋਂ ਜਸਵੰਤ ਕੌਰ ਜ਼ਿਲ੍ਹਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਪੰਜਾਬ ਦੇ ਉਲੀਕੇ ਪ੍ਰੋਗਰਾਮ ਤਹਿਤ ਡੀ ਸੀ ਦਫਤਰ ਵਿਖੇ ਰੋਸ ਰੈਲੀ ਕਰਕੇ ਸਿਵਲ ਸਰਜਨ ਫਿਰੋਜ਼ਪੁਰ ਨੂੰ ਮੰਗ ਪੱਤਰ ਦਿੱਤਾ ਗਿਆ।ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਸੰਤੋਸ਼ ਕੁਮਾਰੀ ਨੇ ਦੱਸਿਆ ਕਿ ਕੇਂਦਰ ਸਰਕਾਰ ਆਸ਼ਾ ਵਰਕਰਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਕਰ ਰਹੀ ਹੈ।ਉਨ੍ਹਾ ਦੱਸਿਆ ਕਿ ਆਸ਼ਾ ਵਰਕਰਾਂ ਜੋ ਕਿ ਸਿਹਤ ਮਹਿਕਮੇ ਦੀ ਰੀੜ੍ਹ ਦੀ ਹੱਡੀ ਹੈ ਤੇ ਉਹ ਲੋਕਾਂ ਨੂੰ ਸਿਹਤ ਸਹੂਲਤਾਂ ਦੇਣ ਲਈ ਗਰਾਊਂਡ ਲੈਵਲ ਤੱਕ ਕੰਮ ਕਰਦੀਆਂ ਹਨ।ਉਨ੍ਹਾਂ ਦੱਸਿਆ ਕਿ ਜਿੱਥੇ ਕੋਈ ਡਿਸਪੈਂਸਰੀ ਨਹੀਂ, ਉਥੇ ਵੀ ਘਰ ਘਰ ਜਾ ਕੇ ਆਸ਼ਾ ਵਰਕਰ ਜਾ ਕੇ ਆਪਣੀਆਂ ਸੇਧ ਸਹੂਲਤਾਂ ਲੋਕਾਂ ਨੂੰ ਪ੍ਰੋਵਾਈਡ ਕਰਵਾਉਂਦੀਆਂ ਹਨ।ਉਨ੍ਹਾਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਆਸ਼ਾ ਵਰਕਰ ਤੇ ਆਸ਼ਾ ਫੈਸਿਲੀਟੇਟਰ ਨੂੰ ਜ਼ਮੀਨ ਦੀ ਪੱਧਰ 'ਤੇ ਕੰਮ ਕਰਨ ਵਾਲੇ ਵਿਭਾਗੀ ਮੁਲਾਜ਼ਮ ਦਾ ਦਰਜਾ ਦਿੱਤਾ ਜਾਵੇ ਤੇ ਘੱਟ ਤੋਂ ਘੱਟ ਬੇਸਿਕ ਤਨਖਾਹ 21000 ਕੀਤੀ ਜਾਵੇ, ਆਸ਼ਾ ਵਰਕਰਾਂ ਤੇ ਆਸ਼ਾ ਫੈਸਿਲੀਟੇਟਰ ਦੀ ਹਾਜ਼ਰੀ ਸਿਹਤ ਕੇਂਦਰਾਂ 'ਤੇ ਲੱਗਣੀ ਯਕੀਨੀ ਬਣਾਈ ਜਾਵੇ, ਆਸ਼ਾ ਵਰਕਰ ਤੇ ਫੈਸਿਲੀਟੇਟਰ ਦੇ ਟੂਰ ਭੱਤਿਆਂ ਵਿੱਚ ਵਾਧਾ ਕੀਤਾ ਜਾਵੇ, ਸੇਵਾ ਮੁਕਤ ਹੋਣ ਤੋਂ ਬਾਅਦ 70 ਸਾਲ ਦੀ ਉਮਰ ਦੇ ਰਿਟਾਇਰਡ ਕਰਨ ਤੋਂ ਉਪਰੰਤ ਆਰਥਿਕ ਸਹਾਇਤਾ ਤੇ ਪੈਨਸ਼ਨ ਦਾ ਪ੍ਰਬੰਧ ਕੀਤਾ ਜਾਵੇ।ਇਸ ਮੌਕੇ ਪੰਜਾਬ ਗੌਰਮਿੰਟ ਪੈਨਸ਼ਨ ਯੂਨੀਅਨ ਦੇ ਜਨਰਲ ਸਕੱਤਰ ਅਜੀਤ ਸਿੰਘ ਸੋਢੀ ਨੇ ਸੰਬੋਧਨ ਕਰਦਿਆਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਆਸ਼ਾ ਵਰਕਰ ਯੂਨੀਅਨ ਦੀਆਂ ਮੰਗਾਂ ਜਲਦੀ ਪੂਰੀਆਂ ਨਾ ਕੀਤੀਆਂ ਤੇ ਸਮੂਹ ਪੈਨਸ਼ਨ ਜਥੇਬੰਦੀ, ਆਸ਼ਾ ਵਰਕਰ ਜਥੇਬੰਦੀ ਦਾ ਸਹਿਯੋਗ ਕਰਕੇ ਕੇਂਦਰ ਸਰਕਾਰ ਦੀਆਂ ਨੀਤੀਆਂ ਦਾ ਖੰਡਨ ਕੀਤਾ ਜਾਵੇਗਾ।ਇਸ ਮੌਕੇ ਪੈਰਾ ਮੈਡੀਕਲ ਤੇ ਸਿਹਤ ਕਰਮਚਾਰੀ ਯੂਨੀਅਨ ਦੇ ਜ਼ਿਲ੍ਹਾ ਆਗੂ ਨਰਿੰਦਰ ਸ਼ਰਮਾ, ਕਰਨ ਸਿੰਘ, ਅਜੀਤ ਸਿੰਘ, ਨਿਰਭੈ ਸਿੰਘ ਨੇ ਕੇਂਦਰ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਆਉਣ ਵਾਲੇ ਦਿਨਾਂ ਦੇ ਵਿੱਚ ਆਸ਼ਾ ਵਰਕਰ ਯੂਨੀਅਨ ਦੀਆਂ ਮੰਗਾਂ ਪਹਿਲ ਦੇ ਅਧਾਰ 'ਤੇ ਪੂਰੀਆਂ ਕਰੋ ਨਹੀਂ ਤਾਂ ਪੂਰੇ ਸਿਹਤ ਵਿਭਾਗ ਦਾ ਕੰਮ ਠੱਪ ਕਰਕੇ ਆਸ਼ਾ ਵਰਕਰ ਦੇ ਨਾਲ ਧਰਨੇ ਨਾਲ ਸਮਰਥਨ ਕੀਤਾ ਜਾਵੇਗਾ।

## ਆਵਾਰਾ ਪਸ਼ੂਆਂ ਨੇ ਸ਼ਹਿਰ ਵਾਸੀਆਂ ਦਾ ਜਿਊਣਾ ਦੁੱਭਰ ਕੀਤਾ

**ਤਪਾ ਮੰਡੀ (ਅਰੁਣ ਗੋਇਲ)**-ਸਥਾਨਕ ਇਲਾਕੇ 'ਚ ਆਵਾਰਾ ਪਸ਼ੂਆਂ ਦੀ ਸਮੱਸਿਆ ਦਿਨੋਂ-ਦਿਨ ਗੰਭੀਰ ਹੁੰਦੀ ਜਾ ਰਹੀ ਹੈ, ਜਿਸ ਕਾਰਨ ਕਿਸਾਨਾਂ ਨੂੰ ਵੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਜ਼ਿਕਰਯੋਗ ਹੈ ਕਿ ਇਹ ਆਵਾਰਾ ਪਸ਼ੂ ਗਲੀ-ਮੁਹੱਲਿਆਂ, ਚੌਰਾਹਿਆਂ, ਮੁੱਖ ਬਾਜ਼ਾਰਾਂ, ਟਰੱਕ ਯੂਨੀਅਨ ਦੇ ਮੈਦਾਨ ਆਮ ਘੁੰਮਦੇ ਦੇਖੇ ਜਾ ਸਕਦੇ ਹਨ ਅਤੇ ਗੰਦਗੀ ਫੈਲਾਉਂਦੇ ਹਨ। ਕਈ ਵਾਰ ਇਹ ਆਵਾਰਾ ਪਸ਼ੂ ਆਪਸ 'ਚ ਸਿੰਙਾਂ 'ਚ ਸਿੰਙ ਫਸਾ ਕੇ ਲੜਦੇ ਦੇਖੇ ਗਏ ਹਨ, ਜੋ ਅਕਸਰ ਹਾਦਸਿਆਂ ਦਾ ਕਾਰਨ ਬਣਦੇ ਹਨ, ਪਰ ਪ੍ਰਸ਼ਾਸਨ ਇਨ੍ਹਾਂ ਮਸ਼ਕਲਾਂ ਵੱਲ ਕੋਈ ਧਿਆਨ ਨਹੀਂ ਦਿੰਦਾ। ਲੋਕ ਹੁਣ ਦੁੱਧ ਪੀ ਕੇ ਪਸ਼ੂਆਂ ਨੂੰ ਰਾਤ ਬਰਾਤੇ ਛੱਡ ਕੇ ਚਲੇ ਜਾਂਦੇ ਹਨ। ਕਿਸਾਨਾਂ ਵੱਲੋਂ ਵੀ ਨਕਾਰਾ ਹੋਏ ਬਲਦ ਛੱਡਣ ਨਾਲ ਵੀ ਆਵਾਰਾ ਪਸ਼ੂਆਂ ਦੀ ਗਿਣਤੀ 'ਚ ਵਾਧਾ ਹੋ ਰਿਹਾ ਹੈ।

ਲੋਕਾਂ ਨੇ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਹੈ ਇਸ ਸਮੱਸਿਆ ਵੱਲ ਧਿਆਨ ਦੇ ਕੇ ਆਵਾਰਾ ਪਸ਼ੂਆਂ ਨੂੰ ਸਰਕਾਰੀ ਗਊਸ਼ਾਲਾ 'ਚ ਭੇਜਣ ਦਾ ਪ੍ਰਬੰਧ ਕੀਤਾ ਜਾਵੇ, ਕਿਉਂਕਿ ਗਲੀ-ਮੁਹੱਲਿਆਂ 'ਚ ਫਿਰਦੇ ਇਨ੍ਹਾਂ ਆਵਾਰਾ ਪਸ਼ੂਆਂ ਕਾਰਨ ਬੱਚੇ ਵੀ ਬਾਹਰ ਨਹੀਂ ਨਿਕਲ ਸਕਦੇ। ਦੱਸਣਯੋਗ ਹੈ ਕਿ ਕਈ ਸਾਲ ਪਹਿਲਾਂ ਇਨ੍ਹਾਂ ਆਵਾਰਾ ਪਸ਼ੂਆਂ ਨੇ ਇੱਕ ਵਿਅਕਤੀ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਸੀ, ਪਰ ਸਮੱਸਿਆ ਜਿਉਂ ਦੀ ਤਿਉਂ ਚੱਲੀ ਆ ਰਹੀ ਹੈ।




ਤਪਾ ਦੀ ਟਰੱਕ ਯੂਨੀਅਨ ਨੇੜੇ ਬੈਠਾ ਆਵਾਰਾ ਪਸ਼ੂਆਂ ਦਾ ਝੁੰਡ।

## ਕਾਤਰਾਂ

### ਪਿੰਡ ਸੁਰੱਖਿਆ ਕਮੇਟੀ ਨਾਲ ਡੀ ਸੀ ਤੇ ਐੱਸ ਐੱਸ ਪੀ ਵੱਲੋਂ ਬੈਠਕ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਡਿਪਟੀ ਕਮਿਸ਼ਨਰ ਡਾ. ਸੇਨੂ ਦੁੱਗਲ ਅਤੇ ਐਸਐਸਪੀ ਸ੍ਰੀ ਵਰਿੰਦਰ ਸਿੰਘ ਬਰਾੜ ਨੇ ਸਰਹੱਦੀ ਪਿੰਡ ਜੋਧਾ ਭੈਣੀ ਵਿਖੇ ਪਿੰਡ ਸੁਰੱਖਿਆ ਕਮੇਟੀ ਦੇ ਮੈਂਬਰਾਂ ਨਾਲ ਬੈਠਕ ਕੀਤੀ। ਇਸ ਮੌਕੇ ਡਿਪਟੀ ਕਮਿਸ਼ਨਰ ਡਾ ਸੇਨੂ ਦੁੱਗਲ ਨੇ ਕਿਹਾ ਕਿ ਸਰਹੱਦੀ ਪਿੰਡਾਂ ਦੇ ਲੋਕਾਂ ਦਾ ਸੁਰੱਖਿਆ ਫੋਰਸਾਂ ਨੂੰ ਬਹੁਤ ਸਹਿਯੋਗ ਮਿਲਦਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਨੂੰ ਕੋਈ ਡਰੋਨ ਦੀ ਗਤੀਵਿਧੀ ਬਾਰੇ ਜਾਣਕਾਰੀ ਮਿਲੇ ਤਾਂ ਉਹ ਇਸ ਸਬੰਧੀ ਪੁਲਿਸ ਜਾਂ ਬੀਐਸਐਫ਼ ਨੂੰ ਸੂਚਨਾ ਦੇਣ। ਉਨ੍ਹਾਂ ਲੋਕਾਂ ਨੂੰ ਦੱਸਿਆ ਕਿ ਦੁਸ਼ਮਣ ਦੇਸ ਵੱਲੋਂ ਸਰਹੱਦ ਪਾਰੋਂ ਸਾਡੇ ਮੁਲਕ ਵਿੱਚ ਨਸ਼ੇ ਤੇ ਹਥਿਆਰ ਭੇਜਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾਂਦੀਆਂ ਹਨ। ਜੇਕਰ ਲੋਕ ਜਾਗਰੂਕ ਹੋਣਗੇ ਤਾਂ ਅਸੀਂ ਦੁਸ਼ਮਣ ਦੇਸ਼ ਦੀਆਂ ਇਨ੍ਹਾਂ ਕੋਸ਼ਿਸ਼ਾਂ ਨੂੰ ਨਾਕਾਮ ਕਰ ਸਕਦੇ ਹਾਂ। ਐਸਐਸਪੀ ਵਰਿੰਦਰ ਸਿੰਘ ਬਰਾੜ ਨੇ ਲੋਕਾਂ ਨੂੰ ਕਿਹਾ ਕਿ ਜੇਕਰ ਉਹਨਾਂ ਨੂੰ ਇਲਾਕੇ ਵਿੱਚ ਨਸ਼ੇ ਦੀ ਤਸਕਰੀ ਸਬੰਧੀ ਕੋਈ ਸੂਚਨਾ ਹੋਵੇ ਤਾਂ ਉਹ ਬੇਝਿਜਕ ਪੁਲਿਸ ਨੂੰ ਇਸ ਸਬੰਧੀ ਜਾਣਕਾਰੀ ਦੇਣ ਤਾਂ ਜੁ ਦੋਸ਼ੀਆਂ ਖਿਲਾਫ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ।

### ਡਿਪਰੈਸਨ ਜਾਂ ਤਣਾਅਗ੍ਰਸਤ ਲੋਕਾਂ ਲਈ ਹੈਲਪਲਾਈਨ ਨੰਬਰ ਜਾਰੀ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਡਿਪਰੈਸ਼ਨ ਜਾਂ ਮਾਨਸਿਕ ਤੌਰ 'ਤੇ ਤਣਾਅਗ੍ਰਸਤ ਲੋਕਾਂ ਲਈ ਸਿਹਤ ਵਿਭਾਗ ਲਗਾਤਾਰ ਕੋਸ਼ਿਸ਼ਾਂ ਕਰ ਰਿਹਾ ਹੈ ਤਾਂ ਜੁ ਉਨ੍ਹਾਂ ਦੀ ਮਦਦ ਕੀਤੀ ਜਾ ਸਕੇ। ਇਸੇ ਤਹਿਤ ਰਾਸ਼ਟਰੀ ਸਿਹਤ ਮਿਸ਼ਨ ਵੱਲੋਂ ਸਿਹਤ ਵਿਭਾਗ ਦੇ ਟੈਲੀ ਪਲਸ ਟੋਲ ਫ੍ਰੀ ਨੰਬਰ ਦੀ ਸੇਵਾ ਸ਼ੁਰੂ ਕੀਤੀ ਗਈ ਹੈ। ਇਸ ਨੰਬਰ 'ਤੇ ਕਾਲ ਕਰਕੇ ਕੋਈ ਵੀ ਡਿਪਰੈਸ਼ਨ ਜਾਂ ਮਾਨਸਿਕ ਤੌਰ 'ਤੇ ਬਿਮਾਰ ਵਿਅਕਤੀ ਮਨੋਰੋਗ ਮਾਹਿਰਾਂ ਤੋਂ ਰਾਏ ਲੈ ਸਕਦਾ ਹੈ। ਕਾਰਜਕਾਰੀ ਸਿਵਲ ਸਰਜਨ ਡਾ. ਕਵਿਤਾ ਸਿੰਘ ਨੇ ਦੱਸਿਆ ਕਿ ਮਾਨਸਿਕ ਰੋਗਾਂ ਲਈ ਸਲਾਹ ਲੈਣ ਲਈ ਲੋਕ ਇਸ ਨੰਬਰ 'ਤੇ ਕਾਲ ਕਰ ਸਕਦੇ ਹਨ। ਇਸ ਦਾ ਟੋਲ ਫਰੀ ਨੰਬਰ ਹੈ 14416 ਜਾਂ 1800 89 14416।

### ਚਾਈਨਾ ਡੋਰ ਵੇਚਣ ਵਾਲਿਆਂ ਖਿਲਾਫ਼ ਕਾਰਵਾਈ ਸ਼ੁਰੂ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਡਿਪਟੀ ਕਮਿਸਨਰ ਡਾ. ਸੇਨੂ ਦੁੱਗਲ ਨੇ ਪਾਬੰਦੀਸ਼ੁਦਾ ਚਾਈਨਾ ਡੋਰ ਦੀ ਵਿਕਰੀ ਕਰਨ ਵਾਲਿਆਂ ਨੂੰ ਚੇਤਾਵਨੀ ਦਿੱਤੀ ਹੈ। ਉਨ੍ਹਾਂ ਦੇ ਆਦੇਸ਼ਾਂ 'ਤੇ ਨਗਰ ਨਿਗਮ ਦੀ ਟੀਮ ਵੱਲੋਂ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ ਵਿੱਚ ਦੁਕਾਨਾਂ 'ਤੇ ਜਾ ਕੇ ਚੈਕਿੰਗ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਪਤੰਗਬਾਜ਼ੀ ਲਈ ਚਾਈਨਾ ਡੋਰ ਦੀ ਵਰਤੋਂ ਨਾ ਕਰਨ, ਕਿਉਂਕਿ ਇਸ ਨਾਲ ਬਹੁਤ ਸਾਰੇ ਹਾਦਸੇ ਵਾਪਰ ਜਾਂਦੇ ਹਨ ਅਤੇ ਇਹ ਪੰਛੀਆਂ ਲਈ ਵੀ ਘਾਤਕ ਹੈ। ਉਨ੍ਹਾਂ ਕਿਹਾ ਕਿ ਜੋ ਕੋਈ ਵੀ ਨਿਯਮਾਂ ਦੇ ਉਲਟ ਜਾ ਕੇ ਚਾਈਨਾ ਡੋਰ ਦੀ ਵਿਕਰੀ ਜਾਂ ਵਰਤੋਂ ਕਰੇਗਾ ਤਾਂ ਉਸ ਖਿਲਾਫ਼ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਨੇ ਨਗਰ ਕੌਂਸਲਾਂ ਨੂੰ ਵੀ ਹਦਾਇਤ ਕੀਤੀ ਹੈ ਕਿ ਨਿਯਮਤ ਤੌਰ 'ਤੇ ਬਜ਼ਾਰਾਂ ਵਿੱਚ ਚੈਕਿੰਗ ਕੀਤੀ ਜਾਵੇ ਅਤੇ ਜੇਕਰ ਕੋਈ ਪਾਬੰਦੀਸ਼ੁਦਾ ਚਾਈਨਾ ਡੋਰ ਦੀ ਵਿਕਰੀ ਕਰਦਾ ਪਾਇਆ ਜਾਵੇ ਤਾਂ ਉਸ ਖਿਲਾਫ ਕਾਨੂੰਨ ਅਨੁਸਾਰ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ।

# ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਜਥੇਬੰਦੀਆਂ ਵੱਲੋਂ ਰਾਣਾ ਸੋਢੀ ਦੇ ਘਰ ਅੱਗੇ ਧਰਨਾ ਅੱਜ ਤੋਂ



ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਆਗੂ ਜਾਣਕਾਰੀ ਦਿੰਦੇ ਹੋਏ।

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਜਥੇਬੰਦੀਆਂ ਦੇ ਜ਼ਿਲ੍ਹਾ ਆਗੂਆਂ ਦੀ ਸਾਂਝੀ ਮੀਟਿੰਗ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਪੋਜੋ ਕੇ ਦੀ ਅਗਵਾਈ ਵਿੱਚ ਕੀਤੀ ਗਈ, ਜਿਸ ਵਿੱਚ ਕ੍ਰਾਂਤੀਕਾਰੀ ਕਿਸਾਨ ਯੂਨੀਅਨ, ਬੀਕੇਯੂ ਡਾਕੌਂਦਾ, ਬੀਕੇਯੂ ਰਾਜੇਵਾਲ, ਬੀਕੇਯੂ ਕਾਦੀਆਂ ਤੇ ਬੀਕੇਯੂ ਲੱਖੋਵਾਲ ਨੇ ਹਾਜ਼ਰੀ ਭਰੀ ਤੇ ਬੀਕੇਯੂ ਪੰਜਾਬ ਤੇ ਕੁੱਲ ਹਿੰਦ ਕਿਸਾਨ ਸਭਾ ਨੇ ਫੋਨ 'ਤੇ ਸਹਿਮਤੀ ਦਿੱਤੀ ਹੈ।ਪੱਤਰਕਾਰ ਨੂੰ ਜਾਣਕਾਰੀ ਦਿੰਦੇ ਹੋਏ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਸੁਰਜੀਤ ਕੁਮਾਰ ਨੇ ਦੱਸਿਆ ਕਿ ਸੰਯੁਕਤ ਕਿਸਾਨ ਮੋਰਚੇ ਨੇ 20, 21 ਤੇ 22 ਫ਼ਰਵਰੀ ਨੂੰ ਬੀਜੇਪੀ ਦੇ ਆਗੂਆਂ ਦੇ ਘਰਾ ਸਾਹਮਣੇ 3 ਦਿਨ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਉਨ੍ਹਾ ਕਿਹਾ ਕਿ ਜ਼ਿਲ੍ਹਾ ਫਿਰੋਜ਼ਪੁਰ ਵਿੱਚ ਰਾਣਾ ਗੁਰਮੀਤ ਸੋਢੀ ਦੇ ਘਰ ਅੱਗੇ ਧਰਨਾ ਦਿੱਤਾ ਜਾਵੇਗਾ, ਜਿਸ ਦਾ ਮੁੱਖ ਮਕਸਦ ਕਿਸਾਨਾਂ ਦੀਆਂ ਮੰਗਾਂ ਮਨਵਾਉਣਾ ਤੇ ਕੇਂਦਰ ਸਰਕਾਰ ਖਿਲਾਫ ਦਿੱਲੀ ਸ਼ਾਂਤਮਈ ਅੰਦੋਲਨ ਕਰਨ ਜਾ ਰਹੇ ਕਿਸਾਨਾਂ ਉਪਰ ਜਾਨਲੇਵਾ ਹਥਿਆਰਾਂ ਨਾਲ ਹਮਲੇ ਕਰਨ ਦਾ ਰੋਸ ਪ੍ਰਗਟਾਉਣਾ ਹੈ।

ਮੀਟਿੰਗ ਵਿੱਚ ਬੀਕੇਯੂ ਰਾਜੇਵਾਲ ਪੰਜਾਬ ਸਕੱਤਰ ਮਨਮੋਹਨ ਸਿੰਘ, ਬਲਾਕ ਪ੍ਰਧਾਨ ਸੁਖਦੇਵ ਸਿੰਘ, ਬੀਕੇਯੂ ਡਕੌਂਦਾ ਦੇ ਜ਼ਿਲ੍ਹਾ ਖ਼ਜ਼ਾਨਚੀ ਜੰਗੀਰ ਸਿੰਘ ਖਹਿਰਾ, ਬੀਕੇਯੂ ਕਾਦੀਆਂ ਦੇ ਜ਼ਿਲ੍ਹਾ ਪ੍ਰਧਾਨ ਗੁਰਵਿੰਦਰ ਸਿੰਘ ਖਹਿਰਾ, ਬਲਾਕ ਮੀਤ ਪ੍ਰਧਾਨ ਗੁਰਮੇਲ ਸਿੰਘ, ਬਲਾਕ ਪ੍ਰਧਾਨ ਪ੍ਰਕਾਸ਼ ਸਿੰਘ, ਬੀਕੇਯੂ ਲੱਖੋਵਾਲ ਜ਼ਿਲ੍ਹਾ ਪ੍ਰਧਾਨ ਅਮਰੀਕ ਸਿੰਘ ਸੰਧੂ, ਗੁਰਮੀਤ ਸਿੰਘ ਮੋਠਾਂਵਾਲਾ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਆਗੂ ਨਿਰਮਲ ਸਿੰਘ ਰੱਜੀਵਾਲਾ, ਬਲਾਕ ਪ੍ਰਧਾਨ ਗੁਰਚਰਨ ਸਿੰਘ ਬਾਰੇ ਕੇ ਹਾਜ਼ਰ ਸਨ।

## ਖੇਤਾਂ 'ਚੋਂ ਨੌਜਵਾਨ ਦੀ ਭੇਦਭਰੇ ਹਾਲਾਤ 'ਚ ਮਿਲੀ ਲਾਸ਼

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਰਹਿੰਦ ਮੰਡੀ ਚੌਂਕੀ ਦੀ ਪੁਲਸ ਨੂੰ ਭੇਤਭਰੇ ਹਾਲਾਤ 'ਚ ਇੱਕ 35 ਸਾਲਾ ਨੌਜਵਾਨ ਦੀ ਲਾਸ਼ ਮਿਲਣ ਦਾ ਸਮਾਚਾਰ ਹੈ।ਸਰਹਿੰਦ ਮੰਡੀ ਚੌਂਕੀ ਵਿਖੇ ਤਾਇਨਾਤ ਸਹਾਇਕ ਥਾਣੇਦਾਰ ਮਨਜੀਤ ਸਿੰਘ ਨੇ ਦੱਸਿਆ ਕਿ ਅੱਜ ਉਨ੍ਹਾਂ ਨੂੰ ਸੂਚਨਾ ਮਿਲੀ ਸੀ ਕਿ ਸਰਹਿੰਦ ਦੇ ਫਲਾਈਓਵਰ ਰੋਡ 'ਤੇ ਪੈਂਦੇ ਪੈਟਰੋਲ ਪੰਪ ਦੇ ਸਾਹਮਣੇ ਵਾਲੇ ਖੇਤਾਂ 'ਚ ਇੱਕ ਵਿਅਕਤੀ ਦੀ ਲਾਸ਼ ਪਈ ਹੈ, ਜਿਸ 'ਤੇ ਪੁਲਸ ਪਾਰਟੀ ਵੱਲੋਂ ਮੌਕੇ ਦਾ ਮੁਆਇਨਾ ਕਰਨ ਉਪਰੰਤ ਮੌਜਿਜ਼ ਵਿਅਕਤੀਆਂ ਦੀ ਹਾਜ਼ਰੀ 'ਚ ਉਕਤ ਲਾਸ਼ ਨੂੰ ਕਬਜ਼ੇ 'ਚ ਲਿਆ ਗਿਆ।ਉਨ੍ਹਾਂ ਦੱਸਿਆ ਕਿ ਮ੍ਰਿਤਕ ਦੀ ਪਹਿਚਾਣ ਕ੍ਰਿਸ਼ਨ ਕੁਮਾਰ (35) ਪੁੱਤਰ ਅਵਤਾਰ ਸਿੰਘ ਵਾਸੀ ਬ੍ਰਾਹਮਣਮਾਜਰਾ ਸਰਹਿੰਦ ਵਜੋਂ ਹੋਈ ਹੈ, ਜੋ ਕਿ ਮਜ਼ਦੂਰੀ ਕਰਦਾ ਦੱਸਿਆ ਜਾਂਦਾ ਹੈ।



ਮੌਤ ਦੇ ਕਾਰਨਾਂ ਬਾਰੇ ਪੁੱਛੇ ਜਾਣ 'ਤੇ ਉਨ੍ਹਾ ਕਿਹਾ ਕਿ ਲਾਸ਼ ਨੂੰ ਸਿਵਲ ਹਸਪਤਾਲ ਦੀ ਮੌਰਚਰੀ 'ਚ ਰਖਵਾ ਕੇ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ ਤੇ ਪੋਸਟਮਾਰਟਮ ਰਿਪੋਰਟ ਆਉਣ ਉਪਰੰਤ ਹੀ ਮੌਤ ਦੇ ਕਾਰਨ ਬਾਰੇ ਕੁਝ ਕਿਹਾ ਜਾ ਸਕਦਾ ਹੈ।

# ਰੱਲਾ ਦੇ ਮਜ਼ਦੂਰਾਂ ਨਾਲ ਠੱਗੀ ਮਾਰਨ ਵਾਲੇ ਬੈਂਕ ਅਧਿਕਾਰੀ ਤੇ ਦਲਾਲ ਖ਼ਿਲਾਫ਼ ਐੱਸ ਐੱਸ ਪੀ ਨੂੰ ਸ਼ਿਕਾਇਤ

**ਮਾਨਸਾ (ਆਤਮਾ ਸਿੰਘ ਪਮਾਰ)**-ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਭਗਵੰਤ ਸਿੰਘ ਸਮਾਓਂ ਨੇ ਦੱਸਿਆ ਕਿ ਸਟੇਟ ਬੈਂਕ ਆਫ ਇੰਡੀਆ ਬਰਾਂਚ ਪਿੰਡ ਰੱਲਾ ਦੇ ਮੌਜੂਦਾ ਫੀਲਡ ਅਫਸਰ ਤੇ ਇਸੇ ਪਿੰਡ ਦੇ ਡੇਅਰੀ ਮਾਲਕ ਦੀ ਕਥਿਤ ਮਿਲੀਭੁਗਤ ਨਾਲ ਗਰੀਬ ਮਜ਼ਦੂਰਾਂ ਦੇ ਮੱਝਾਂ ਦੇ ਲੋਨ ਪਾਸ ਕਰਨ ਸਮੇਂ ਅਨਪੜ੍ਹ ਮਜ਼ਦੂਰਾਂ ਤੋਂ ਉਕਤ ਬੈਂਕ ਅਧਿਕਾਰੀ ਨੇ ਪੈਸੇ ਕਢਵਾਉਣ ਵਾਲੇ ਬਾਉਚਰਾਂ 'ਤੇ ਵੀ ਅੰਗੂਠਾ ਜਾਂ ਦਸਖ਼ਤ ਕਰਵਾ ਲਏ।ਮਜ਼ਦੂਰਾਂ ਨੂੰ ਇੱਕ ਸਾਲ ਬਾਅਦ ਜਦੋਂ ਬੈਂਕ ਵੱਲੋਂ ਕਿਸ਼ਤਾਂ ਨਾਂ ਭਰਨ ਦਾ ਲਿਖਤੀ ਨੋਟਿਸ ਘਰ ਆਇਆ ਤਾਂ ਇਸ ਸਬੰਧੀ ਪਤਾ ਲੱਗਾ।ਜਦੋਂ ਮਜ਼ਦੂਰ ਬੈਂਕ ਵਿੱਚ ਪੜਤਾਲ ਕਰਨ ਉਕਤ ਅਧਿਕਾਰੀ ਕੋਲ ਗਏ ਤਾਂ ਉਸ ਨੇ ਪਿੰਡ ਵਿੱਚ ਡੇਅਰੀ ਚਲਾਉਣ ਵਾਲ ਬਾਬੇ ਕੋਲ ਭੇਜ ਦਿੱਤਾ।ਮਜ਼ਦੂਰਾਂ ਨੂੰ ਡੇਅਰੀ ਮਾਲਕ ਨੇ ਕਿਹਾ ਕਿ ਬੈਂਕ ਅਫਸਰ ਗਰੋਵਰ ਨੇ ਆਪਣਾ ਲੜਕਾ ਵਿਦੇਸ਼ ਭੇਜਣਾ ਸੀ, ਜਿਸ ਕਰਕੇ ਉਸ ਨੂੰ ਰੁਪਇਆਂ ਦੀ ਲੋੜ ਸੀ।ਮਜ਼ਦੂਰ ਆਗੂ ਸਮਾਓਂ ਨੇ ਦੱਸਿਆ ਕਿ ਇਕੱਲੇ ਰੱਲਾ ਪਿੰਡ ਵਿਖੇ ਹੀ ਮਜ਼ਦੂਰਾਂ ਤੇ ਗਰੀਬ ਲੋਕਾਂ ਦੇ ਇਸ ਬੈਂਕ ਅਧਿਕਾਰੀ ਨੇ ਮੱਝਾਂ ਦੇ ਲੋਨ ਪਾਸ ਕਰਨ ਲਈ 20 ਤੋਂ 40 ਹਜ਼ਾਰ ਤੱਕ ਰਿਸ਼ਵਤ ਲਈ ਹੈ ਕੁੱਝ ਅਜਿਹੇ ਲੋਕ ਵੀ ਹਨ, ਜਿਨ੍ਹਾਂ ਨੇ 10 ਹਜ਼ਾਰ ਰੁਪਏ ਕਰਜ਼ਾ ਲੈਣ ਲਈ ਦਿੱਤੇ ਹੋਏ ਹਨ, ਪਰ ਅਜੇ ਤੱਕ ਕਰਜ਼ਾ ਪਾਸ ਨਹੀਂ ਹੋਇਆ।ਉਨ੍ਹਾਂ ਕਿਹਾ ਕਿ ਜ਼ਰੂਰਤ ਪੈਣ 'ਤੇ ਪੁਲਸ ਪ੍ਰਸ਼ਾਸਨ ਕੋਲ ਗਵਾਹ ਵੀ ਪੇਸ਼ ਕੀਤੇ ਜਾਣਗੇ।ਜਦੋਂ ਇਸ ਸਬੰਧੀ ਬੈਂਕ ਅਧਿਕਾਰੀ ਨਰਿੰਦਰ ਕੁਮਾਰ ਗਰੋਵਰ ਦਾ ਪੱਖ ਜਾਨਣ ਲਈ ਫੋਨ 'ਤੇ ਗੱਲ ਕੀਤੀ ਗਈ ਤਾਂ ਉਨ੍ਹਾਂ ਦੋਸ਼ਾਂ ਨੂੰ ਮੁੱਢੋਂ ਨਕਾਰਦਿਆਂ ਕਿਹਾ ਕਿ ਲੋਨ ਲੈਣ ਵਾਲੇ ਵਿਅਕਤੀਆਂ ਵੱਲੋਂ ਬੈਂਕ ਵਿੱਚ ਆ ਕੇ ਹੀ ਲੋੜੀਦੇ ਦਸਤਾਵੇਜ਼ਾਂ 'ਤੇ ਅੰਗੂਠੇ/ਦਸਤਖਤ ਕੀਤੇ ਗਏ ਸਨ ਅਤੇ ਫਿਰ ਹੀ ਉਨ੍ਹਾਂ ਦੇ ਕਰਜ਼ੇ ਪਾਸ ਹੋਏ ਹਨ।ਜਦੋਂ ਉਨ੍ਹਾਂ ਤੋਂ ਪੈਸੇ ਕਢਵਾਉਣ ਵਾਲੇ ਬਾਉਚਰਾਂ 'ਤੇ ਅਗਾਊਂ ਅੰਗੂਠੇ/ਦਸਤਖਤ ਕਰਵਾਉਣ ਬਾਰੇ ਪੁੱਛਿਆ ਗਿਆ ਤਾਂ ਉਹ ਕੋਈ ਤਸੱਲੀਬਖਸ਼ ਜਵਾਬ ਨਹੀਂ ਦੇ ਸਕੇ।ਇਸ ਮੌਕੇ ਮਜ਼ਦੂਰ ਆਗੂ ਭੋਲਾ ਸਿੰਘ ਝੱਬਰ, ਸ਼ਿਕਾਇਤਕਰਤਾ ਪੀੜਤ ਜੀਤੀ ਸਿੰਘ, ਸੁਖਵਿੰਦਰ ਸਿੰਘ ਆਦਿ ਮੌਜੂਦ ਸਨ।



# ਚੰਡੀਗੜ੍ਹ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਨਾਲ ਪੁਲਸ ਵੱਲੋਂ ਦੁਰਵਿਹਾਰ ਕਰਨ 'ਤੇ ਵਕੀਲਾਂ ਵੱਲੋਂ ਹੜਤਾਲ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਸਮਾਣਾ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਕਰਮਜੀਤ ਸਿੰਘ ਰੰਧਾਵਾ ਦੀ ਪ੍ਰਧਾਨਗੀ ਹੇਠ ਬਾਰ ਐਸੋਸੀਏਸ਼ਨ ਸਮਾਣਾ ਦੀ ਇਕ ਵਿਸ਼ੇਸ਼ ਮੀਟਿੰਗ ਹੋਈ, ਜਿਸ ਵਿੱਚ ਸਰਬਸੰਮਤੀ ਨਾਲ ਮਤਾ ਪਾਸ ਕਰਕੇ ਅੱਜ ਇੱਕ ਦਿਨ ਲਈ ਹੜਤਾਲ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਬਾਰ ਐਸੋਸੀਏਸ਼ਨ ਸਮਾਣਾ ਦੇ ਪ੍ਰਧਾਨ ਕਰਮਜੀਤ ਸਿੰਘ ਰੰਧਾਵਾ ਦੱਸਿਆ ਕਿ ਚੰਡੀਗੜ੍ਹ ਹਾਈਕੋਰਟ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਨਾਲ ਪੁਲਸ ਵੱਲੋਂ ਦੁਰਵਿਹਾਰ ਕੀਤਾ ਗਿਆ ਸੀ, ਜਿਸ ਦੇ ਚਲਦਿਆਂ ਚੰਡੀਗੜ੍ਹ ਬਾਰ ਐਸੋਸੀਏਸ਼ਨ ਵੱਲੋਂ ਪੰਜਾਬ ਦੀਆਂ ਸਾਰੀਆਂ ਬਾਰ ਐਸੋਸੀਏਸ਼ਨਾਂ ਨੂੰ ਅੱਜ ਹੜਤਾਲ ਕਰਨ ਦਾ ਸੱਦਾ ਦਿੱਤਾ ਗਿਆ ਸੀ, ਜਿਸ ਕਰਕੇ ਅੱਜ ਬਾਰ ਐਸੋਸੀਏਸ਼ਨ ਸਮਾਣਾ ਨੇ ਇੱਕ ਦਿਨ ਲਈ ਹੜਤਾਲ ਕੀਤੀ ਹੈ, ਜੇਕਰ ਚੰਡੀਗੜ੍ਹ ਬਾਰ ਐਸੋਸੀਏਸ਼ਨ ਦੀ ਅੱਗੇ ਹੜਤਾਲ ਜਾਰੀ ਰੱਖਣ ਲਈ ਕਾਲ ਆਈ ਤਾਂ ਅੱਗੇ ਹੜਤਾਲ ਹੋਰ ਵਧਾਈ ਜਾ ਸਕਦੀ ਹੈ। ਇਸ ਮੌਕੇ ਬਾਰ ਐਸੋਸੀਏਸ਼ਨ ਦੇ ਮੀਤ ਪ੍ਰਧਾਨ ਐਡਵੋਕੇਟ ਰਿਸ਼ੀ ਚੋਪੜਾ, ਸੈਕਟਰੀ ਐਡਵੋਕੇਟ ਹਰਮਨਦੀਪ ਸਿੰਘ ਸਿੱਧੂ, ਜੁਆਇੰਟ ਸੈਕਟਰੀ ਜਗਤਾਰ ਸ਼ਰਮਾ, ਕੈਸ਼ੀਅਰ ਐਡਵੋਕੇਟ ਸੰਦੀਪ ਜਿੰਦਲ, ਲਾਈਬ੍ਰੇਰੀਅਨ ਐਡਵੋਕੇਟ ਨਿਰਲੇਪ ਕੌਰ, ਐਗਜ਼ੈਕਟਿਵ ਮੈਂਬਰ ਐਡਵੋਕੇਟ ਗੁਰਜੀਤ ਕੌਰ ਬੱਲ, ਐਡਵੋਕੇਟ ਰਾਜਵਿੰਦਰ ਗੋਇਲ, ਐਡਵੋਕੇਟ ਅਰਮਾਨ ਸਿੰਘ ਤੋਂ ਇਲਾਵਾ ਸੀਨੀਅਰ ਐਡਵੋਕੇਟਸ ਕੁਲਵੰਤ ਸਿੰਘ ਢਿੱਲੋਂ, ਦਵਿੰਦਰ ਸਿੰਘ ਢਿੱਲੋਂ, ਤਰਨਜੀਤ ਸਿੰਘ ਸੋਢੀ, ਨਵਦੀਪ ਸਿੰਘ ਢਿੱਲੋਂ, ਸੁਰੇਸ਼ ਸ਼ਰਮਾ, ਵਿਕਾਸ ਸ਼ਰਮਾ, ਇੰਦਰਜੀਤ ਸਿੰਘ ਸਲੂਜਾ, ਕੁਲਵਿੰਦਰ ਸਿੰਘ ਗਲੌਲੀ, ਕਸਮੀਰ ਸਿੰਘ ਵਿਰਕ, ਅਮਰਜੀਤ ਸਿੰਘ ਬਾਜਵਾ, ਅਰੁਣ ਸੰਧੂ, ਰਵਿੰਦਰ ਕੁਮਾਰ ਸਹੋਤਾ, ਸਾਹਿਬ ਸਿੰਘ ਸ਼ੇਰਗੜ੍ਹ, ਲਵਲੀ ਗਰਗ, ਵਿਸ਼ਨੂੰ, ਮੈਡਮ ਮਨਪ੍ਰੀਤ ਕੌਰ, ਅਨਰੂਪ ਗਰਗ, ਅਜੇ ਗੁਪਤਾ, ਬਘੇਲ ਸਿੰਘ, ਕੁਲਜੀਤ ਸਿੰਘ, ਵਿਕਰਮ ਭਟਨਾਗਰ, ਖੁਆਬ ਸੋਨੀ, ਕਸ਼ਮੀਰ ਸਿੰਘ ਚੂੰਬਰ, ਅਮਰਜੀਤ ਸਿੰਘ ਬਾਜਵਾ, ਗੁਰਵਿੰਦਰ ਸਿੰਘ ਕਾਲੇਕਾ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਐਡਵੋਕੇਟਸ ਹਾਜ਼ਰ ਸਨ।

## ਸ੍ਰੀ ਅਖੰਡ ਪਾਠ ਸਾਹਿਬ ਦੀ 10ਵੀਂ ਲੜੀ ਆਰੰਭ

**ਮੱਖੂ (ਰਛਪਾਲ ਸਿੰਘ ਸੰਧੂ)**-ਸ਼੍ਰੋਮਣੀ ਭਗਤ ਬਾਬਾ ਮਸਤ ਕਰਮ ਚੰਦ ਬਾਠਾਂ ਵਾਲੇ ਜੀ ਦੀ 6 ਮਾਰਚ ਨੂੰ ਮਨਾਈ ਜਾ ਰਹੀ 39ਵੀਂ ਬਰਸੀ ਨੂੰ ਸਮਰਪਤ ਗੁਰਦੁਆਰਾ ਸਾਹਿਬ ਵਿਖੇ ਕਰਵਾਏ ਜਾ ਰਹੇ ਸ੍ਰੀ ਅਖੰਡ ਪਾਠ ਦੀ ਨੌਂਵੀਂ ਲੜੀ ਦੇ ਭੋਗ ਸੰਪੂਰਨ ਉਪਰੰਤ 10ਵੀਂ ਲੜੀ ਦੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ।ਇਸ ਮੌਕੇ ਗੁਰਦੁਆਰਾ ਸਾਹਿਬ ਬਾਬਾ ਮਸਤ ਕਰਮ ਚੰਦ ਬਾਠਾਂ ਵਾਲਾ ਮਖੂ ਦੇ ਮੈਨੇਜਰ ਇਕਬਾਲ ਸਿੰਘ ਚੱਬਾ, ਗ੍ਰੰਥੀ ਗੁਰਲਾਲ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀ ਅਖੰਡ ਪਾਠਾਂ ਦੇ ਭੋਗ ਸੰਪੂਰਨ ਉਪਰੰਤ ਰਾਗੀ ਢਾਡੀ ਜਥੇ ਵੱਲੋਂ ਸੰਗਤ ਨੂੰ ਗੁਰੂ ਘਰ ਦਾ ਜਸ ਸੁਣਾ ਕੇ ਨਿਹਾਲ ਕੀਤਾ ਗਿਆ।ਬਾਬਾ ਜੀ ਦੀ ਬਰਸੀ ਨੂੰ ਸਮਰਪਤ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਣ ਵਾਲੀ ਸੰਗਤ 'ਚ 1 ਫਰਵਰੀ ਤੋਂ ਅਤੁੱਟ ਲੰਗਰ ਵਰਤਾਇਆ ਜਾ ਰਿਹਾ ਹੈ।ਇਸ ਮੌਕੇ ਸੰਗਤ ਵਿੱਚ ਲੰਗਰ ਵਰਤਾਉਣ ਦੀ ਸੇਵਾ ਸਤਨਾਮ ਸਿੰਘ, ਸਰੂਪ ਸਿੰਘ, ਨਰਿੰਦਰ ਸਿੰਘ ਮੁਮਾਰੇਵਾਲਾ, ਅਜੈਬ ਸਿੰਘ ਨੰਬਰਦਾਰ, ਕੇਵਲ ਕ੍ਰਿਸ਼ਨ ਸਚਦੇਵਾ, ਸੰਤੋਖ ਸਿੰਘ ਫ਼ੌਜੀ, ਸਤਵਿੰਦਰ ਸਿੰਘ ਮਖੂ, ਸੁਸ਼ੀਲ ਚਾਵਲਾ, ਰਾਹੁਲ ਅਹੂਜਾ, ਜਗਦੇਵ ਸਿੰਘ ਔਲਖ, ਤਰਲੋਚਨ ਸਿੰਘ, ਜਗਜੀਤ ਸਿੰਘ ਘਈ, ਅਮਰਜੀਤ ਸਿੰਘ ਪੱਪੀ, ਕਾਰਜ ਸਿੰਘ, ਸੁਖਦੇਵ ਸਿੰਘ, ਜਿਊਣ ਸਿੰਘ, ਪਰਮਜੀਤ ਸਿੰਘ ਪੰਮਾ ਆਦਿ ਵੱਲੋਂ ਨਿਭਾਈ ਗਈ।



ਲੰਗਰ ਵਰਤਾਉਣ ਦੀ ਸੇਵਾ ਕਰਦੇ ਹੋਏ ਸੇਵਾਦਾਰ।

# ਫ਼ੀਲਖ਼ਾਨਾ ਸਕੂਲ ਦੇ ਸਾਲਾਨਾ ਮੈਗਜ਼ੀਨ 'ਹੱਸਦੇ ਫੁੱਲ' ਦੀ ਘੁੰਡ ਚੁਕਾਈ



**ਪਟਿਆਲਾ (ਭੁਪਿੰਦਰਜੀਤ ਮੌਲਵੀਵਾਲਾ)**

ਸਕੂਲ ਆਫ਼ ਐਮੀਨੈਂਸ ਫ਼ੀਲਖ਼ਾਨਾ, ਪਟਿਆਲਾ ਵੱਲੋਂ ਸਕੂਲ ਦਾ ਸਾਲਾਨਾ ਮੈਗਜ਼ੀਨ 'ਹੱਸਦੇ ਫੁੱਲ' ਅਜੀਤਪਾਲ ਸਿੰਘ ਕੋਹਲੀ ਐੱਮ. ਐੱਲ. ਏ (ਪਟਿਆਲਾ ਸ਼ਹਿਰੀ) ਨੇ ਰਿਲੀਜ਼ ਕੀਤਾ।ਇਸ ਮੌਕੇ ਸਕੂਲ ਦੇ ਸਟੇਟ ਐਵਾਰਡੀ ਪ੍ਰਿੰਸੀਪਲ ਡਾ. ਰਜਨੀਸ਼ ਗੁਪਤਾ ਨੇ ਦੱਸਿਆ ਕਿ ਸਕੂਲ ਦਾ ਸਾਲਾਨਾ ਮੈਗਜ਼ੀਨ ਦਸ ਸਾਲ ਬਾਅਦ ਪੁਨਰ-ਸੁਰਜੀਤ ਕਰਕੇ ਸੈਸ਼ਨ 2021-22 ਦਾ ਮੈਗਜ਼ੀਨ ਜਾਰੀ ਕੀਤਾ ਗਿਆ ਸੀ ਤੇ ਹੁਣ ਇਹ ਸੈਸ਼ਨ 2022-23 ਦਾ ਸਾਲਾਨਾ ਮੈਗਜ਼ੀਨ ਜਾਰੀ ਕੀਤਾ ਗਿਆ ਹੈ ਜੋ ਕਿ ਪੂਰੇ ਪੰਜਾਬ ਦੇ ਐਮੀਨੈਂਸ ਸਕੂਲਾਂ ਦਾ ਪਹਿਲਾ ਮੈਗਜ਼ੀਨ ਹੈ। ਇਸ ਮੌਕੇ ਸ੍ਰ. ਅਜੀਤਪਾਲ ਸਿੰਘ ਕੋਹਲੀ ਨੇ ਦੱਸਿਆ ਕਿ ਮੈਗਜ਼ੀਨ ਵਿਦਿਆਰਥੀਆਂ ਦੀ ਸਾਹਿਤਕ ਪ੍ਰਤਿਭਾ ਨੂੰ ਪ੍ਰਗਟ ਕਰਨ ਦਾ ਇੱਕ ਵਧੀਆ ਉਪਰਾਲਾ ਹੈ। ਸ. ਅਜੀਤਪਾਲ ਸਿੰਘ ਕੋਹਲੀ ਨੇ ਦੱਸਿਆ ਕਿ ਸਕੂਲ ਆਫ਼ ਐਮੀਨੈਂਸ ਫ਼ੀਲਖ਼ਾਨਾ ਪਟਿਆਲਾ ਵੱਲੋਂ ਵਿਦਿਆਰਥੀਆਂ ਦੀਆਂ ਸਿਰਜਣਾਤਮਕ ਰੁਚੀਆਂ ਨੂੰ ਪ੍ਰੇਰਿਤ ਕਰਨ ਲਈ ਸਾਲਾਨਾ ਮੈਗਜ਼ੀਨ 'ਹੱਸਦੇ ਫੁੱਲ' ਤਿਆਰ ਕਰਨਾ ਇੱਕ ਸ਼ਲਾਘਾਯੋਗ ਪ੍ਰਾਪਤੀ ਹੈ।ਇਸ ਮੌਕੇ ਮੈਗਜ਼ੀਨ ਦੇ ਮੁੱਖ ਸੰਪਾਦਕ ਅਕਸ਼ੈ ਕੁਮਾਰ ਨੇ ਦੱਸਿਆ ਕਿ 'ਹੱਸਦੇ ਫੁੱਲ' ਮੈਗਜ਼ੀਨ ਵਿੱਚ ਵਿੱਦਿਅਕ ਸੈਸ਼ਨ ਦੀਆਂ ਸਮੁੱਚੀਆਂ ਪ੍ਰਾਪਤੀਆਂ ਤੇ ਗਤੀਵਿਧੀਆਂ ਨੂੰ ਬਣਦੀ ਪ੍ਰਤੀਨਿਧਤਾ ਦਿੱਤੀ ਗਈ ਹੈ।ਇਸ ਮੌਕੇ ਜ਼ਿਲ੍ਹਾ ਪੱਧਰ 'ਤੇ ਖੇਡਾਂ ਵਿੱਚ ਅੱਵਲ ਆਏ 60 ਵਿਦਿਆਰਥੀਆਂ ਨੂੰ ਟਰੈਕ ਸੂਟ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਮੈਗਜ਼ੀਨ ਦੇ ਸੰਪਾਦਕ ਸਪਨਾ ਸੇਠੀ, ਸੰਪਾਦਕ ਪਰਮਿੰਦਰ ਕੌਰ, ਵਾਈਸ ਪ੍ਰਿੰਸੀਪਲ ਮੈਡਮ ਸੁਰਿੰਦਰ ਕੌਰ, ਕੰਵਰਜੀਤ ਧਾਲੀਵਾਲ, ਮਨੋਜ ਥਾਪਰ, ਚਰਨਜੀਤ ਸਿੰਘ, ਮੋਨਾ ਦੇਵਗਨ ਪਰਮਜੀਤ ਸਿੰਘ, ਬਲਵਿੰਦਰ ਜੱਸਲ, ਸਿਮਰਨਪ੍ਰੀਤ ਕੌਰ, ਮਨਦੀਪ ਕੁਮਾਰ, ਨਰਿੰਦਰਪਾਲ ਸਿੰਘ, ਇੰਦਰਪਾਲ ਸਿੰਘ, ਰਵਿੰਦਰ ਸਿੰਘ, ਸੰਨੀ ਡਾਬੀ ਵਾਰਡ ਇੰਚਾਰਜ਼ ਤੇ ਪ੍ਰਵੀਨ ਵਾਲੀਆ ਆਦਿ ਸਾਥੀ ਹਾਜ਼ਰ ਸਨ।

# ਜੌੜੇਮਾਜਰਾ ਡੇਰਾ ਦੁਫੇੜਾ ਸਾਹਿਬ ਵਿਖੇ ਹੋਏ ਨਤਮਸਤਕ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਪੰਜਾਬ ਦੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਚੇਤਨ ਸਿੰਘ ਜੌੜੇਮਾਜਰਾ ਡੇਰਾ ਦੁਫੇੜਾ ਸਾਹਿਬ ਵਿਖੇ ਨਤਮਸਤਕ ਹੋਏ ਤੇ ਉਨ੍ਹਾਂ ਬਾਬਾ ਰਾਮ ਸਿੰਘ ਗੰਢੂਆ ਵਾਲਿਆਂ ਤੋਂ ਆਸ਼ੀਰਵਾਦ ਹਾਸਲ ਕੀਤਾ। ਜੌੜੇਮਾਜਰਾ ਨੇ ਕਿਹਾ ਕਿ ਸ਼ਹੀਦਾਂ ਦੀ ਧਰਤੀ ਫ਼ਤਹਿਗੜ੍ਹ ਸਾਹਿਬ ਦਸਮਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜਾਦਿਆਂ ਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਕਾਰਨ ਦੁਨੀਆਂ ਭਰ ਵਿੱਚ ਜਾਣੀ ਜਾਂਦੀ ਹੈ ਤੇ ਇਸ ਧਰਤੀ ਤੇ ਸਮੇਂ-ਸਮੇਂ ਕਈ ਮਹਾਨ ਸ਼ਖ਼ਸੀਅਤਾਂ ਨੇ ਮਾਨਵਤਾ ਦੀ ਭਲਾਈ ਲਈ ਮਹਾਨ ਕਾਰਜ ਕੀਤੇ ਹਨ ਅਤੇ ਬਾਬਾ ਰਾਮ ਸਿੰਘ ਗੰਢੂਆਂ ਵਾਲੇ ਇਸ ਲੜੀ ਨੂੰ ਪੂਰੀ ਸ਼ਿੱਦਤ ਨਾਲ ਅੱਗੇ ਤੋਰ ਰਹੇ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਸੰਤ ਬਾਬਾ ਰਾਮ ਸਿੰਘ ਗੰਢੂਆਂ ਵਾਲੇ ਜਿਥੇ ਪੰਥ ਦੀ ਚੜ੍ਹਦੀ ਕਲਾ ਲਈ ਅਹਿਮ ਭੂਮਿਕਾ ਅਦਾ ਕਰ ਰਹੇ ਹਨ, ਉਥੇ ਹੀ ਬਾਬਾ ਜੀ ਸਮਾਜ ਸੇਵਾ ਦੇ ਖੇਤਰ ਵਿੱਚ ਵੀ ਵਿਸੇਸ ਯੋਗਦਾਨ ਪਾ ਰਹੇ ਹਨ, ਜੋ ਇੱਕ ਮਹਾਨ ਕਾਰਜ ਹੈ। ਉਨ੍ਹਾਂ ਕਿਹਾ ਕਿ ਉਹ ਜਦੋਂ ਵੀ ਮੌਕਾ ਮਿਲਦਾ ਹੈ, ਡੇਰਾ ਗੰਢੂਆਂ ਵਿਖੇ ਆ ਕੇ ਬਾਬਾ ਰਾਮ ਸਿੰਘ ਗੰਢੂਆਂ ਵਾਲਿਆਂ ਤੋਂ ਆਸ਼ੀਰਵਾਦ ਹਾਸਲ ਕਰਦੇ ਹਨ ਤਾਂ ਜੁ ਉਹ ਲੋਕ ਭਲਾਈ ਦੇ ਕੰਮਾਂ ਲਈ ਦ੍ਰਿੜਤਾ ਨਾਲ ਅੱਗੇ ਵਧ ਸਕਣ। ਉਨ੍ਹਾਂ ਬਾਬਾ ਰਾਮ ਸਿੰਘ ਗੰਢੂਆਂ ਵਾਲੇ ਜਿਸ ਤਰ੍ਹਾਂ ਮਾਨਵਤਾ ਦੀ ਭਲਾਈ ਲਈ ਕਾਰਜ ਕਰ ਰਹੇ ਹਨ ਉਹ ਆਪਣੇ ਆਪ ਵਿੱਚ ਬੇਮਿਸਾਲ ਹੈ। ਉਨ੍ਹਾਂ ਸਰਬੱਤ ਦੇ ਭਲੇ ਦੀ ਅਰਦਾਸ ਵੀ ਕੀਤੀ।

# ਨਰੇਗਾ 'ਚ ਕੀਤੇ ਕੰਮ ਦੇ ਪੈਸੇ ਤੁਰੰਤ ਜਾਰੀ ਹੋਣ : ਗੋਰਾ ਪਿਪਲੀ

**ਕੋਟਕਪੂਰਾ (ਰਛਪਾਲ ਭੁੱਲਰ)**-ਨਰੇਗਾ ਰੁਜਗਾਰ ਪ੍ਰਾਪਤ ਮਜਦੂਰ ਯੂਨੀਅਨ ਜਿਲਾ ਫਰੀਦਕੋਟ ਵੱਲੋਂ ਜੈਤੋ ਬਲਾਕ ਦੇ ਪਿੰਡਾਂ ਵਿੱਚ ਮੀਟਿੰਗਾਂ ਕੀਤੀਆਂ ਗਈਆਂ। ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਜਿਲ੍ਹਾ ਸਕੱਤਰ ਗੋਰਾ ਸਿੰਘ ਪਿਪਲੀ ਨੇ ਕਿਹਾ ਕਿ ਪਿਛਲੇ ਸਮੇਂ ਮਜਦੂਰਾਂ ਨੇ ਨਰੇਗਾ ਦਾ ਕੰਮ ਕੀਤਾ ਸੀ ਪਰ ਉਹਨਾਂ ਨੂੰ ਪਿਛਲੇ ਦੋ ਮਹੀਨਿਆਂ ਤੋਂ ਕੀਤੇ ਕੰਮਾਂ ਦੇ ਪੈਸੇ ਨਹੀਂ ਮਿਲੇ। ਜਿਸ ਕਾਰਨ ਮਜਦੂਰਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ। ਰੋੜੀਕਪੂਰਾ ਦੇ ਨਰੇਗਾ ਵਰਕਰਾਂ ਨੇ ਦੱਸਿਆ ਕਿ ਸਾਨੂੰ ਪਿਛਲੇ ਸਮੇਂ ਦੌਰਾਨ ਤਿੰਨ ਮਹੀਨਿਆਂ ਤੋਂ ਕੰਮ ਬੰਦ ਹੈ।ਕੰਮ ਨਹੀਂ ਦਿੱਤਾ ਗਿਆ। ਮਜਦੂਰ ਆਗੂਆਂ ਨੇ ਮੰਗ ਕੀਤੀ ਹੈ ਕਿ ਸਾਲ ਖਤਮ ਹੋਣ ਵਾਲਾ ਹੈ ਇਸ ਕਰਕੇ ਸਾਰੇ ਪਿੰਡਾਂ ਵਿੱਚ ਬਿਨਾਂ ਦੇਰੀ ਤੋਂ ਕੰਮ ਦਿੱਤਾ ਜਾਵੇ ਸਾਲ ਦੌਰਾਨ ਕੁਝ ਪਿੰਡਾਂ ਵਿੱਚ ਸਿਰਫ 20-25 ਦਿਨ ਹੀ ਕੰਮ ਚੱਲਿਆ ਹੈ। ਪਰ ਸਾਲ ਖਤਮ ਹੋ ਚੁੱਕਾ ਹੈ ਇਸ ਲਈ ਮਜਦੂਰਾਂ ਨੇ ਮੰਗ ਕੀਤੀ ਹੈ ਕਿ ਪਿਛਲੇ ਕੀਤੇ ਕੰਮ ਦੇ ਪੈਸੇ ਤੁਰੰਤ ਜਾਰੀ ਹੋਣ ਅਤੇ ਜਿਨਾਂ ਪਿੰਡਾਂ ਵਿੱਚ ਕੰਮ ਨਹੀਂ ਚੱਲਿਆ ਉਥੇ ਕੰਮ ਜਲਦੀ ਚਾਲੂ ਕੀਤਾ ਜਾਵੇ ਜੇਕਰ ਮੰਗਾਂ ਮੰਨਣ ਵਿੱਚ ਪ੍ਰਸਾਸਨ ਨੇ ਦੇਰੀ ਕੀਤੀ ਤਾਂ ਆਉਣ ਵਾਲੇ ਦਿਨਾਂ ਵਿੱਚ ਯੂਨੀਅਨ ਵੱਡਾ ਇਕੱਠ ਕਰਕੇ ਧਰਨਾ ਦੇਣ ਲਈ ਮਜਬੂਰ ਹੋਵੇਗੀ । ਇਸ ਸਮੇਂ ਮਜਦੂਰਾਂ ਨੇ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜੀ ਕੀਤੀ। ਇਸ ਸਮੇਂ ਜਗਸੀਰ ਸਿੰਘ ਮੜਾਕ, ਕਾਕੂ ਸਿੰਘ ਰੋੜੀ ਕਪੂਰਾ ਆਦਿ ਆਗੂ ਹਾਜਰ ਸਨ।



# ਸਿਵਲ ਸਰਜਨ ਵੱਲੋਂ ਸੀ ਐੱਚ ਸੀ ਦੀ ਚੈਕਿੰਗ

**ਲੌਂਗੋਵਾਲ/ਸੰਗਰੂਰ (ਪ੍ਰਦੀਪ ਸਿੰਘ ਸੱਪਲ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਯਕੀਨੀ ਬਣਾਉਣ ਤਹਿਤ ਡਿਪਟੀ ਕਮਿਸ਼ਨਰ ਸੰਗਰੂਰ ਸ਼੍ਰੀ ਜਤਿੰਦਰ ਜੋਰਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿਵਲ ਸਰਜਨ ਡਾ. ਕਿਰਪਾਲ ਸਿੰਘ ਨੇ ਅੱਜ ਕਮਿਊਨਟੀ ਸਿਹਤ ਕੇਂਦਰ ਲੌਂਗੋਵਾਲ ਦੀ ਅਚਨਚੇਤ ਚੈਕਿੰਗ ਕੀਤੀ।ਇਸ ਚੈਕਿੰਗ ਦੌਰਾਨ ਉਨ੍ਹਾਂ ਵੱਖ ਵੱਖ ਸਿਹਤ ਸੇਵਾਵਾਂ ਦਾ ਜਾਇਜ਼ਾ ਲਿਆ।ਇਸ ਮੌਕੇ ਉਨ੍ਹਾਂ ਮਰੀਜ਼ਾਂ ਨਾਲ ਗੱਲਬਾਤ ਕੀਤੀ ਤੇ ਉਨ੍ਹਾਂ ਨੂੰ ਮਿਲ ਰਹੀਆਂ ਸਿਹਤ ਸਹੂਲਤਾਂ ਬਾਰੇ ਪੁੱਛ-ਗਿੱਛ ਕੀਤੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਆਦੇਸ਼ਾਂ ਅਨੁਸਾਰ ਮਰੀਜ਼ਾਂ ਨੂੰ ਸਾਰੀਆਂ ਲੋੜੀਂਦੀਆਂ ਦਵਾਈਆਂ ਹਸਪਤਾਲ ਦੇ ਅੰਦਰੋਂ ਹੀ ਉਪਲਬਧ ਕਰਵਾਈਆਂ ਜਾਣ। ਉਨ੍ਹਾਂ ਸੰਸਥਾਗਤ ਜਣੇਪੇ ਨੂੰ ਹੋਰ ਵਧਾਉਣ 'ਤੇ ਜ਼ੋਰ ਦੇਣ ਲਈ ਅਤੇ ਮੁੱਖ ਮੰਤਰੀ ਪੰਜਾਬ ਆਯੁਸ਼ਮਾਨ ਭਾਰਤ ਸਿਹਤ ਬੀਮਾ ਬਾਰੇ ਜਾਗਰੂਕ ਕਰਨ ਲਈ ਕਿਹਾ।ਉਨ੍ਹਾ ਕਿਹਾ ਕਿ ਹਾਈ ਰਿਸਕ ਗਰਭਵਤੀਆਂ ਦੀ ਲਿਸਟ ਸਮੇਂ ਸਿਰ ਅੱਪਡੇਟ ਕੀਤੀ ਜਾਵੇ ਤੇ ਫੋਲੋਅੱਪ ਕਰਨਾ ਯਕੀਨੀ ਬਣਾਇਆ ਜਾਵੇ।

ਸਿਵਲ ਸਰਜਨ ਨੇ ਸਮੂਹ ਸਟਾਫ਼ ਨੂੰ ਤਾੜਨਾ ਕਰਦਿਆਂ ਕਿਹਾ ਕਿ ਉਹ ਆਪੋ ਆਪਣੀ ਡਿਊਟੀ ਮਿਹਨਤ, ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣੀ ਯਕੀਨੀ ਬਣਾਉਣ ਅਤੇ ਹਸਪਤਾਲ ਵਿੱਚ ਇਲਾਜ ਕਰਾਉਣ ਲਈ ਆਏ ਮਰੀਜ਼ਾਂ ਨਾਲ ਆਪਣਾ ਵਿਵਹਾਰ ਚੰਗਾ ਰੱਖਣ ਤੇ ਸਰਕਾਰ ਵੱਲੋਂ ਆਮ ਲੋਕਾਂ ਲਈ ਉਪਲਬਧ ਸਾਰੀਆਂ ਸਿਹਤ ਸਹੂਲਤਾਂ ਉਨ੍ਹਾਂ ਨੂੰ ਪ੍ਰਦਾਨ ਕਰਨੀਆਂ ਯਕੀਨੀ ਬਣਾਉਣ। ਸਿਹਤ ਵਿਭਾਗ ਵੱਲੋਂ ਲੋਕ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਪ੍ਰਚਾਰ ਕਰਨ ਤਾਂ ਜੋ ਲੋਕ ਇਨ੍ਹਾਂ ਦਾ ਲਾਭ ਉਠਾ ਸਕਣ।ਇਸ ਮੌਕੇ ਸਮੂਹ ਸਟਾਫ ਹਾਜ਼ਰ ਸੀ।



# ਵਿਕਾਸ ਕਾਰਜ ਵਿੱਢਣ ਲਈ ਡਾਇਰੈਕਟਰ ਸਥਾਨਕ ਸਰਕਾਰਾਂ ਨੇ ਕੀਤੀ ਮੀਟਿੰਗ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਚੋਣ ਹਲਕੇ ਧੂਰੀ ਵਿੱਚ ਵੱਡੇ ਪੱਧਰ 'ਤੇ ਵਿਕਾਸ ਕਾਰਜ ਵਿੱਢਣ ਤੇ ਲੋਕਾਂ ਅਤੇ ਨਗਰ ਕੌਂਸਲਰਾਂ ਨਾਲ਼ ਸ਼ਹਿਰੀ ਸਥਾਨਕ ਸੰਸਥਾਵਾਂ ਪੰਜਾਬ ਦੇ ਡਾਇਰੈਕਟਰ ਉਮਾ ਸ਼ੰਕਰ ਗੁਪਤਾ ਨੇ ਮੀਟਿੰਗ ਕੀਤੀ। ਮੀਟਿੰਗ ਵਿੱਚ ਪੰਜਾਬ ਦੇ ਮੁੱਖ ਮੰਤਰੀ ਦੇ ਓ.ਐਸ.ਡੀ. ਪ੍ਰੋਫੈਸਰ ਉਂਕਾਰ ਸਿੰਘ ਸਿੱਧੂ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ।

ਦੱਸਣਯੋਗ ਹੈ ਕਿ ਆਈ.ਏ.ਐਸ ਉਮਾ ਸ਼ੰਕਰ ਗੁਪਤਾ ਧੂਰੀ ਦੇ ਜੰਮਪਲ ਹਨ। ਮੀਟਿੰਗ ਦੌਰਾਨ ਡਾਇਰੈਕਟਰ ਉਮਾ ਸ਼ੰਕਰ ਗੁਪਤਾ ਨੇ ਸ਼ਹਿਰ ਵਾਸੀਆਂ ਤੇ ਨਗਰ ਕੌਂਸਲ ਦੇ ਮੈਂਬਰਾਂ ਨਾਲ ਗੱਲਬਾਤ ਕਰਦਿਆਂ ਦਰਪੇਸ਼ ਮੁਸ਼ਕਲਾਂ ਬਾਰੇ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਲਗਾਤਾਰ ਵਿਕਾਸ ਕਾਰਜਾਂ ਲਈ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਧੂਰੀ ਵਾਸੀਆਂ ਨੂੰ ਦਰਪੇਸ਼ ਮੁਸ਼ਕਲਾਂ ਨੂੰ ਜਲਦੀ ਹੀ ਦੂਰ ਕੀਤਾ ਜਾ ਰਿਹਾ ਹੈ ਅਤੇ ਇਸ ਸਬੰਧੀ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਅਤੇ ਕਿਸੇ ਵੀ ਵਾਸੀ ਨੂੰ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਓ.ਐੱਸ.ਡੀ. ਪ੍ਰੋਫੈਸਰ ਉਂਕਾਰ ਸਿੰਘ ਸਿੱਧੂ ਨੇ ਕਿਹਾ ਕਿ ਧੂਰੀ ਸ਼ਹਿਰ ਵਿੱਚ ਹੋਣ ਵਾਲੇ ਵਿਕਾਸ ਕਾਰਜਾਂ ਦਾ ਅਗਲੇ ਤਿੰਨ ਸਾਲਾਂ ਦਾ ਰੋਡ ਮੈਪ ਤਿਆਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਧੂਰੀ ਸ਼ਹਿਰ ਵਿਖੇ ਵਾਟਰ ਸਪਲਾਈ, ਸੀਵਰੇਜ, ਨਵੇਂ ਵਿਕਾਸ ਕਾਰਜਾਂ ਦੇ ਪ੍ਰੋਜੈਕਟ, ਸੰਗਰੂਰ ਵਾਲੀ ਕੋਠੀ ਵਿਖੇ ਬਿਲਡਿੰਗ ਬਣਾਉਣਾ, ਰੇਹੜੀ ਮਾਰਕਿਟ ਸਮੇਤ ਸ਼ਹਿਰ ਦੇ ਸੁੰਦਰੀਕਰਨ ਦੇ ਪ੍ਰੋਜੈਕਟ ਮੁੱਖ ਤੌਰ 'ਤੇ ਸ਼ੁਮਾਰ ਹੋਣਗੇ।

20-FEB-PAGE-11-Majha-24.qxd 2/19/2024 10:35 PM Page 1



# ਨਾਜਾਇਜ਼ ਮਾਈਨਿੰਗ ਕਰਕੇ ਰੇਤਾ ਨਾਲ ਭਰੇ ਟਰਾਲੇ-ਟਰੈਕਟਰ ਸਮੇਤ ਕਾਬੂ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ ਰਣਬੀਰ ਸਿੰਘ ਗੋਲਣ)**-ਥਾਣਾ ਖੇਮਕਰਨ ਦੀ ਪੁਲਸ ਨੇ ਗਸ਼ਤ ਦੌਰਾਨ ਨਾਜਾਇਜ਼ ਮਾਈਨਿੰਗ ਕਰਕੇ ਰੇਤਾ ਨਾਲ ਭਰੇ ਟਰੈਕਟਰ ਟਰਾਲੇ ਸਮੇਤ ਇੱਕ ਵਿਅਕਤੀ ਨੂੰ ਕਾਬੂ ਕਰਨ ਦਾ ਦਾਅਵਾ ਕੀਤਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਐੱਸਐੱਚਓ ਖੇਮਕਰਨ ਇੰਸਪੈਕਟਰ ਸ਼ਮਸ਼ੇਰ ਸਿੰਘ ਨੇ ਦੱਸਿਆ ਕਿ ਏਐੱਸਆਈ ਕੰਵਲਜੀਤ ਸਿੰਘ ਸਮੇਤ ਪੁਲਸ ਪਾਰਟੀ ਗਸ਼ਤ ਲਈ ਪਿੰਡ ਰੱਤੋਕੇ ਤੋਂ ਗਜ਼ਲ ਹਵੇਲੀਆਂ ਵਾਲੇ ਪਾਸੇ ਨੂੰ ਜਾ ਰਿਹਾ ਸੀ। ਰਸਤੇ 'ਚ ਦੂਜੇ ਪਾਸਿਓਂ ਉਨ੍ਹਾਂ ਨੂੰ ਇੱਕ ਸੋਨਾਲੀਕਾ ਟਰੈਕਟਰ ਜਿਸ ਦੇ ਟਰਾਲੇ 'ਚ ਰੇਤਾ ਲੱਦੀ ਹੋਈ ਸੀ, ਮਿਲਿਆ।

ਥਾਣਾ ਮੁਖੀ ਨੇ ਦੱਸਿਆ ਕਿ ਟਰੈਕਟਰ ਚਾਲਕ ਪੁਲਸ ਪਾਰਟੀ ਨੂੰ ਵੇਖ ਕੇ ਘਬਰਾ ਗਿਆ ਤੇ ਉਸ ਨੇ ਟਰੈਕਟਰ ਛੱਡ ਕੇ ਭੱਜਣਾ ਸ਼ੁਰੂ ਕਰ ਦਿੱਤਾ, ਜਿਸ ਤੋਂ ਬਾਅਦ ਏਐੱਸਆਈ ਨੇ ਸਾਥੀ ਪੁਲਸ ਕਰਮਚਾਰੀਆਂ ਦੀ ਮਦਦ ਨਾਲ ਟਰੈਕਟਰ ਚਾਲਕ ਨੂੰ ਕਾਬੂ ਕਰ ਲਿਆ। ਪੁਲਸ ਪਾਰਟੀ ਵੱਲੋਂ ਕੀਤੀ ਗਈ ਪੁੱਛਗਿੱਛ 'ਚ ਟਰੈਕਟਰ ਚਾਲਕ ਨੇ ਆਪਣਾ ਨਾਮ ਗੁਰਜੰਟ ਸਿੰਘ ਪੁੱਤਰ ਜਸਬੀਰ ਸਿੰਘ ਵਾਸੀ ਝਾੜ ਸਾਹਿਬ ਹਵੇਲੀਆਂ ਗਜ਼ਲ ਦੱਸਿਆ। ਥਾਣਾ ਮੁਖੀ ਨੇ ਦੱਸਿਆ ਕਿ ਏਐੱਸਆਈ ਨੇ ਟਰੈਕਟਰ ਅਤੇ ਰੇਤਾ ਨਾਲ ਭਰੇ ਟਰਾਲੇ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਐੱਫਆਈਆਰ ਨੰਬਰ 14 ਮਿਤੀ 19/02/2024 ਧਾਰਾ 379 ਆਈਪੀਸੀ (21-1) 1957 ਮਾਈਨਿੰਗ ਐਂਡ ਮਿਨਰਲ ਐਕਟ ਤਹਿਤ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਆਰੰਭ ਕਰ ਦਿੱਤੀ ਹੈ। ਥਾਣਾ ਮੁਖੀ ਨੇ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਵਿਅਕਤੀ ਵਿਰੁੱਧ ਪਹਿਲਾਂ ਵੀ ਮਾਈਨਿੰਗ ਐਕਟ ਦੇ ਕਈ ਮੁਕੱਦਮੇ ਦਰਜ ਹਨ।

# ਉਸਾਰੀ ਕਿਰਤੀਆਂ ਲਈ ਚਲਾਈਆਂ ਜਾ ਰਹੀਆਂ ਹਨ ਵੱਖ-ਵੱਖ ਭਲਾਈ ਯੋਜਨਾਵਾਂ: ਡੀ ਸੀ



ਗੁਰਦਾਸਪੁਰ (ਜਨਕ ਮਹਾਜਨ)-ਪੰਜਾਬ ਬਿਲਡਿੰਗ ਐਂਡ ਅਦਰ ਕੰਸਟਰੱਕਸ਼ਨ ਵਰਕਰਜ਼ ਵੈੱਲਫੇਅਰ ਬੋਰਡ ਵੱਲੋਂ ਸੂਬੇ ਦੇ ਉਸਾਰੀ ਕਿਰਤੀਆਂ ਲਈ ਕਈ ਭਲਾਈ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ ਅਤੇ ਉਸਾਰੀ ਕਿਰਤੀ ਇਸ ਬੋਰਡ ਨਾਲ ਰਜਿਸਟਰਡ ਹੋ ਕੇ ਇਨ੍ਹਾਂ ਭਲਾਈ ਯੋਜਨਾਵਾਂ ਦਾ ਲਾਭ ਲੈ ਸਕਦੇ ਹਨ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਵਿੱਚ 16 ਹਜ਼ਾਰ ਉਸਾਰੀ ਕਿਰਤੀਆਂ ਨੇ ਆਪਣੇ ਆਪ ਨੂੰ ਪੰਜਾਬ ਬਿਲਡਿੰਗ ਐਂਡ ਅਦਰ ਕੰਸਟਰੱਕਸ਼ਨ ਵਰਕਰਜ਼ ਵੈੱਲਫੇਅਰ ਬੋਰਡ ਨਾਲ ਰਜਿਸਟਰਡ ਕਰਵਾਇਆ ਹੈ। ਰਾਜ ਮਿਸਤਰੀ, ਇੱਟਾਂ, ਸੀਮਿੰਟ ਪਕੜਾਉਣ ਵਾਲੇ ਮਜ਼ਦੂਰ, ਪਲੰਬਰ, ਤਰਖਾਣ, ਪਾਲਿਸ਼ ਵਾਲੇ, ਫਾਇਰ ਸਿਸਟਮ ਲਗਾਉਣ ਵਾਲੇ, ਸਕਿਓਰਿਟੀ ਗੇਟ ਲਗਾਉਣ ਵਾਲੇ, ਵੈਲਡਰ, ਇਲੈਕਟਰੀਸ਼ਨ, ਸੀਵਰਮੈਨ, ਮਾਰਬਲ, ਟਾਈਲਾਂ ਲਗਾਉਣ ਵਾਲੇ, ਫਰਸ਼ ਰਗੜਾਈ ਵਾਲੇ, ਪੇਂਟਰ, ਪੀਓਪੀ ਕਰਨ ਵਾਲੇ, ਸੜਕਾਂ ਬਣਾਉਣ ਵਾਲੇ, ਉਸਾਰੀ ਕੰਮ ਨਾਲ ਸਬੰਧਿਤ ਤਕਨੀਕੀ ਤੇ ਕਲੈਰੀਕਲ ਕੰਮ ਆਦਿ ਕਰਨ ਵਾਲੇ, ਕਿਸੇ ਸਰਕਾਰੀ ਅਰਧ-ਸਰਕਾਰੀ ਜਾਂ ਪ੍ਰਾਈਵੇਟ ਅਦਾਰੇ ਵਿਚ ਇਮਾਰਤਾਂ, ਸੜਕਾਂ ਨਹਿਰਾਂ, ਬਿਜਲੀ ਦੇ ਉਤਪਾਦਨ ਵੰਡ, ਸਿੰਚਾਈ, ਪਾਣੀਆਂ ਦੀ ਵੰਡ ਜਾਂ ਨਿਕਾਸੀ, ਟੈਲੀਫੋਨ, ਤਾਰ, ਰੇਡੀਓ, ਰੇਲ, ਹਵਾਈ ਅੱਡੇ ਆਦਿ ਵਿਖੇ ਉਸਾਰੀ ਮੁਰੰਮਤ, ਰੱਖ ਰਖਾਵ ਜਾਂ ਢਾਹੁਣ ਦੇ ਕੰਮ ਲਈ ਕੁਸ਼ਲ, ਉਸਾਰੀ ਕੰਮਾਂ ਵਿੱਚ ਸਫ਼ਾਈ ਕਰਨ ਵਾਲੇ ਕਾਮੇ, ਅਰਧ-ਕੁਸ਼ਲ ਕਾਰੀਗਰ ਜਾਂ ਸੁਪਰਵਾਈਜ਼ਰ ਦੇ ਤੌਰ 'ਤੇ ਤਨਖ਼ਾਹ ਜਾਂ ਮਿਹਨਤਾਨਾ ਲੈ ਕੇ ਕੰਮ ਕਰਦੇ ਉਸਾਰੀ ਕਿਰਤੀਆਂ ਤੋਂ ਇਲਾਵਾ ਭੱਠਿਆਂ ਤੇ ਪਥੇਰ, ਕੱਚੀ ਇੱਟ ਦੀ ਭਰਾਈ ਵਾਲੇ, ਕੱਚੀ ਇੱਟ ਦੀ ਢੁਆਈ ਵਾਲੇ, ਟੈਂਟ ਲਗਾਉਣ ਵਾਲੇ ਹੋਰਡਿੰਗ, ਬੈਨਰ ਬਣਾਉਣ ਵਾਲੇ, ਪੱਥਰਾਂ ਨੂੰ ਹੱਥ-ਹਥੌੜੇ ਨਾਲ ਤੋੜਨ ਵਾਲੇ, ਸੀਮੈਂਟ ਦੀਆਂ ਇੱਟਾਂ ਬਣਾਉਣ ਵਾਲੇ, ਸ਼ੀਸ਼ੇ ਲਗਾਉਣ ਵਾਲੇ ਉਸਾਰੀ ਮਜ਼ਦੂਰ ਆਪਣੇ ਆਪ ਨੂੰ ਪੰਜਾਬ ਬਿਲਡਿੰਗ ਐਂਡ ਅਦਰ ਕੰਸਟਰੱਕਸ਼ਨ ਵਰਕਰਜ਼ ਵੈੱਲਫੇਅਰ ਬੋਰਡ ਨਾਲ ਰਜਿਸਟਰਡ ਕਰਵਾਉਣ। ਉਨ੍ਹਾਂ ਦੱਸਿਆ ਕਿ ਰਜਿਸਟਰਡ ਹੋਣ ਸਮੇਂ ਉਸਾਰੀ ਕਿਰਤੀ ਦੀ ਉਮਰ 18 ਤੋਂ 60 ਸਾਲ ਵਿਚਕਾਰ ਹੋਣੀ ਚਾਹੀਦੀ ਹੈ ਅਤੇ ਉਸਨੇ ਪਿਛਲੇ 12 ਮਹੀਨਿਆਂ ਦੌਰਾਨ ਪੰਜਾਬ ਵਿਚ 90 ਦਿਨ ਬਤੌਰ ਉਸਾਰੀ ਕਿਰਤੀ ਕੰਮ ਕੀਤਾ ਹੋਵੇ। ਇਸ ਲਈ ਸਾਲਾਨਾ 145 ਰੁਪਏ ਅੰਸ਼ਦਾਨ ਨਾਲ ਅਰਜ਼ੀ ਕਿਰਤ ਵਿਭਾਗ ਦੇ ਦਫ਼ਤਰ ਵਿਚ ਆਨਲਾਈਨ ਜਮ੍ਹਾ ਕਰਵਾਉਣੀ ਪਵੇਗੀ ਅਤੇ ਮੈਂਬਰਸ਼ਿਪ ਚਲਦੇ ਰੱਖਣ ਲਈ ਹਰ ਸਾਲ 145 ਰੁਪਏ ਅੰਸ਼ਦਾਨ ਜਮ੍ਹਾ ਕਰਵਾਉਣਾ ਹੋਵੇਗਾ। ਉਨ੍ਹਾਂ ਦੱਸਿਆ ਕਿ ਨਾਮ ਰਜਿਸਟਰਡ ਕਰਾਉਣ ਮੌਕੇ ਉਸਾਰੀ ਕਿਰਤੀ ਵੱਲੋਂ ਆਧਾਰ ਕਾਰਡ ਦੀ ਫ਼ੋਟੋ ਕਾਪੀ, ਉਮਰ ਸਬੰਧੀ ਸਬੂਤ, ਬੈਂਕ ਖਾਤੇ ਦੀ ਫ਼ੋਟੋ ਕਾਪੀ, ਫੈਮਲੀ ਫ਼ੋਟੋ, ਸਰਪੰਚ, ਐਮ. ਸੀ. ਵੱਲੋਂ ਅਟੈਸਟਡ ਕੀਤਾ ਹੋਇਆ ਫਾਰਮ, ਪਰਿਵਾਰ ਦਾ ਵੇਰਵਾ ਨਾਮ, ਉਮਰ, ਰਿਸ਼ਤਾ, ਵਿੱਦਿਅਕ ਯੋਗਤਾ ਸਮੇਤ ਆਧਾਰ ਕਾਰਡ ਜਮ੍ਹਾ ਕਰਵਾਉਣੇ ਲਾਜ਼ਮੀ ਹਨ।

# ਸਰਕਾਰ ਦੇਸ਼ ਦੇ ਅੰਨਦਾਤਿਆਂ ਨਾਲ ਧੱਕਾ ਕਰਨਾ ਬੰਦ ਕਰੇ: ਨਿਜ਼ਾਮਪੁਰ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਸਰਕਾਰ ਕਿਸਾਨਾਂ ਤੇ ਮਜ਼ਦੂਰਾਂ ਜਿਨ੍ਹਾਂ ਨੂੰ ਦੇਸ਼ ਦੇ ਅੰਨਦਾਤਿਆਂ ਦੇ ਨਾਂ ਨਾਲ ਵੀ ਜਾਣਿਆ ਜਾਂਦਾ ਹੈ, ਨਾਲ ਧੱਕਾ ਕਰਨਾ ਬੰਦ ਕਰਕੇ ਇਨ੍ਹਾਂ ਦੀਆਂ ਹੱਕੀ ਮੰਗਾਂ ਨੂੰ ਪੂਰਾ ਕਰੇ।

ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਿਸਾਨ ਆਗੂ ਕਾਮਰੇਡ ਲਖਬੀਰ ਸਿੰਘ ਨਿਜ਼ਾਮਪੁਰ, ਸਬਜ਼ੀ ਉਤਪਾਦਕ ਕਿਸਾਨ ਆਗੂ ਜਥੇਦਾਰ ਭੁਪਿੰਦਰ ਸਿੰਘ ਭੋਲਾ ਤੇ ਉਨਾਂ ਦੇ ਸਾਥੀਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਸ਼ੰਭੂ ਬਾਰਡਰ, ਖਨੌਰੀ ਬਾਰਡਰ ਤੇ ਹੋਰ ਥਾਵਾਂ ਤੇ ਕਿਸਾਨਾਂ ਉਪਰ ਕੀਤੇ ਜਾ ਰਹੇ ਤਸ਼ੱਦਦ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਅੱਤ ਤੇ ਖ਼ੁਦਾ ਦਾ ਵੈਰ ਹੁੰਦਾ ਹੈ ਤੇ ਜੇਕਰ ਸਰਕਾਰ ਬਲ ਦਾ ਪ੍ਰਯੋਗ ਕਰਕੇ ਇਨਾਂ ਨਿਹੱਥੇ ਲੋਕਾਂ ਨੂੰ ਆਪਣਾ ਸ਼ਿਕਾਰ ਬਣਾਉਣਾ ਬੰਦ ਨਾ ਕੀਤਾ ਤਾਂ ਇਸ ਦੇ ਗੰਭੀਰ ਸਿੱਟੇ ਨਿਕਲਣਗੇ।ਇਸ ਮੌਕੇ ਕਿਸਾਨ ਆਗੂ ਗੁਰਮੇਜ਼ ਸਿੰਘ ਮੱਖਣਵਿੰਡੀ, ਰਾਜਬੀਰ ਸਿੰਘ ਜੋਸਨ, ਬਲਾਕ ਸੰਮਤੀ ਮੈਂਬਰ ਮਲਕੀਤ ਸਿੰਘ ਮੱਖਣਵਿੰਡੀ, ਅਵਤਾਰ ਸਿੰਘ ਜੌਹਲ, ਤਰਸੇਮ ਸਿੰਘ ਨੰਗਲ ਦਿਆਲ ਸਿੰਘ, ਪ੍ਰਤਾਪ ਸਿੰਘ ਛੀਨਾਂ, ਇੰਜੀ ਬਲਜੀਤ ਸਿੰਘ ਜੰਮੂ ਐਮਬੀਐਸ ਰਿਜ਼ੋਰਟ ਵਾਲੇ, ਡਾਕਟਰ ਦਲੇਰ ਸਿੰਘ ਜੌਹਲ, ਸਾਬਕਾ ਐੱਸਡੀਓ ਬਲਵੰਤ ਸਿੰਘ ਤੀਰਥਪੁਰਾ, ਰਣਜੀਤ ਸਿੰਘ ਰਾਣਾ ਮਿੱਠਾ, ਬਚਿੱਤਰ ਸਿੰਘ ਦੋਧੀ, ਗੁਰਦੀਪ ਸਿੰਘ ਮੱਖਣਵਿੰਡੀ, ਰਵਿੰਦਰ ਸਿੰਘ ਰਵੀ, ਧਰਮਿੰਦਰ ਸਿੰਘ ਕਿਲ੍ਹਾ ਆਦਿ ਨੇ ਵੀ ਕਿਸਾਨਾਂ ਤੇ ਮਜ਼ਦੂਰਾਂ ਉੱਪਰ ਕੀਤੇ ਜਾ ਰਹੇ ਅਤਿਆਚਾਰ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਜੇਕਰ ਸਰਕਾਰ ਨੇ ਇਸੇ ਤਰ੍ਹਾਂ ਦੇ ਜ਼ੁਲਮ ਨੂੰ ਬੰਦ ਨਾ ਕੀਤਾ ਤਾਂ ਸਰਕਾਰ ਨੂੰ ਇਸ ਦੇ ਗੰਭੀਰ ਸਿੱਟੇ ਭੁਗਤਣੇ ਪੈਣਗੇ।

# ਸ੍ਰੀ ਚੋਲਾ ਸਾਹਿਬ ਦੇ ਮੇਲੇ ਸਬੰਧੀ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਤਿਆਰੀਆਂ ਸ਼ੁਰੂ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅੰਗ ਵਸਤਰ ਸਾਲਾਨਾ ਜੋੜ ਮੇਲਾ ਸ਼੍ਰੀ ਚੋਲਾ ਸਾਹਿਬ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਡੇਰਾ ਬਾਬਾ ਨਾਨਕ ਵੱਲੋਂ ਸੰਗਤਾਂ ਦੀ ਭਾਰੀ ਆਮਦ ਨੂੰ ਦੇਖਦਿਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ ।ਇਸ ਸਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਬਲਜੀਤ ਸਿੰਘ ਤਲਵੰਡੀ ਰਾਮਾਂ ਮੈਨੇਜਰ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਨੇ ਦੱਸਿਆ ਕਿ ਮੇਲੇ ਵਿੱਚ ਆਉਣ ਵਾਲੀਆਂ ਸੰਗਤਾਂ ਲਈ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਤਿਆਰੀਆਂ ਜ਼ੋਰਾਂ-ਸ਼ੋਰਾਂ ਨਾਲ ਸ਼ੁਰੂ ਕਰ ਦਿੱਤੀਆਂ ਗਈਆਂ ਹਨ, ਸੰਗਤਾਂ ਦੇ ਰਹਿਣ ਲਈ ਸਰਾਵਾਂ, ਜੋੜਾ ਘਰ, ਗਠੜੀ ਘਰ ਅਤੇ ਸਰੋਵਰ ਦੀ ਸਫਾਈ ਸ਼ੁਰੂ ਕਰ ਦਿੱਤੀ ਗਈ ਹੈ ।ਉਨ੍ਹਾਂ ਅੱਗੇ ਕਿਹਾ ਕਿ ਗੁਰਦੁਆਰਾ ਸਾਹਿਬ ਦੇ ਆਲੇ ਦੁਆਲੇ ਦੀ ਸਫਾਈ ਅਤੇ ਬਿਲਡਿੰਗ ਦੇ ਰੰਗ ਰੋਗਨ ਦਾ ਕੰਮ ਚੱਲ ਰਿਹਾ ਹੈ। ਮੇਲੇ ਸਬੰਧੀ ਗੁਰਦੁਆਰਾ ਸਾਹਿਬ ਵਿਖੇ ਸੇਵਾਦਾਰਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ। ਸੰਗਤ ਨੂੰ ਕਿਸੇ ਕਿਸਮ ਦੀ ਕੋਈ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ ।ਇਸ ਮੌਕੇ ਦਿਲਬਾਗ ਸਿੰਘ ਰਾਏਚੱਕ ਅਕਾਊਟੈਂਟ, ਅਮਰਜੀਤ ਸਿੰਘ ਗੋਰਾਇਆ ਰਿਕਾਰਡ ਕੀਪਰ, ਇਕਬਾਲ ਸਿੰਘ ਸਟੋਰ ਕੀਪਰ,ਸੁਖਵਿੰਦਰ ਸਿੰਘ ਖਜਾਨਚੀ, ਜਗਦੀਪ ਸਿੰਘ ਉਪ ਖਜ਼ਾਨਚੀ, ਭੁਪਿੰਦਰ ਸਿੰਘ ਸ਼ਾਹਪੁਰ, ਮਨਪ੍ਰੀਤ ਸਿੰਘ ਦਾਦੂਜੋਧ, ਸੁਖਵਿੰਦਰ ਸਿੰਘ ਦਾਦੂਜੋਧ, ਬਾਬਾ ਨਛੱਤਰ ਸਿੰਘ ਹੈੱਡ ਗ੍ਰੰਥੀ, ਗੁਰਦੇਵ ਸਿੰਘ ਸਹਾਇਕ ਗ੍ਰੰਥੀ, ਮਨਜਿੰਦਰ ਸਿੰਘ ਜਵੰਦਾ, ਗੁਰਪ੍ਰੀਤ ਸਿੰਘ ਨਿੱਕੋਸਰਾਂ, ਹਰਜਿੰਦਰ ਸਿੰਘ ਲਾਲੇਨੰਗਲ ਆਦਿ ਹਾਜ਼ਰ ਸਨ ।

# ਸਿੱਖ ਨੈਸ਼ਨਲ ਕਾਲਜ ਕਾਦੀਆਂ ਦੀ 75ਵੀਂ ਵਰ੍ਹੇਗੰਢ ਸ਼ਾਨੋ-ਸ਼ੌਕਤ ਨਾਲ ਮਨਾਈ

## *ਸਿੱਖ ਐਜੂਕੇਸ਼ਨਲ ਸੁਸਾਇਟੀ ਦੇ ਅਦਾਰੇ ਬੁਲੰਦੀਆਂ 'ਤੇ ਹਨ: ਇੰਜੀ. ਵਿਰਦੀ



ਕਾਦੀਆਂ, ਧਾਰੀਵਾਲ (ਯਾਦਵਿੰਦਰ ਸਿੰਘ ਮਲਹੋਤਰਾ, ਮਨਦੀਪ ਸਿੰਘ ਵਿੱਕੀ)-ਸਿੱਖ ਐਜੂਕੇਸ਼ਨਲ ਸੁਸਾਇਟੀ ਚੰਡੀਗੜ੍ਹ ਦੇ ਪ੍ਰਬੰਧ ਅਧੀਨ ਚੱਲ ਰਹੇ ਸਿੱਖ ਨੈਸ਼ਨਲ ਕਾਲਜ ਕਾਦੀਆਂ ਵੱਲੋਂ ਆਪਣੀ ਪੁਨਰ-ਸਥਾਪਨਾ ਦੀ 75ਵੀਂ ਵਰ੍ਹੇਗੰਢ ਕਾਲਜ ਕੈਂਪਸ ਅੰਦਰ ਪੂਰੀ ਧੂਮਧਾਮ ਤੇ ਸ਼ਾਨੋ-ਸ਼ੌਕਤ ਨਾਲ ਮਨਾਈ। ਉਦਘਾਟਨੀ ਸਮਾਗਮ ਤੇ ਸੱਭਿਆਚਾਰਕ ਪ੍ਰੋਗਰਾਮ ਵਿੱਚ ਕਾਲਜ ਅਲੂਮਨੀ ਐਸੋਸੀਏਸ਼ਨ ਦੇ ਪ੍ਰਧਾਨ ਤੇ ਕਾਰਜਕਾਰਨੀ ਦੇ ਮੈਂਬਰ ਇੰਜੀਨੀਅਰ ਸੁਰਿੰਦਰ ਸਿੰਘ ਵਿਰਦੀ (ਟਰੱਸਟੀ ਅਦਾਰਾ ਅਜੀਤ ਜਲੰਧਰ) ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਉਨ੍ਹਾਂ ਨਾਲ ਕਾਲਜ ਸਥਾਨਕ ਪ੍ਰਬੰਧਕ ਕਮੇਟੀ ਦੇ ਸਕੱਤਰ ਡਾ. ਬਲਚਰਨਜੀਤ ਸਿੰਘ ਭਾਟੀਆ, ਸਾਬਕਾ ਕੈਬਨਿਟ ਮੰਤਰੀ ਬਲਬੀਰ ਸਿੰਘ ਬਾਠ, ਸੇਵਾ ਮੁਕਤ ਐਕਸੀਅਨ ਅਮਰਜੀਤ ਸਿੰਘ ਬਾਜਵਾ, ਕਮੇਟੀ ਮੈਂਬਰ ਇੰਜੀਨੀਅਰ ਨਰਿੰਦਰ ਪਾਲ ਸਿੰਘ ਸੰਧੂ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਜਰਨੈਲ ਸਿੰਘ ਮਾਹਲ, ਕਸ਼ਮੀਰ ਸਿੰਘ ਬੋਪਾਰਾਏ, ਕੈਪਟਨ ਅਮਰਦੀਪ ਸਿੰਘ ਸੰਧੂ ਸਮੇਤ ਇਲਾਕੇ ਦੀਆਂ ਹੋਰ ਕਈ ਪ੍ਰਮੁੱਖ ਸਖਸੀਅਤਾਂ, ਕਾਲਜ ਦੇ ਅਲੂਮਨੀ ਮੈਂਬਰ ਤੇ ਪੁਰਾਣੇ ਵਿਦਿਆਰਥੀ, ਸੇਵਾ ਮੁਕਤ ਕਾਲਜ ਪ੍ਰਿੰ. ਤੇ ਸਟਾਫ ਮੈਂਬਰਾਂ ਨੇ ਵੀ ਸ਼ਮੂਲੀਅਤ ਕੀਤੀ। ਸਮਾਗਮ ਵਿੱਚ ਆਈਆਂ ਸਖਸੀਅਤਾਂ ਦਾ ਕਾਲਜ ਪ੍ਰਿੰ. ਡਾ. ਹਰਪ੍ਰੀਤ ਸਿੰਘ ਹੁੰਦਲ ਤੇ ਸਮੂਹ ਸਟਾਫ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਵਿਚਾਰ ਚਰਚਾ ਅਤੇ ਸੱਭਿਆਚਾਰਕ ਪ੍ਰੋਗਰਾਮ ਦੀ ਸ਼ੁਰੂਆਤ ਕਾਲਜ ਵਿਦਿਆਰਥੀਆਂ ਦੁਆਰਾ ਸਬਦ ਗਾਇਨ ਕਰਕੇ ਕੀਤੀ। ਕਾਲਜ ਦੇ ਪੁਰਾਣੇ ਵਿਦਿਆਰਥੀ ਸੇਵਾ ਮੁਕਤ ਐਕਸੀਅਨ ਅਮਰਜੀਤ ਸਿੰਘ ਬਾਜਵਾ ਨੇ ਆਪਣੇ ਵਿਦਿਆਰਥੀ ਜੀਵਨ ਨਾਲ ਜੁੜੀਆਂ ਯਾਦਾਂ ਸਾਂਝੀਆਂ ਕੀਤੀਆਂ। ਉਨ੍ਹਾਂ ਇਕ ਲੱਖ ਰੁਪਏ ਕਾਲਜ ਨੂੰ ਮਾਲੀ ਮਦਦ ਦੇਣ ਦਾ ਐਲਾਨ ਵੀ ਕੀਤਾ। ਪ੍ਰਸਿੱਧ ਸਿੱਖ ਬੁੱਧੀਜੀਵੀ ਪ੍ਰਿੰ. ਬਾਵਾ ਹਰਕ੍ਰਿਸ਼ਨ ਸਿੰਘ ਵੱਲੋਂ ਕਾਲਜ ਨੂੰ ਇਕ ਲੱਖ ਰੁਪਏ ਦੀ ਮਦਦ ਦਾ ਐਲਾਨ ਕੀਤਾ ਗਿਆ। ਪ੍ਰਿੰ. ਡਾ. ਹਰਪ੍ਰੀਤ ਸਿੰਘ ਹੁੰਦਲ ਨੇ ਕਾਲਜ ਦੇ ਗੌਰਵਮਈ ਵਿਰਸੇ ਅਤੇ ਇਤਿਹਾਸ ਬਾਰੇ ਚਾਨਣਾ ਪਾਇਆ। ਅਲੂਮਨੀ ਨਾਲ ਜੁੜੇ ਸਾਬਕਾ ਪ੍ਰੋਫੈਸਰ ਵੀ. ਕੇ. ਗੁਪਤਾ, ਸਥਾਨਕ ਸਕੱਤਰ ਡਾਕਟਰ ਬਲਚਰਨਜੀਤ ਸਿੰਘ ਭਾਟੀਆ ਨੇ ਵੀ ਵਿਚਾਰਾਂ ਦੀ ਸਾਂਝ ਪਾਈ। ਸੱਭਿਆਚਾਰਕ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਵੱਲੋਂ ਲੋਕ ਗੀਤ ਅਤੇ ਸੱਭਿਆਚਾਰਕ ਵੰਨਗੀਆਂ ਪੇਸ਼ ਕਰਕੇ ਖੂਬ ਮਨੋਰੰਜਨ ਕੀਤਾ ਗਿਆ। ਸਮਾਗਮ ਦੇ ਅੰਤ ਵਿੱਚ ਡਾਕਟਰ ਬਲਚਰਨਜੀਤ ਸਿੰਘ ਭਾਟੀਆ ਨੇ ਮੁੱਖ ਮਹਿਮਾਨ ਅਤੇ ਆਈਆਂ ਸਖਸੀਅਤਾਂ ਦਾ ਧੰਨਵਾਦ ਕੀਤਾ। ਮੰਚ ਸੰਚਾਲਨ ਦੀ ਭੂਮਿਕਾ ਪ੍ਰੋਫੈਸਰ ਹਰਜਿੰਦਰ ਸਿੰਘ ਤੇ ਅਨਾਮਿਕਾ ਨੇ ਬਾਖੂਬੀ ਨਿਭਾਈ।

# ਨਾਇਕ ਸੂਬੇਦਾਰ ਦੀ ਡਿਊਟੀ ਦੌਰਾਨ ਮੌਤ



ਕਾਦੀਆ (ਯਾਦਵਿੰਦਰ ਸਿੰਘ ਮਲਹੋਤਰਾ)-ਕਾਦੀਆ ਦੇ ਨਜ਼ਦੀਕ ਪੈਂਦੇ ਪਿੰਡ ਕਾਹਲਵਾਂ ਦੇ ਫੌਜ ਵਿੱਚ ਨਾਇਕ ਸੂਬੇਦਾਰ ਵਜੋਂ ਤਨਾਇਤ ਫੌਜੀ ਜਵਾਨ ਦੀ ਮੌਤ ਹੋਣ ਦਾ ਦੁਖਦਾਈ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਬਾਰੇ ਜਾਣਕਾਰੀ ਦਿੰਦੇ ਮ੍ਰਿਤਕ ਫੌਜੀ ਜਵਾਨ ਦੇ ਪਿਤਾ ਜੇਮਸ ਮਸੀਹ ਨੇ ਦੱਸਿਆ ਕਿ ਉਸ ਦਾ ਛੋਟਾ ਬੇਟਾ ਕਾਫਲ ਮਸੀਹ ਜੋ ਭਾਰਤੀ ਫੌਜ ਵਿੱਚ ਨਾਇਕ ਸੂਬੇਦਾਰ ਦੇ ਪਦ ਉੱਤੇ ਤਾਇਨਾਤ ਸੀ, ਦੀ ਡਿਊਟੀ ਦੌਰਾਨ ਮੌਤ ਹੋਣ ਦਾ ਸਮਾਚਾਰ ਅੱਜ ਉਨ੍ਹਾਂ ਨੂੰ ਮਿਲਿਆ ਹੈ।

ਕਾਫਲ ਮਸੀਹ ਤਕਰੀਬਨ 20 ਸਾਲ ਪਹਿਲਾ ਫੌਜ ਵਿੱਚ ਭਰਤੀ ਹੋਇਆ ਸੀ ਅਤੇ ਸਿੱਕਮ ਆਸਾਮ ਵਿੱਚ ਆਪਣੀ ਡਿਊਟੀ ਤੇ ਤਾਇਨਾਤ ਸੀ। ਡਿਊਟੀ ਦੌਰਾਨ ਹੀ ਕਾਫਲ ਮਸੀਹ ਦੀ ਮੌਤ ਹੋ ਗਈ। ਮ੍ਰਿਤਕ ਆਪਣੇ ਪਿੱਛੇ ਪਤਨੀ ਤੋਂ ਇਲਾਵਾ ਤਿੰਨ ਬੱਚੇ ਛੱਡ ਗਿਆ ਹੈ। ਕਾਫਲ ਦਾ ਪਾਰਥਿਕ ਸਰੀਰ ਪੋਸਟਮਾਰਟਮ ਤੋਂ ਬਾਅਦ ਉਸਦੇ ਜੱਦੀ ਪਿੰਡ ਕਾਹਲਵਾਂ ਵਿਖੇ ਲਿਆ ਕੇ ਅੰਤਿਮ ਸਸਕਾਰ ਕਰ ਦਿੱਤਾ ਜਾਵੇਗਾ।

# ਦਿਵਿਆ ਜਯੋਤੀ ਜਾਗ੍ਰਿਤੀ ਸੰਸਥਾਨ ਸ਼ਹਿਜ਼ਾਦਾ ਵਿਖੇ ਮਹਿਲਾ ਸਸ਼ਕਤੀਕਰਨ ਪ੍ਰੋਗਰਾਮ ਆਯੋਜਿਤ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਸਥਾਨਕ ਕਸਬੇ ਦੇ ਨਜ਼ਦੀਕ ਦਿਵਿਆ ਜਯੋਤੀ ਜਾਗ੍ਰਿਤੀ ਸੰਸਥਾਨ ਨੇ ਸ਼ਹਿਜ਼ਾਦਾ ਆਸ਼ਰਮ ਵਿਖੇ ਮਹਿਲਾ ਸਸ਼ਕਤੀਕਰਨ ਪ੍ਰੋਗਰਾਮ ਦਾ ਆਯੋਜਨ ਕੀਤਾ ਜਿਸ ਵਿੱਚ ਸੰਸਥਾਨ ਦੀ ਤਰਫੋਂ ਆਸ਼ੂਤੋਸ਼ ਮਹਾਰਾਜ ਦੀ ਸੇਵਿਕਾ ਸਾਧਵੀ ਦੰਤਰੀ ਭਾਰਤੀ ਨੇ ਵੈਦਿਕ ਯੁੱਗ ਅਤੇ ਆਧੁਨਿਕ ਯੁੱਗ ਦਾ ਤਾਲਮੇਲ ਕਰਦੇ ਹੋਏ ਆਧੁਨਿਕ ਯੁੱਗ ਵਿੱਚ ਨਾਰੀ ਸਸ਼ਕਤੀਕਰਨ ਨੂੰ ਸਰਵਉੱਚ ਸਮਝਦੇ ਹੋਏ ਹਾਜ਼ਰ ਔਰਤਾਂ ਨੂੰ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ ਸਾਡੇ ਸੱਭਿਆਚਾਰ ਵਿੱਚ ਕਿਸੇ ਵੀ ਸੁੰਦਰ, ਸ਼ੁਭ, ਲਾਭਕਾਰੀ, ਸ਼ੁਭ ਦੀ ਕਲਪਨਾ ਔਰਤ ਰੂਪ ਵਿੱਚ ਕੀਤੀ ਗਈ ਹੈ। ਇਸ ਲਈ ਕੋਈ ਵੀ ਦੇਸ਼ ਅਤੇ ਸਮਾਜ ਓਨਾ ਚਿਰ ਤਰੱਕੀ ਨਹੀਂ ਕਰ ਸਕਦਾ ਜਿੰਨਾ ਚਿਰ ਔਰਤਾਂ ਅਣਗੌਲੀਆਂ, ਸ਼ੋਸ਼ਿਤ ਅਤੇ ਪਛੜੀਆਂ ਰਹਿਣਗੀਆਂ। ਇੱਕ ਰਾਸ਼ਟਰ ਹਮੇਸ਼ਾ ਆਪਣੀਆਂ ਔਰਤਾਂ ਦੁਆਰਾ ਸਸ਼ਕਤ ਹੁੰਦਾ ਹੈ, ਉਹ ਆਪਣੇ ਨਾਗਰਿਕਾਂ ਦਾ ਪਾਲਣ ਪੋਸਣ ਮਾਂ, ਭੈਣ ਅਤੇ ਪਤਨੀ ਦੀਆਂ ਭੂਮਿਕਾਵਾਂ ਵਿੱਚ ਕਰਦੀਆਂ ਹਨ ਅਤੇ ਤਦ ਹੀ ਉਹ ਮਜ਼ਬੂਤ ਨਾਗਰਿਕ, ਇੱਕ ਮਜ਼ਬੂਤ ਸਮਾਜ ਅਤੇ ਇੱਕ ਮਜ਼ਬੂਤ ਰਾਸ਼ਟਰ ਬਣਾਉਣ ਵਿੱਚ ਆਪਣੀ ਭੂਮਿਕਾ ਨਿਭਾਉਂਦੀਆਂ ਹਨ ਕਿਉਂਕਿ ਔਰਤ, ਕਦੇ ਮਾਂ ਦੇ ਰੂਪ ਵਿੱਚ ਅਤੇ ਕਦੇ ਧੀ ਦੇ ਰੂਪ ਵਿੱਚ ਪ੍ਰਮਾਤਮਾ ਦਾ ਦਿੱਤਾ ਇੱਕ ਅਨਮੋਲ ਤੋਹਫਾ ਹੈ, ਜੋ ਬਿਨਾਂ ਕਿਸੇ ਮਿਹਨਤ ਦੇ ਪਰਿਵਾਰ ਦੇ ਸਾਰੇ ਮੈਂਬਰਾਂ ਦੀ ਤਨਦੇਹੀ ਨਾਲ ਸੇਵਾ ਕਰਦੀ ਹੈ ਅਤੇ ਜਿਸ ਨੇ ਹਰ ਖੇਤਰ ਵਿੱਚ ਆਪਣਾ ਝੰਡਾ ਬੁਲੰਦ ਕੀਤਾ ਹੈ ਪਰ ਅੱਜ ਭਾਰਤ ਵਿੱਚ ਕੰਨਿਆ ਭਰੂਣ ਹੱਤਿਆ ਅਤੇ ਦਾਜ ਪ੍ਰਥਾ ਦੇਸ ਲਈ ਇੱਕ ਬਿਮਾਰੀ ਅਤੇ ਸਰਾਪ ਬਣ ਚੁੱਕੀ ਹੈ। ਅੱਜ ਲੋੜ ਹੈ ਕਿ ਬ੍ਰਹਮ-ਗਿਆਨ ਦੀ ਸ਼ਕਤੀ ਨਾਲ ਬ੍ਰਹਮਤਾ ਦੀ ਪ੍ਰਾਪਤੀ ਕਰਕੇ ਰਾਣੀ ਲਕਸ਼ਮੀ ਬਾਈ, ਰਾਣੀ ਕਰਨਾਵਤੀ, ਮੀਰਾਬਾਈ, ਮਦਾਲਸਾ, ਗਾਰਗੀ, ਸਰੋਜਨੀ ਨਾਇਡੂ ਵਾਂਗ ਨਾਰੀ ਪ੍ਰਤਿਭਾਵਾਂ ਰਿਕਾਰਡ ਕਾਇਮ ਕਰਨ। ਇਸ ਮੌਕੇ ਸਾਧਵੀ ਦੀਕਸ਼ਾ ਭਾਰਤੀ ਅਤੇ ਪਰਮਿੰਦਰ ਭਾਰਤੀ ਨੇ ਮਹਿਲਾ ਸਸ਼ਕਤੀਕਰਨ ਨਾਲ ਰੰਗੇ ਇਨਕਲਾਬੀ ਭਜਨ ਗਾ ਕੇ ਹਾਜ਼ਰ ਔਰਤਾਂ ਨੂੰ ਜਾਗਰੂਕ ਕੀਤਾ। ਅੱਜ ਸੰਤੁਲਨ ਪ੍ਰੋਜੈਕਟ ਤਹਿਤ ਜਿੱਥੇ ਸਮਾਜ ਨੂੰ ਕੰਨਿਆ ਭਰੂਣ ਹੱਤਿਆ ਵਿਰੁੱਧ ਜਾਗਰੂਕ ਕੀਤਾ ਜਾ ਰਿਹਾ ਹੈ, ਉੱਥੇ ਹੀ ਪੇਂਡੂ ਖੇਤਰਾਂ ਦੀਆਂ ਔਰਤਾਂ ਨੂੰ ਸਿੱਖਿਅਤ ਕਰਕੇ ਦੇਸ਼ ਦੇ ਵਿਕਾਸ ਵਿੱਚ ਵੀ ਯੋਗਦਾਨ ਪਾਇਆ ਜਾ ਰਿਹਾ ਹੈ। ਪ੍ਰੋਗਰਾਮ ਵਿੱਚ ਹਾਜ਼ਰ ਔਰਤਾਂ ਨੇ ਆਪਣੇ ਫਰਜ਼ਾਂ ਪ੍ਰਤੀ ਸੁਚੇਤ ਰਹਿਣ ਦਾ ਪ੍ਰਣ ਵੀ ਲਿਆ।

# ਟੋਇਟਾ ਕਿਰਲੋਸਕਰ ਮੋਟਰ ਨੇ ਗਾਹਕ ਅਨੁਭਵ ਨੂੰ ਮੁੜ ਪਰਿਭਾਸ਼ਿਤ ਕੀਤਾ

**ਜਲੰਧਰ** : ਗਾਹਕ ਸਭ ਤੋਂ ਪਹਿਲਾਂ ਅਤੇ ਖਰੀਦਦਾਰੀ ਦਾ ਸ਼ਾਨਦਾਰ ਅਨੁਭਵ ਬਣਾਉਣ ਦੀ ਪ੍ਰਤੀਬੱਧਤਾ ਦੇ ਅਨੁਸਾਰ, ਟੋਇਟਾ ਕਿਰਲੋਸਕਰ ਮੋਟਰ ਪ੍ਰਾਈਵੇਟ ਲਿਮਟਿਡ (ਟੋਇਟਾ ਕਿਰਲੋਸਕਰ ਮੋਟਰ/ਟੀਕੇਐਮ) ਨੇ ਆਪਣੀ ਸ਼ਾਨਦਾਰ ਨਵੀਂ ਕਾਰ ਡਿਲਿਵਰੀ ਸਲਿਊਸ਼ਨ ਦੀ ਸ਼ੁਰੂਆਤ ਦਾ ਐਲਾਨ ਕੀਤਾ ਹੈ। ਇਹ ਇੱਕ ਅਜਿਹੀ ਪਹਿਲ ਹੈ ਜਿਸ ਨਾਲ ਟੀਕੇਐੱਮ ਦੇ ਅਧਿਕਾਰਤ ਡੀਲਰਾਂ ਦੁਆਰਾ ਉਨ੍ਹਾਂ ਦੀ ਵਿੱਕਰੀ ਪ੍ਰਕਿਰਿਆ ਦੇ ਹਿੱਸੇ ਵਜੋਂ ਲਾਗੂ ਕੀਤਾ ਜਾਣਾ ਹੈ।ਨਵੀਂ ਪਹਿਲਕਦਮੀ ਦਾ ਉਦੇਸ਼ ਵਾਹਨ ਲੌਜਿਸਟਿਕ ਸੇਵਾਵਾਂ ਦਾ ਵਿਸਤਾਰ ਡਿਲੀਵਰੀ ਟੱਚਪੁਆਇੰਟ ਤੱਕ ਵਧਾਉਣਾ ਹੈ। ਇਸ ਦੇ ਤਹਿਤ, ਨਵੀਆਂ ਕਾਰਾਂ ਨੂੰ ਡਿਲੀਵਰੀ ਦੀ ਥਾਂ ਬਿਨਾਂ ਚਲਾਏ ਪਹੁੰਚਾਇਆ ਜਾਵੇਗਾ ਅਤੇ ਡੀਲਰ ਕਰਮਚਾਰੀਆਂ ਦੁਆਰਾ ਉਨ੍ਹਾਂ ਨੂੰ ਚਲਾਉਣ ਦੀ ਸੰਭਾਵਨਾ ਨੂੰ ਖਤਮ ਕੀਤਾ ਜਾਵੇਗਾ। ਇੰਡਸਟਰੀ 'ਚ ਅਜਿਹਾ ਪਹਿਲੀ ਵਾਰ ਕੀਤਾ ਜਾ ਰਿਹਾ ਹੈ। ਇਸ ਪਹਿਲਕਦਮੀ 'ਤੇ, ਸਬਰੀ ਮਨੋਹਰ ਵਾਈਸ ਪ੍ਰੈਜ਼ੀਡੈਂਟ, ਵਿੱਕਰੀ-ਸੇਵਾ-ਯੂਜ਼ਡ ਕਾਰ ਬਿਜ਼ਨਸ, ਟੋਇਟਾ ਕਿਰਲੋਸਕਰ ਮੋਟਰ ਨੇ ਕਿਹਾ ਕਿ ਟੋਇਟਾ ਕਿਰਲੋਸਕਰ ਮੋਟਰ ਵਿੱਚ, ਗਾਹਕ-ਕੇਂਦ੍ਰਿਤ ਹੋਣ ਦੀ ਸਾਡੀ ਵਚਨਬੱਧਤਾ ਸਭ ਤੋਂ ਮਹੱਤਵਪੂਰਨ ਹੈ।

# ਘਰ 'ਚੋਂ ਨਕਦੀ ਅਤੇ ਜ਼ੇਵਰਾਤ ਚੋਰੀ




ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਪੱਟੀ ਇਲਾਕੇ 'ਚ ਚੋਰਾਂ ਦਾ ਤਾਂਡਵ ਪੁਲਸ ਪ੍ਰਸ਼ਾਸਨ ਦੇ ਸਿਰ ਚੜ੍ਹ ਕੇ ਬੋਲ ਰਿਹਾ। ਨਹੀਂ ਰੁਕ ਰਿਹਾ ਲੁੱਟ ਖੋਹਾਂ ਚੋਰੀਆਂ ਡਕੈਤੀਆਂ ਦਾ ਸਿਲਸਿਲਾ।

ਪੁਲਸ ਪ੍ਰਸ਼ਾਸਨ ਘੂਕ ਨੀਂਦ ਸੁੱਤਾ। ਪੱਟੀ ਹਲਕੇ ਤੋਂ ਵਿਧਾਇਕ ਮੌਜੂਦਾ ਟਰਾਂਸਪੋਰਟ ਅਤੇ ਪੰਚਾਇਤ ਮੰਤਰੀ ਲਾਲਜੀਤ ਸਿੰਘ ਭੁੱਲਰ ਦੀ ਸੱਜੀ ਬਾਂਹ ਵਜੋਂ ਜਾਣੇ ਜਾਂਦੇ ਮਾਰਕੀਟ ਕਮੇਟੀ ਹਰੀਕੇ ਦੇ ਚੇਅਰਮੈਨ ਦਿਲਬਾਗ ਸਿੰਘ ਰੱਤਾ ਗੁੱਦਾ ਦੇ ਘਰ ਲੰਘੀ ਰਾਤ ਅਣਪਛਾਤਿਆਂ ਨੇ ਸੰਨ੍ਹ ਲਾ ਕੇ ਨਕਦੀ ਤੇ ਜ਼ੇਵਰਾਤ ਤੇ ਹੱਥ ਸਾਫ ਕੀਤਾ। ਭਾਣਾ ਉਸ ਵੇਲੇ ਵਾਪਰਿਆ ਜਦੋਂ ਦਿਲਬਾਗ ਸਿੰਘ ਪਰਿਵਾਰ ਸਮੇਤ ਰਿਸ਼ਤੇਦਾਰੀ ਵਿੱਚ ਗਏ ਹੋਏ ਸਨ। ਬੇਸ਼ੱਕ ਹਰੀਕੇ ਪੁਲਸ ਨੇ ਅਣਪਛਾਤਿਆਂ ਦੇ ਖਿਲਾਫ ਮਾਮਲਾ ਦਰਜ ਕਰ ਲਿਆ ਪਰ ਦੋ ਦਿਨ ਬੀਤ ਜਾਣ ਬਾਵਜੂਦ ਵੀ ਪੁਲਸ ਦੇ ਹੱਥ ਖਾਲੀ ਨਜ਼ਰ ਆ ਰਹੇ ਹਨ।

ਚੁੰਝ ਚਰਚਾ ਇਹ ਵੀ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਅੰਦਰ ਮੰਤਰੀਆਂ ਦੇ ਕਰੀਬੀ ਵੀ ਸੁਰੱਖਿਅਤ ਨਹੀਂ ਹਨ ਅਤੇ ਆਮ ਜਨਤਾ ਦਾ ਕੀ ਬਣੇਗਾ।

# ਰਸਤੇ 'ਚ ਟੇਢਾ ਹੋਇਆ ਰੁੱਖ ਦੇ ਰਿਹਾ ਭਿਆਨਕ ਹਾਦਸਿਆਂ ਨੂੰ ਸੱਦਾ



**ਗੁਰਦਾਸਪੁਰ, (ਜਨਕ ਮਹਾਜਨ)**-ਗੁਰਦਾਸਪੁਰ ਸ਼ਹਿਰ ਦੇ ਸੁੱਕੇ ਤਲਾਅ ਨਜ਼ਦੀਕ ਬਿਜਲੀ ਦਫ਼ਤਰ 'ਚ ਬਿੱਲ ਜਮ੍ਹਾ ਕਰਵਾਉਣ ਵਾਲੇ ਕਾਊਂਟਰ 'ਤੇ ਜਾਣ ਵਾਲੇ ਰਸਤੇ ਕੰਢੇ ਇਕ ਕਾਫ਼ੀ ਪੁਰਾਣਾ ਵੱਡਾ ਰੁੱਖ ਟੇਢਾ ਹੋਇਆ ਪਿਆ ਹੈ ਜਿਸ ਕਾਰਨ ਇਥੇ ਬਿਜਲੀ ਬਿੱਲ ਜਮ੍ਹਾ ਕਰਵਾਉਣ ਵਾਲੇ ਖਪਤਕਾਰਾਂ ਨੂੰ ਕਾਫ਼ੀ ਮੁਸ਼ਕਿਲ ਦਾ ਸਾਹਮਣਾ ਕਰਨਾ ਪੈਂਦਾ ਹੈ। ਇਹ ਰੁੱਖ਼ ਕਲਾ ਕੇਂਦਰ ਤੋਂ ਜੀ. ਟੀ. ਰੋਡ ਪੁਰਾਣੀ ਤਹਿਸੀਲ ਨੂੰ ਜਾਂਦੀ ਛੋਟੀ ਜਿਹੀ ਲਿੰਕ ਸੜਕ ਕੰਢੇ ਬਿਜਲੀ ਦਫ਼ਤਰ ਦੇ ਪਿਛਲੇ ਪਾਸੇ ਲੱਗਾ ਹੋਇਆ ਹੈ। ਇਹ ਰੁੱਖ ਕਾਫ਼ੀ ਹੇਠਾਂ ਨੂੰ ਝੁਕਿਆ ਹੋਇਆ ਹੈ ਜਿਸ ਕਾਰਨ ਸਕੂਟਰ, ਮੋਟਰਸਾਈਕਲ 'ਤੇ ਲੰਘਣਾ ਖ਼ਤਰੇ ਤੋਂ ਖਾਲੀ ਨਹੀਂ ਹੈ। ਇਹ ਰਸਤਾ ਬਾਜ਼ਾਰ ਤੋਂ ਜੀ. ਟੀ ਰੋਡ ਸਥਿਤ ਸਰਕਾਰੀ ਸਕੂਲ ਮੁੰਡੇ ਅਤੇ ਸਰਕਾਰੀ ਸਕੂਲ ਕੁੜੀਆਂ, ਪੁਰਾਣਾ ਤਹਿਸੀਲ ਕੰਪਲੈਕਸ ਨੂੰ ਜਾਂਦਾ ਹੈ ਜਿਸ ਕਰਕੇ ਇਸ ਰਸਤੇ ਵਿਚ ਟਰੈਫ਼ਿਕ ਦਾ ਕਾਫ਼ੀ ਜ਼ੋਰ ਰਹਿੰਦਾ ਹੈ। ਜਦੋਂ ਕੋਈ ਵਾਹਨ ਚਾਲਕ ਆਪਣੇ ਧਿਆਨ ਨਾਲ ਤੇਜ਼ ਗਤੀ ਵਿਚ ਜਾ ਰਿਹਾ ਹੁੰਦਾ ਹੈ ਕਿ ਇਸ ਰਸਤੇ ਵਿਚ ਝੁਕੇ ਰੁੱਖ ਨਾਲ ਸਿਰ ਟਕਰਾਉਣ ਕਾਰਨ ਹਾਦਸਾ ਵਾਪਰਨ ਦਾ ਡਰ ਬਣਿਆ ਰਹਿੰਦਾ ਹੈ। ਲੋਕਾਂ ਨੇ ਨਗਰ ਕੌਂਸਲ ਅਤੇ ਵਣ ਵਿਭਾਗ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਇਸ ਰੁੱਖ ਨੂੰ ਰਸਤੇ ਵਿਚੋਂ ਹਟਾਇਆ ਜਾਵੇ ਤਾਂ ਜੋ ਕੋਈ ਵੀ ਦੁਰਘਟਨਾ ਨਾ ਵਾਪਰ ਸਕੇ।

# ਸੇਮ ਨਾਲੇ 'ਤੇ ਬਣੀ ਰੇਲਿੰਗ ਟੁੱਟਣ ਕਾਰਨ ਹਾਦਸੇ ਵਾਪਰਨ ਦਾ ਖੌਫ



ਗੁਰਦਾਸਪੁਰ, (ਜਨਕ ਮਹਾਜਨ)-ਗੁਰਦਾਸਪੁਰ-ਮੁਕੇਰੀਆਂ ਸੜਕ 'ਤੇ ਪੈਂਦੇ ਕਸਬਾ ਸ਼ਾਲਾ ਤੇ ਜਗਤਪੁਰ ਵਿਚਕਾਰੋਂ ਲੰਘਦੇ ਸੇਮ ਨਾਲੇ ਦੀ ਰੇਲਿੰਗ ਟੁੱਟ ਜਾਣ ਕਾਰਨ ਹਰ ਵੇਲੇ ਕਿਸੇ ਵਹੀਕਲ ਦਾ ਨਾਲੇ ਵਿਚ ਡਿਗਣ ਦਾ ਡਰ ਬਣਿਆ ਰਹਿੰਦਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਗੁਰਦਾਸਪੁਰ ਤੋਂ ਲਗਭਗ 15 ਕਿੱਲੋ ਮੀਟਰ ਦੂਰ ਪੈਂਦੇ ਇਸ ਸੇਮ ਨਾਲੇ ਤੋਂ ਵੱਡੀ ਗਿਣਤੀ ਵਿਚ ਬੱਸਾਂ, ਟਰੱਕ ਅਤੇ ਹੋਰ ਵਾਹਨ ਦਿਨ ਰਾਤ ਗੁਜ਼ਰਦੇ ਹਨ ਅਤੇ ਸੇਮ ਨਾਲੇ 'ਤੇ ਬਣੀ ਪੁਲੀ ਦੀ ਚੌੜਾਈ ਘੱਟ ਹੋਣ ਕਾਰਨ ਦੋ ਵਾਹਨਾਂ ਦਾ ਆਹਮਣੇ-ਸਾਹਮਣੇ ਤੋਂ ਆਉਂਦੇ-ਜਾਂਦੇ ਸਮੇਂ ਗੁਜ਼ਰਨ ਵੇਲੇ ਬੜੀ ਸਾਵਧਾਨੀ ਵਰਤਣੀ ਪੈਂਦੀ ਹੈ। ਜ਼ਰਾ ਜਿਹੀ ਕੁਤਾਹੀ ਹੋਣ ਕਾਰਨ ਕੋਈ ਹਾਦਸਾ ਵਾਪਰ ਸਕਦਾ ਹੈ।

ਇਸ ਸੇਮ ਨਾਲੇ ਦੀ ਡੂੰਘਾਈ ਕਾਫ਼ੀ ਹੈ। ਲੋਕਾਂ ਦੱਸਿਆ ਕਿ ਇਹ ਸੇਮ ਨਾਲਾ ਪਿੰਡ ਚੇਚੀਆਂ ਛੌੜੀਆਂ ਵਾਲੇ ਪਾਸਿਓਂ ਆਉਂਦਾ ਹੈ ਅਤੇ ਗੁਰਦਾਸਪੁਰ ਮੁਕੇਰੀਆਂ ਸੜਕ ਵਿਚਕਾਰੋਂ ਲੰਘਦਾ ਹੋਇਆ ਪਿੰਡ ਮੀਲਮਾਂ ਨੇੜੇ ਦਰਿਆ ਬਿਆਸ ਵਿਚ ਮਿਲ ਜਾਂਦਾ ਹੈ। ਸੇਮ ਨਾਲੇ 'ਤੇ ਬਣੀ ਪੁਲੀ ਦੀ ਰੇਲਿੰਗ ਆਏ ਦਿਨ ਟੁੱਟ ਜਾਂਦੀ ਹੈ ਅਤੇ ਹਾਦਸੇ ਹੁੰਦੇ-ਹੁੰਦੇ ਬਚ ਜਾਂਦੇ ਹਨ। ਇਸ ਪੁਲ ਦੀ ਰੇਲਿੰਗ ਨੂੰ ਤੋੜ ਕੇ ਕਈ ਵਾਰ ਵਾਹਨ ਨਾਲੇ ਵਿਚ ਡਿਗ ਜਾਂਦੇ ਹਨ।

ਕੁਝ ਸਾਲ ਪਹਿਲਾਂ ਇਕ ਸਵਾਰੀ ਬੱਸ ਇਸ ਸੇਮ ਨਾਲੇ ਵਿਚ ਡਿਗ ਪਈ ਸੀ ਅਤੇ ਕਾਫ਼ੀ ਨੁਕਸਾਨ ਹੋਇਆ ਸੀ। ਲੋਕਾਂ ਦੀ ਪੰਜਾਬ ਸਰਕਾਰ ਅਤੇ ਲੋਕ ਨਿਰਮਾਣ ਵਿਭਾਗ ਗੁਰਦਾਸਪੁਰ ਪਾਸੋਂ ਮੰਗ ਹੈ ਕਿ ਇਸ ਸੇਮ ਨਾਲੇ ਦੀ ਟੁੱਟੀ ਰੇਲਿੰਗ ਦੀ ਜਲਦੀ ਤੋਂ ਜਲਦੀ ਮੁਰੰਮਤ ਕਰਵਾਈ ਜਾਵੇ ਤਾਂ ਜੋ ਹਨੇਰੇ-ਸਵੇਰੇ ਕੋਈ ਅਣਸੁਖਾਵੀਂ ਘਟਨਾ ਨਾ ਵਾਪਰ ਸਕੇ।

# ਕੇਟੈਕਸ ਫੈਬਰਿਕਸ 'ਚੋਂ ਬਿਜਲੀ ਕੇਬਲਾਂ ਸਮੇਤ ਹੋਰ ਸਾਮਾਨ ਚੋਰੀ



ਮਜੀਠਾ ( ਸੋਇਮ ਆਨੰਦ)-ਮਜੀਠਾ ਰੋਡ 'ਤੇ ਸਥਿੱਤ 'ਕੇਟੈਕਸ ਫੈਬਰਿਕਸ ਪ੍ਰਾਈਵੇਟ ਲਿਮਟਿਡ ਨਾਮ ਦੀ ਕੱਪੜੇ ਦੀ ਫੈਕਟਰੀ ਦੀਆਂ ਬਿਜਲੀ ਦੀਆਂ ਕੇਬਲਾਂ, ਬਿਜਲੀ ਮੋਟਰਾਂ, ਏਸੀ ਦੀਆਂ ਕਾਪਰ ਦੀਆਂ ਪਾਇਪਾਂ ਤੇ ਹੋਰ ਲੋਹੇ ਦਾ ਸਾਮਾਨ ਚੋਰੀ ਹੋਇਆ ।

ਇਸ ਸਬੰਧੀ ਕੇਟੈਕਸ ਦੇ ਇੰਚਾਰਜ ਸੁਖਵੰਤ ਸਿੰਘ, ਇਲੈਕਟ੍ਰੀਸ਼ਨ ਕ੍ਰਿਸ਼ਨ ਕੁਮਾਰ ਤੇ ਤਰਸੇਮ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਰੀਬ ਸੱਤ ਅੱਠ ਮਹੀਨੇ ਪਹਿਲਾਂ ਰਾਤ ਸਮੇ ਤਿੰਨ ਲੱਖ ਦੇ ਕਰੀਬ ਕੀਮਤ ਦੀਆਂ ਛੋਟੀਆਂ ਵੱਡੀਆਂ ਬਿਜਲੀ ਦੀਆਂ ਮੋਟਰਾਂ ਚੋਰੀ ਕਰ ਲਈਆਂ ਸਨ ਜਿਸ ਸਬੰਧੀ ਪੁਲਸ ਨੂੰ ਵੀ ਸੂਚਿਤ ਕੀਤਾ ਗਿਆ ਸੀ ਪਰ ਉਨ੍ਹਾਂ ਦੀ ਅਜੇ ਤੱਕ ਕੋਈ ਵੀ ਭਰਪਾਈ ਨਹੀਂ ਹੋਈ ਤੇ ਹੁਣ ਫਿਰ ਕਰੀਬ ਦਸ ਦਿਨਾਂ ਤੋਂ ਲਗਾਤਾਰ ਚੋਰਾਂ ਵਲੋਂ ਇਸ ਫੈਕਟਰੀ ਨੂੰ ਨਿਸ਼ਾਨਾ ਬਣਾ ਕੇ ਇਥੋਂ ਲੱਖਾਂ ਦੀ ਕੀਮਤ ਦੀਆਂ ਬਿਜਲੀ ਦੀਆਂ ਕੇਬਲਾਂ, ਏ ਸੀ ਦੀਆਂ ਕਾਪਰ ਪਾਇਪਾਂ ਤੇ ਹੋਰ ਲੋਹੇ ਦਾ ਸਾਮਾਨ ਚੋਰੀ ਕੀਤਾ ਜਾ ਰਿਹਾ ਹੈ, ਜਿਸ ਤੇ ਮਾਲੀ ਨੁਕਸਾਨ ਨਾਲ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ।

ਕੇਟੈਕਸ ਮਾਲਕ ਸੰਜੀਵ ਕੰਧਾਰੀ ਨੇ ਪ੍ਰਸ਼ਾਸ਼ਨ ਤੋਂ ਮੰਗ ਕਰਦਿਆਂ ਕਿਹਾ ਕਿ ਮਜੀਠਾ ਰੋਡ 'ਤੇ ਪੈਂਦੀਆਂ ਸਾਰੀਆਂ ਕੱਪੜੇ ਦੀਆਂ ਫੈਕਟਰੀਆਂ ਦੀ ਸੁਰੱਖਿਆ ਲਈ ਵਿਸ਼ੇਸ਼ ਉਪਰਾਲਾ ਕੀਤਾ ਜਾਵੇ ।

# ਜੱਗਾ ਮਜੀਠੀਆ ਨੇ ਅਗਾਮੀ ਲੋਕ ਸਭਾ ਚੋਣਾਂ ਸਬੰਧੀ ਚੁਗਾਵਾਂ ਸਾਧਪੁਰ 'ਚ ਕੀਤੀ ਮੀਟਿੰਗ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)—ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਜਗਵਿੰਦਰ ਪਾਲ ਸਿੰਘ ਜੱਗਾ ਮਜੀਠਾ ਆ ਰਹੀਆਂ ਲੋਕ ਸਭਾ ਚੋਣਾਂ ਸਬੰਧੀ ਪਿੰਡ ਚੁਗਾਵਾਂ ਸਾਧਪੁਰ ਦੇ ਨਿਸ਼ਾਨ ਸਿੰਘ ਨਾਮਧਾਰੀ ਦੇ ਗ੍ਰਹਿ ਵਿਖੇ ਆਪਣੇ ਵਰਕਰਾਂ ਨਾਲ ਖੁੱਲ ਕੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਜੱਗਾ ਮਜੀਠਾ ਨੇ ਕਿਹਾ ਕਿ ਦੇਸ ਦੇ ਅੰਨਦਾਤਾ ਕਿਸਾਨਾਂ ਉੱਪਰ ਕੇਂਦਰ ਦੀ ਭਾਜਪਾ ਸਰਕਾਰ ਅਤੇ ਹਰਿਆਣਾ ਸਰਕਾਰ ਵੱਲੋਂ ਜਬਰ ਜ਼ੁਲਮ ਕਰਨਾ ਬਹੁਤ ਨਿੰਦਣਯੋਗ ਹੈ ਜਿਸ ਦਾ ਖਮਿਆਜ਼ਾ ਭਾਜਪਾ ਨੂੰ ਆ ਰਹੀਆਂ ਲੋਕ ਸਭਾ ਚੋਣਾਂ ਵਿੱਚ ਭੁਲਤਣਾ ਪਵੇਗਾ। ਜੱਗਾ ਮਜੀਠਾ ਨੇ ਕਿਹਾ ਕਿ ਦੇਸ ਦਾ ਅੰਨਦਾਤਾ ਕਿਸਾਨ, ਜੋ ਕਿ ਕੇਂਦਰ ਵੱਲੋਂ 3 ਸਾਲ ਪਹਿਲਾਂ ਮੰਨੀਆਂ ਹੋਈਆਂ ਮੰਗਾਂ ਕੇਂਦਰ ਸਰਕਾਰ ਤੋਂ ਲਾਗੂ ਕਰਵਾਉਣ ਲਈ ਦਿੱਲੀ ਪਹੁੰਚਣ ਲਈ ਜੱਦੋ-ਜਹਿਦ ਕਰਦਾ ਹੋਇਆ ਹਰਿਆਣਾ ਪੰਜਾਬ ਬਾਰਡਰ ਤੇ ਹੀ ਰੋਕ ਕੇ ਅੱਥਰੂ ਗੈਸ ਗੋਲਿਆਂ ਅਤੇ ਰਬੜ ਦੀਆਂ ਗੋਲੀਆਂ ਵਰ੍ਹਾ ਕੇ ਕਿਸਾਨਾਂ 'ਤੇ ਅੰਨ੍ਹਾ ਤਸ਼ੱਦਦ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਦੇਸ ਦੇ ਅੰਦਰ ਜੇ ਜਵਾਨ ਤੇ ਜੋ ਕਿਸਾਨ ਦਾ ਨਾਅਰਾ ਲਗਾਉਣ ਵਾਲੀ ਭਾਜਪਾ ਸਰਕਾਰਾ ਕਿਸਾਨਾਂ ਨੂੰ ਬਣਦੇ ਹੱਕਾਂ ਤੇ ਹਿੱਤਾਂ ਤੋਂ ਵਾਂਝਿਆਂ ਰੱਖ ਰਹੀ ਹੈ, ਜਿਸ ਕਾਰਨ ਕਿਸਾਨਾਂ ਨੂੰ ਆਰਥਿਕ ਕਰਜ਼ਿਆਂ ਦੇ ਬੋਝ ਹੇਠਾਂ ਆ ਕੇ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਮੌਕੇ ਨਿਸ਼ਾਨ ਸਿੰਘ ਨਾਮਧਾਰੀ ਚੋਗਾਵਾਂ, ਅਤਰ ਸਿੰਘ, ਸੁਖਰਾਜ ਸਿੰਘ ਚੋਗਾਵਾਂ, ਬਲਾਕ ਪ੍ਰਧਾਨ ਬਲਬੀਰ ਸਿੰਘ ਬੋਪਾਰਾਏ, ਬਲਾਕ ਪ੍ਰਧਾਨ ਜਗਦੀਪ ਸਿੰਘ ਭੀਲੋਵਾਲ ਆਦਿ ਆਗੂ ਵੀ ਹਾਜ਼ਰ ਸਨ। .

# ਪਰਸ ਰਾਮ ਨੂੰ ਵੱਖ-ਵੱਖ ਸ਼ਖਸੀਅਤਾਂ ਵੱਲੋਂ ਭਾਵ-ਭਿੰਨੀ ਸ਼ਰਧਾਂਜਲੀ



ਧਾਰੀਵਾਲ (ਮਨਦੀਪ ਸਿੰਘ ਵਿੱਕੀ)—ਗਾਇਕ, ਅਦਾਕਾਰ, ਪ੍ਰੋਡਿਊਸਰ ਮਨੋਹਰ ਧਾਰੀਵਾਲ ਦੇ ਪਿਤਾ ਪਰਸ ਰਾਮ ਜਿਨ੍ਹਾਂ ਦਾ ਪਿਛਲੇ ਦਿਨੀਂ ਦੇਹਾਂਤ ਹੋ ਗਿਆ ਸੀ, ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ 'ਤੇ ਪੁੱਜੇ ਪੰਜਾਬ ਦੇ ਵੱਖ-ਵੱਖ ਕਲਾਕਾਰਾਂ, ਸਮਾਜਿਕ, ਧਾਰਮਿਕ ਅਤੇ ਰਾਜਨੀਤਿਕ ਆਗੂਆਂ ਵਲੋਂ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਸ਼੍ਰੀ ਪਰਸ ਰਾਮ ਦੀ ਅੰਤਿਮ ਅਰਦਾਸ ਮੌਕੇ ਸ਼ਰਧਾਂਜਲੀ ਭੇਟ ਕਰਨ ਲਈ ਸਾਬਕਾ ਮੰਤਰੀ ਸੁੱਚਾ ਸਿੰਘ ਛੋਟੇਪੁਰ, ਸੁਰਿੰਦਰ ਫਰਿਸ਼ਤਾ ਘੁੱਲੇ ਸ਼ਾਹ, ਕਾਂਸ਼ੀ ਰਾਮ ਚੰਨ, ਹਰਭਜਨ ਸਿੰਘ ਰਾਠੌਰ, ਵਿਸ਼ਵ ਪ੍ਰਸਿੱਧ ਗੀਤਕਾਰ ਮਦਨ ਜਲੰਧਰੀ, ਅਸ਼ਵਨੀ ਦੁੱਗਲ ਪ੍ਰਧਾਨ ਨਗਰ ਕੌਂਸਲ ਧਾਰੀਵਾਲ, ਨੋਨੀ ਖੋਸਲਾ, ਨੀਰਜ ਮਹਾਜਨ, ਗੌਤਮ ਭੱਲਾ ਅਸਟੇਟ ਅਫਸਰ ਅਤੇ ਸਟਾਫ ਮੈਂਬਰ ਡੀਏਵੀ ਯੂਨੀਵਰਸਿਟੀ ਜਲੰਧਰ, ਜਗਦੀਸ਼ ਧਾਰੀਵਾਲ ਸਾਬਕਾ ਡਾਇਰੈਕਟਰ ਐੱਸਸੀ ਕਾਰਪੋਰੇਸ਼ਨ ਪੰਜਾਬ, ਵਿਕਰਮ ਕਲਿਆਣ, ਐੱਸ. ਅੰਗੁਰਾਲ ਐੱਲਆਈਸੀ ਅਧਿਕਾਰੀ, ਡਾ. ਲਖਮੀਰ ਸਿੰਘ, ਸਵਰਨ ਕੁਮਾਰ ਐਕਸ ਕੌਂਸਲਰ, ਇੰਜੀਨੀਅਰ ਜੇ. ਪੀ. ਸਿੰਘ, ਕੁਲਦੀਪ ਸਿੰਘ ਕਾਂਗਲਾ, ਗਾਇਕ ਅਮਨ ਹੈਪੀ, ਬਲਜਿੰਦਰ ਸਰਹਾਲੀ, ਸਿਤਾਂਸ਼ੂ ਜੋਸ਼ੀ, ਵਿਜੈ ਬੱਧਣ, ਮੁਮਤਾਜ ਹੰਸ, ਰਾਜੇਸ਼ ਬੱਬੀ, ਟਿੰਕੂ ਸਾਬਰੀ, ਬੌਬੀ ਕੌੜਾ ਰਈਆ, ਪ੍ਰੈੱਸ ਮੀਡੀਆ ਤੋਂ ਗੋਬਿੰਦ ਸੁਖੀਜਾ, ਅਖਿਲ ਮਲਹੋਤਰਾ, ਕਰਮਜੀਤ ਜੇਬਾ ਤੋਂ ਇਲਾਵਾ ਰਿਸ਼ਤੇਦਾਰ ਅਤੇ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਹਾਜ਼ਰ ਸਨ।

# ਹਰਿਆਣਾ ਸਰਕਾਰ ਸੰਘਰਸ਼ੀ ਕਿਸਾਨਾਂ ਉਪਰ ਕਰ ਰਹੀ ਅਣਮਨੁੱਖੀ ਤਸ਼ੱਦਦ: ਹਰਦੀਪ ਜੌਹਲ



ਝਬਾਲ (ਹਰਜਿੰਦਰ ਸਿੰਘ ਸੋਨੀ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ਿਲ੍ਹਾ ਤਰਨਤਾਰਨ ਦੇ ਅਧੀਨ ਜ਼ੋਨ ਬਾਬਾ ਦੀਪ ਸਿੰਘ ਜੀ ਦੇ ਪਿੰਡਾਂ ਦੀ ਮੀਟਿੰਗ ਕੀਤੀ ਗਈ ਜਿਸ ਦੀ ਅਗਵਾਈ ਜ਼ੋਨ ਸਕੱਤਰ ਹਰਦੀਪ ਸਿੰਘ ਜੌਹਲ ਨੇ ਕੀਤੀ। ਇਸ ਮੌਕੇ ਪ੍ਰੈੱਸ ਬਿਆਨ ਜਾਰੀ ਕਰਦੇ ਹੋਏ ਜ਼ੋਨ ਸਕੱਤਰ ਹਰਦੀਪ ਸਿੰਘ ਜੌਹਲ ਨੇ ਦੱਸਿਆ ਕਿ ਜ਼ੋਨ ਬਾਬਾ ਦੀਪ ਸਿੰਘ ਜੀ ਵੱਲੋਂ 20 ਫਰਵਰੀ ਨੂੰ ਸ਼ੰਭੂ ਬਾਰਡਰ ਉੱਪਰ ਦੂਜਾ ਜੱਥਾ ਭੇਜਿਆ ਜਾ ਰਿਹਾ ਹੈ, ਜਿਸ ਦੀਆਂ ਤਿਆਰੀਆਂ ਕਰਵਾਉਂਦੇ ਹੋਏ ਕਿਸਾਨ ਟਰੈਕਟਰ, ਟਰਾਲੀਆਂ ਸਮੇਤ ਵੱਡੀ ਗਿਣਤੀ ਵਿੱਚ ਸ਼ੰਭੂ ਬਾਰਡਰ 'ਤੇ ਪਹੁੰਚਣਗੇ। ਹਜ਼ਾਰਾਂ ਕਿਸਾਨਾਂ, ਨੌਜਵਾਨਾਂ 'ਤੇ ਹਰਿਆਣਾ ਸਰਕਾਰ ਵੱਲੋਂ ਕੇਂਦਰ ਸਰਕਾਰ ਦੀ ਸ਼ਹਿ 'ਤੇ ਕੀਤੇ ਜਾ ਰਹੇ ਅਣਮਨੁੱਖੀ ਤਸ਼ੱਦਦ ਕੀਤਾ ਜਾ ਰਿਹਾ ਜਿਨ੍ਹ ਵਿੱਚੋਂ ਕਈਆਂ ਦੀ ਹਾਲਤ ਕਾਫੀ ਗੰਭੀਰ ਹੈ। ਜ਼ਖ਼ਮੀ ਹੋਏ ਕਿਸਾਨਾਂ, ਮਜਦੂਰਾਂ ਦਾ ਇਲਾਜ ਵੱਖ-ਵੱਖ ਥਾਵਾਂ 'ਤੇ ਚੱਲ ਰਿਹਾ ਹੈ, ਜਿਨ੍ਹਾਂ ਦੀ ਦੇਖਭਾਲ ਲਈ ਲਾਗਲੇ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਲੋਕ ਕਿਸਾਨਾਂ, ਮਜ਼ਦੂਰਾਂ ਦਾ ਸਾਥ ਦੇ ਰਹੇ ਹਨ। ਇਸ ਮੋਰਚੇ ਵਿੱਚ ਇਲਾਕੇ ਭਰ ਦੀਆਂ ਸੰਸਥਾਵਾਂ ਲੰਗਰਾਂ ਦੇ ਨਾਲ-ਨਾਲ ਹਰ ਕਿਸਮ ਦੀ ਮਦਦ ਕਰ ਰਹੀਆਂ ਹਨ। ਇਸ ਮੌਕੇ ਮੀਟਿੰਗ ਵਿੱਚ ਕਿਸਾਨ ਆਗੂਆਂ ਨੇ ਕਿਹਾ ਕਿ ਸਰਕਾਰ ਕਿਸਾਨਾਂ ਨੂੰ ਜਾਣਬੁੱਝ ਕੇ ਤੰਗ ਪਰੇਸ਼ਾਨ ਕਰ ਰਹੀਂ ਹੈ। ਸਰਕਾਰ ਲਿਖਤੀ ਰੂਪ ਵਿੱਚ ਮੰਗਾਂ ਦਾ ਹੱਲ ਕਰੇ ਨਹੀਂ ਤਾਂ ਸਰਕਾਰ ਵੱਲੋਂ ਲਾਈਆਂ ਰੋਕਾਂ ਨੂੰ ਪੁੱਟ ਕੇ ਸੰਘਰਸ਼ ਹਰ ਹਾਲ ਦਿੱਲੀ ਵਿਖੇ ਹੋਵੇਗਾ। ਇਸ ਮੌਕੇ ਆਗੂਆਂ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ, ਮਜ਼ਦੂਰ ਹਾਜ਼ਰ ਸਨ।

# ਮੋਰਟੀਨ ਵੱਲੋਂ ਸਾਡੇ ਭਾਈਚਾਰਿਆਂ ਦੇ ਅਣਗੌਲੇ ਨਾਇਕਾਂ ਦਾ ਧੰਨਵਾਦ

**ਜਲੰਧਰ/ਅੰਮ੍ਰਿਤਸਰ** : ਪੈਸਟ ਕੰਟਰੋਲ ਵਿੱਚ ਦੁਨੀਆ ਦੇ ਪ੍ਰਮੁੱਖ ਬ੍ਰਾਂਡਾਂ ਵਿੱਚੋਂ ਇੱਕ ਮੋਰਟੀਨ ਨੇ ਆਪਣੀ ਚੱਲ ਰਹੀ ਮੁਹਿੰਮ #ਮੋਰਟੀਨਕੀਰਕਸ਼ਾਜੋਤੀ ਦੇ ਤਹਿਤ ਇੱਕ ਇਸ਼ਤਿਹਾਰੀ ਫਿਲਮ ਰਿਲੀਜ਼ ਕੀਤੀ ਹੈ, ਜਿਸ ਵਿੱਚ ਸਮਾਜ ਦੇ ਦੇਖਭਾਲ ਕਰਨ ਵਾਲਿਆਂ ਦਾ ਧੰਨਵਾਦ ਕੀਤਾ ਗਿਆ ਹੈ। ਇਹ ਫਿਲਮ ਲੋਕਾਂ ਨੂੰ ਕਮਿਊਨਿਟੀ ਵਰਕਰਾਂ ਦੇ ਨਿਰਸਵਾਰਥ ਕੰਮ ਨੂੰ ਪਛਾਣਨ ਲਈ ਉਤਸਾਹਿਤ ਕਰਦੀ ਹੈ ਜੋ 24 ਘੰਟੇ ਕੰਮ ਕਰ ਰਹੇ ਹਨ ਅਤੇ ਉਨਾਂ ਤੱਕ ਰੱਖਿਆ ਜੋਤ ਪਹੁੰਚਾਉਂਦੇ ਹਨ ਅਤੇ ਉਨਾਂ ਨੂੰ ਮੱਛਰਾਂ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾਉਂਦੇ ਹਨ। ਰੈਕਿਟ ਸਾਊਥ ਏਸ਼ੀਆ ਦੇ ਰੀਜਨਲ ਮਾਰਕੀਟਿੰਗ ਡਾਇਰੈਕਟਰ ਸੌਰਭ ਜੈਨ ਨੇ ਕਿਹਾ ਕਿ ਸਾਲਾਂ ਤੋਂ ਮੋਰਟੀਨ ਭਾਰਤੀ ਘਰਾਂ ਵਿੱਚ ਇੱਕ ਭਰੋਸੇਮੰਦ ਪੈਸਟ ਕੰਟਰੋਲ ਹੱਲ ਰਿਹਾ ਹੈ ਅਤੇ ਪਰਿਵਾਰਾਂ ਨੂੰ ਮੱਛਰਾਂ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾਉਣ ਲਈ ਵਚਨਬੱਧ ਹੈ। ਹਵਸ ਵਰਲਡਵਾਈਡ ਇੰਡੀਆ ਦੀ ਚੀਫ ਕ੍ਰਿਏਟਿਵ ਅਫਸਰ ਅਨੁਪਮਾ ਰਾਮਾਸਵਾਮੀ ਨੇ ਕਿਹਾ ਕਿ ਮੱਛਰਾਂ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਦੇ ਵਿਰੁੱਧ ਮੋਰਟੀਨ ਦੇ ਮਿਸ਼ਨ ਨੇ ਸਾਡੀ ਪ੍ਰੇਰਣਾ ਜਗਾਈ।

# ਦਾਖ਼ਲਾ ਮੁਹਿੰਮ ਤੇ ਨਵੇਂ ਵਿੱਦਿਅਕ ਸੈਸ਼ਨ ਨੂੰ ਲੈ ਕੇ ਜ਼ਿਲ੍ਹਾ ਅਧਿਕਾਰੀਆਂ ਦੀ ਬੀ ਪੀ ਈ ਓ ਤੇ ਸੈਂਟਰ ਮੁਖੀਆਂ ਨਾਲ ਮੀਟਿੰਗ

## * ਦਾਖਲਿਆਂ ਲਈ ਵਿਦਿਆਰਥੀ ਆਨਲਾਈਨ ਵੀ ਕਰ ਸਕਦੇ ਹਨ ਅਪਲਾਈ: ਡੀ ਜੀ ਸਿੰਘ



ਦੀਨਾਨਗਰ/ਪਠਾਨਕੋਟ (ਬਲਵਿੰਦਰ ਸਿੰਘ ਬਿੱਲਾ/ਦਵਿੰਦਰ ਸਿੰਘ)-ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੇ ਦਿਸ਼ਾ ਨਿਰਦੇਸ਼ਾਂ ਹੇਠ ਜ਼ਿਲ੍ਹਾ ਪਠਾਨਕੋਟ ਵਿੱਚ ਇਸ ਮੁਹਿੰਮ ਨੂੰ ਹੋਰ ਰਫ਼ਤਾਰ ਦੇਣ ਲਈ ਬੀਪੀਈਓ ਦਫ਼ਤਰ ਪਠਾਨਕੋਟ -3 ਵਿਖੇ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਹਰਭਗਵੰਤ ਸਿੰਘ ਅਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਡੀਜੀ ਸਿੰਘ ਵੱਲੋਂ ਸਮੂਹ ਬੀਪੀਈਓ ਅਤੇ ਸੈਂਟਰ ਸਕੂਲ ਮੁਖੀਆਂ ਨਾਲ ਨਵੇਂ ਦਾਖਲੇ ਅਤੇ ਨਵੇਂ ਵਿੱਦਿਅਕ ਸੈਸ਼ਨ ਨੂੰ ਲੈ ਕੇ ਮੀਟਿੰਗ ਕੀਤੀ ਗਈ ਜਿਸ ਵਿੱਚ ਜ਼ਿਲ੍ਹਾ ਸਿੱਖਿਆ ਅਫ਼ਸਰ (ਐ. ਸਿੱ.) ਹਰਭਗਵੰਤ ਸਿੰਘ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐ. ਸਿੱ.) ਡੀਜੀ ਸਿੰਘ ਨੇ ਅਧਿਆਪਕਾਂ ਨੂੰ ਪ੍ਰੇਰਿਤ ਕਰਦਿਆਂ ਵਿਸਥਾਰ ਨਾਲ ਦਾਖ਼ਲਾ ਮੁਹਿੰਮ ਦੇ ਹਰ ਪੱਖ ਦਾ ਰੀਵਿਊ ਕੀਤਾ ਅਤੇ ਸਕੂਲ ਮੁਖੀਆਂ ਨੂੰ ਸਕੂਲ ਨੂੰ ਸਾਫ਼ ਸੁਥਰਾ ਰੱਖਣ, ਮਿਡ ਡੇ ਮੀਲ ਮੀਨੂੰ ਅਨੁਸਾਰ ਬਣਾਉਣ ਅਤੇ ਸਮੁਚਾ ਰਿਕਾਰਡ ਵਿਭਾਗ ਦੇ ਈ-ਪੰਜਾਬ ਪੋਰਟਲ ਤੇ ਅਪਡੇਟ ਕਰਨ ਲਈ ਪ੍ਰੇਰਿਤ ਕੀਤਾ।ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਹਰਭਗਵੰਤ ਸਿੰਘ ਨੇ ਦੱਸਿਆ ਕਿ ਇਸ ਸਾਲ ਲਈ ਜ਼ਿਲ੍ਹੇ ਦੇ ਸਾਰੇ ਸਰਕਾਰੀ ਸਕੂਲਾਂ ਵਿੱਚ ਦਾਖ਼ਲਾ ਮੁਹਿੰਮ ਪੂਰੇ ਜ਼ੋਰਾਂ ਨਾਲ ਚੱਲ ਰਹੀ ਹੈ, ਜਿਸ ਵਿੱਚ ਸਿੱਖਿਆ ਅਧਿਕਾਰੀ, ਅਧਿਆਪਕ ਅਤੇ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਬੱਚਿਆਂ ਰਾਹੀਂ ਘਰ-ਘਰ ਤੱਕ ਪਹੁੰਚ ਬਣਾ ਕੇ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਸਰਕਾਰੀ ਸਕੂਲਾਂ ਵਿੱਚ ਦਾਖ਼ਲਾ ਕਰਵਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ ਫਿਲਹਾਲ ਇਸ ਸਾਲ ਦਾਖਲੇ ਵਿੱਚ ਵਾਧੇ ਦਾ 10 ਫੀਸਦੀ ਟੀਚਾ ਰੱਖਿਆ ਗਿਆ ਹੈ ਜਿਸ ਨੂੰ ਹਰ ਹਾਲਤ ਵਿੱਚ ਹਾਸਿਲ ਕਰਨ ਲਈ ਜ਼ਿਲ੍ਹਾ ਪੱਧਰ 'ਤੇ ਵੱਡੀ ਯੋਜਨਾ ਉਲੀਕੀ ਗਈ ਹੈ।ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਕਮ ਜ਼ਿਲ੍ਹਾ ਨੋਡਲ ਅਫ਼ਸਰ ਦਾਖ਼ਲਾ ਕਮੇਟੀ ਡੀਜੀ ਸਿੰਘ ਨੇ ਕਿਹਾ ਕਿ ਵਿਦਿਆਰਥੀਆਂ ਦੇ ਦਾਖਲੇ ਲਈ ਨੇੜੇ ਦੇ ਸਕੂਲ ਦੇ ਨਾਲ-ਨਾਲ ਹੁਣ ਆਨਲਾਈਨ ਪੋਰਟਲ ਤੇ ਵੀ ਰਜਿਸਟਰ ਕਰਵਾਇਆ ਜਾ ਸਕਦਾ ਹੈ।ਉਨ੍ਹਾਂ ਦੱਸਿਆ ਕਿ ਦਾਖ਼ਲਾ ਮੁਹਿੰਮ ਨੂੰ ਪਿੰਡਾਂ ਦੇ ਸਰਪੰਚਾਂ, ਪੰਚਾਂ, ਆਂਗਣਵਾੜੀ ਵਰਕਰਾਂ, ਮਿਡ ਡੇ ਮੀਲ ਵਰਕਰਾਂ ਸਮੇਤ ਪਿੰਡ ਦੇ ਮੋਹਤਬਰਾਂ ਵੱਲੋਂ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਹੈ ਅਤੇ ਦਾਖ਼ਲਾ ਮੁਹਿੰਮ ਦੌਰਾਨ ਘਰਾਂ ਘਰਾਂ ਵਿੱਚ ਨਾਲ ਜਾ ਕੇ ਮਾਪਿਆਂ ਨੂੰ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬੀਪੀਈਓ ਨਰੇਸ਼ ਪਨਿਆੜ, ਬੀਪੀਈਓ ਪੰਕਜ ਅਰੋੜਾ, ਬੀਪੀਈਓ ਕੁਲਦੀਪ ਸਿੰਘ, ਬੀਪੀਈਓ ਰਾਕੇਸ਼ ਕੁਮਾਰ , ਸਮਾਰਟ ਸਕੂਲ ਕੋਆਰਡੀਨੇਟਰ ਸੰਜੀਵ ਮਨੀ, ਸਮੇਤ ਸਮੂਹ ਸੈਂਟਰ ਸਕੂਲ ਮੁਖੀ ਹਾਜ਼ਰ ਸਨ।

19-FEB-PAGE-8.qxd 2/19/2024 10:43 PM Page 2



# ਸਤਿਗੁਰ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ 'ਤੇ ਅੱਪਰਾ ਤੋਂ ਵਿਸ਼ੇਸ਼ ਸਪਲੀਮੈਂਟ

## ਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ 'ਤੇ ਅਮਲ ਨਾਲ ਹੀ ਵਸੇਗਾ ਬੇਗਮਪੁਰਾ



ਨਿਰਮਲ ਗੁੜਾ
ਪੱਤਰਕਾਰ ਅੱਪਰਾ
ਮੋਬਾ. 98146-65070

ਇਨਕਲਾਬੀ ਰਹਿਬਰ, ਚੇਤਨਾ ਦੇ ਸੂਰਜ, ਮਾਨਵਤਾ ਦੇ ਮਸੀਹਾ, ਲਿਤਾੜੇ ਸਮਾਜ ਦੇ ਚਿੰਤਕ, ਬੇਗਮਪੁਰਾ ਤੇ ਬਰਾਬਰਤਾ ਸਮਾਜ ਦੇ ਸਿਰਜਕ, ਪਵਿੱਤਰ ਬਾਣੀ ਦੇ ਰਚੇਤਾ ਸਤਿਗੁਰ ਰਵਿਦਾਸ ਮਹਾਰਾਜ ਜੀ ਦੇ 647ਵੇਂ ਪ੍ਰਕਾਸ਼ ਪੁਰਬ 'ਤੇ ਜਿਥੇ ਸੰਗਤ ਖੁਸ਼ੀਆਂ ਮਨਾ ਰਹੀ ਹੈ, ਉਥੇ ਉਹਨਾ ਦੇ ਸੰਕਲਪ ਨੂੰ ਪੂਰਾ ਕਰਨ ਦੀ ਵੀ ਅਤਿ ਜ਼ਰੂਰਤ ਹੈ। ਸਮਾਂ ਮੰਗ ਕਰਦਾ ਕਿ ਗੁਰੂ ਰਵਿਦਾਸ ਮਹਾਰਾਜ ਨੇ ਸਵਾ ਛੇ ਸੌ ਸਾਲ ਪਹਿਲਾਂ ਸਮਾਜ ਨੂੰ ਜੋ ਘੋਖਿਆ ਅੰਧ-ਵਿਸ਼ਵਾਸ, ਪਖੰਡਵਾਦ, ਗੈਰਬਰਾਬਰੀ, ਜਾਤ-ਪਾਤ, ਛੂਆ-ਛਾਤ ਅਤੇ ਅਨੇਕਾਂ ਸਮਾਜਿਕ ਕੁਰੀਤੀਆਂ ਵਿਰੁੱਧ, ਜੋ ਆਵਾਜ਼ ਬੁਲੰਦ ਕੀਤੀ, ਉਸ ਨੂੰ ਅੱਜ ਵੀ ਸਮਝਣ ਦੀ ਜ਼ਰੂਰਤ ਹੈ। ਕਿਤੇ ਇਸ ਤਰ੍ਹਾਂ ਤਾਂ ਨਹੀਂ ਕਿ ਅਸੀਂ ਗੁਰੂ ਜੀ ਨੂੰ ਬਹੁਤ ਸ਼ਰਧਾ ਭਾਵਨਾ ਨਾਲ ਮੰਨਦੇ ਤਾਂ ਹਾਂ, ਪਰ ਉਹਨਾ ਦੀ ਕਹੀ ਗੱਲ ਨੂੰ ਨਹੀਂ ਮੰਨਦੇ। ਜੇ ਪੜ੍ਹੀਏ ਸਮਝੀਏ ਤਾਂ ਉਹਨਾ ਦਾ ਇਕ-ਇਕ ਸ਼ਬਦ ਇਲਾਹੀ ਹੈ, ਮਾਨਵਤਾ ਦੇ ਕਲਿਆਣ ਹਿੱਤ ਹੈ ਅਤੇ ਗੈਰ-ਬਰਾਬਰੀ ਲਈ ਇਕ ਬਗਾਵਤ ਹੈ। ਸਤਿਗੁਰ ਰਵਿਦਾਸ ਮਹਾਰਾਜ ਸਮਝਾਉਂਦੇ ਹਨ—

ਪਰਾਧੀਨਤਾ ਪਾਪ ਹੈ ਜਾਨ ਲੇਹੁ ਰੇ ਮੀਤ॥
ਰਵਿਦਾਸ ਦਾਸ ਪਰਾਧੀਨ ਕੋ ਕੌਨ ਕਰੇ ਹੈ ਪ੍ਰੀਤ॥
ਪਰਾਧੀਨ ਕਾ ਦੀਨ ਕਿਆ ਪਰਾਧੀਨ ਬੇਦੀਨ॥
ਰਵਿਦਾਸ ਪਰਾਧੀਨ ਕੋ, ਸਭ ਹੀ ਸਮਝੇ ਹੀਨ॥

ਸਤਿਗੁਰ ਰਵਿਦਾਸ ਮਹਾਰਾਜ ਬਾਣੀ ਅੰਦਰ ਠੋਕ ਵਜਾ ਕੇ ਕਹਿ ਰਹੇ ਹਨ ਕਿ ਦੁਨੀਆ ਦੇ ਲੋਕੋ ਇਹ ਸਮਝ ਲਓ ਕਿ ਪਰਾਧੀਨਤਾ ਯਾਨਿ ਕਿ ਗੁਲਾਮੀ ਪਾਪ ਹੈ, ਗੁਲਾਮੀ ਕਰਨੀ ਵੀ ਪਾਪ ਹੈ ਤੇ ਗੁਲਾਮੀ ਜਰਨੀ ਵੀ ਪਾਪ ਹੈ। ਗੁਲਾਮ ਵਿਅਕਤੀ ਦੀ ਕੋਈ ਇੱਜ਼ਤ ਨਹੀਂ ਕਰਦਾ, ਉਸ ਨਾਲ ਕਦੇ ਕੋਈ ਵੀ ਪਿਆਰ ਨਹੀਂ ਕਰਦਾ, ਸਗੋਂ ਗੁਲਾਮ ਨੂੰ ਹਮੇਸ਼ਾ ਨੀਚ ਹੀ ਸਮਝਿਆ ਜਾਂਦਾ ਹੈ।

ਸਤਿਗੁਰੂ ਰਵਿਦਾਸ ਜੀ ਮਹਾਰਾਜ ਕਿਹੋ ਜਿਹਾ ਰਾਜ ਸਿਰਜਣਾ ਚਾਹੁੰਦੇ ਹਨ—

ਐਸਾ ਚਾਹੂੰ ਰਾਜ ਮੈ, ਜਹਾਂ ਮਿਲੇ ਸਭਨ ਕੋ ਅੰਨ॥
ਛੋਟ ਬੜੇ ਸਭ ਸਮ ਬਸੈ, ਰਵਿਦਾਸ ਰਹੈ ਪ੍ਰਸੰਨ॥

ਸਤਿਗੁਰੂ ਜੀ ਕਹਿੰਦੇ ਹਨ ਕਿ ਇਸ ਤਰ੍ਹਾਂ ਦਾ ਰਾਜ ਹੋਣਾ ਚਾਹੀਦਾ ਹੈ ਕਿ ਜਿਥੇ ਹਰ ਜੀਵ ਰੱਜਵੀਂ ਰੋਟੀ ਖਾਵੇ, ਕੋਈ ਭੁੱਖਾ ਨਾ ਸੌਂਵੇਂ, ਜਿਥੇ ਕੋਈ ਛੋਟਾ ਨਾ ਹੋਵੇ, ਕੋਈ ਵੱਡਾ ਨਾ ਹੋਵੇ, ਸਭ ਨੂੰ ਬਾਰਾਬਰ ਵਾਲਾ ਸਨਮਾਨ ਮਿਲੇ। ਸਤਿਗੁਰੂ ਰਵਿਦਾਸ ਮਹਾਰਾਜ ਜੀ ਗਮਾਂ ਰਹਿਤ ਸਮਾਜ ਸਿਰਜਣ ਦੀ ਗੱਲ ਕਰਦੇ ਹਨ।

ਬੇਗਮਪੁਰਾ ਸਹਰ ਕੋ ਨਾਉ॥ ਦੂਖੁ ਅੰਦੋਹ ਨਹੀਂ ਤਹਿ ਠਾਉ॥
ਨਾ ਤਸਵੀਸ, ਖਿਰਾਜ ਨਾ ਮਾਲ॥ ਖਉਫ ਨ ਖਤਾ ਨ ਤਰੁਸ ਜਵਾਲ॥

ਸਤਿਗੁਰੂ ਰਵਿਦਾਸ ਮਹਾਰਾਜ ਜੀ ਇਹੋ ਜਿਹਾ ਸਮਾਜ ਸਿਰਜਣਾ ਚਾਹੁੰਦੇ ਹਨ ਕਿ ਜਿਥੇ ਕਿਸੇ ਨੂੰ ਵੀ ਕੋਈ ਗਮ ਨਾ ਹੋਵੇ, ਕਿਸੇ ਨੂੰ ਕੋਈ ਦੁੱਖ ਨਾ ਹੋਵੇ, ਜਿਥੇ ਰਹਿਣ ਦਾ ਕਿਸੇ ਨੂੰ ਕੋਈ ਟੈਕਸ ਨਾ ਦੇਣਾ ਪਵੇ ਤੇ ਵਗਾਰ ਨਾ ਭਰਨੀ ਪਵੇ, ਕਿਸੇ ਨੂੰ ਕਿਸੇ ਤੋਂ ਕੋਈ ਖਤਰਾ ਨਾ ਹੋਵੇ, ਕਿਸੇ ਨੂੰ ਕਿਸੇ ਦੇ ਅਧੀਨ ਯਾਨਿ ਤਰਸ ਦੇ ਪਾਤਰ ਨਾ ਬਣਨਾ ਪਵੇ। ਇਹੋ ਜਿਹਾ ਗਮਾਂ ਰਹਿਤ ਯਾਨਿ ਕਿ ਬੇਗਮਪੁਰਾ ਸਮਾਜ ਹੋਵੇ।

ਅਬ ਮੋਹਿ ਖੂਬ ਵਤਨ ਗਹਿ ਪਾਈ॥ ਊਹਾ ਖੈਰਿ ਸਦਾ ਮੇਰੇ ਭਾਈ॥
ਕਾਇਮ ਦਾਇਮੁ ਸਦਾ ਪਾਤਸਾਹੀ ॥ ਦੋਮ ਨ ਸੇਮ ਏਕ ਸੋ ਆਹੀ॥

ਗੁਰੂ ਸਾਹਿਬ ਚਾਹੁੰਦੇ ਸਨ ਕਿ ਇਸ ਤਰ੍ਹਾਂ ਦਾ ਸਮਾਜ ਸਿਰਜਿਆ ਜਾਵੇ, ਜਿਥੇ ਸਾਰੇ ਸੁਖੀ ਵਸਣ, ਕੋਈ ਕਮਜ਼ੋਰ ਨਾ ਹੋਵੇ, ਕੋਈ ਕਿਸੇ ਨੂੰ ਦਬਾਵੇ ਨਾ, ਕੋਈ ਗਰੀਬ ਤੇ ਅਮੀਰ ਨਾ ਹੋਵੇ, ਸਭ ਬਰਾਬਰ ਹੋਣ।

ਗੁਰੂ ਸਾਹਿਬ ਬਾਣੀ ਵਿਚ ਗਰੀਬਾਂ ਦੇ ਦਰਦ ਨੂੰ ਬਿਆਨ ਕਰਦੇ ਹਨ—

ਸੋ ਕਤੁ ਜਾਣੈ ਪੀੜ ਪਰਾਈ ਜਾਕੈ ਅੰਤਰ ਦਰਦੁ ਨਾ ਪਾਈ॥
ਦਾਰਿਦੁ ਦੇਖ ਸਭ ਕੋ ਹਸੈ ਐਸੀ ਦਸਾ ਹਮਾਰੀ॥

ਸਤਿਗੁਰੂ ਰਵਿਦਾਸ ਜੀ ਦੁਨੀਆ ਨੂੰ ਸਮਝਾਉਂਦੇ ਹਨ ਕਿ ਓਨਾ ਚਿਰ ਇਨਸਾਨ ਕਿਸੇ ਦੇ ਦੁੱਖ ਨੂੰ ਨਹੀਂ ਸਮਝਦਾ, ਜਿੰਨੀ ਦੇਰ ਉਸ ਦੇ ਸਿਰ ਨਹੀਂ ਪੈਂਦੀ ਤੇ ਗਰੀਬ ਦੇ ਦੁੱਖ ਨੂੰ ਵੇਖ ਦੁਨੀਆ ਮਖੌਲ ਕਰਦੀ ਹੈ—

ਮਾਧੋ ਅਬਿਦਿਆ ਹਿਤ ਕੀਨ ਬਿਬੇਕ ਦੀਪ ਮਲੀਨ॥

ਗੁਰੂ ਰਵਿਦਾਸ ਮਹਾਰਾਜ ਸਾਰੇ ਦੁੱਖਾਂ ਦਾ ਕਾਰਨ ਅਗਿਆਨਤਾ ਦੱਸਦੇ ਹਨ ਤੇ ਕਹਿੰਦੇ ਹਨ ਕਿ ਵਿਦਿਆ ਤੋਂ ਬਿਨਾਂ ਇਨਸਾਨ ਦੀ ਜ਼ਿੰਦਗੀ ਹਨੇਰਾ ਢੋਣ ਦੇ ਬਰਾਬਰ ਹੈ। ਗੁਰੂ ਸਾਹਿਬ ਇਨਸਾਨ ਨੂੰ ਪੈਰ-ਪੈਰ 'ਤੇ ਸਮਝਾਉਂਦੇ ਹਨ ਕਿ ਇਨਸਾਨ ਬਿਨਾਂ ਵਜ੍ਹਾ ਅੰਧ-ਵਿਸ਼ਵਾਸ, ਪਖੰਡਵਾਦ, ਗੈਰ-ਬਰਾਬਰੀ, ਜਾਤ-ਪਾਤ, ਛੂਆ-ਛਾਤ ਅਤੇ ਅਨੇਕਾਂ ਸਮਾਜਕ ਕੁਰੀਤੀਆਂ ਦਾ ਹਨੇਰਾ ਢੋਹ ਰਿਹਾ ਹੈ। ਗੁਰੂ ਸਾਹਿਬ ਦੀ ਬਾਣੀ ਦਾ ਇਕ-ਇਕ ਸ਼ਬਦ ਇਲਾਹੀ ਹੈ।

ਆਓ, ਜਿਥੇ ਅਸੀਂ ਸਤਿਗੁਰ ਰਵਿਦਾਸ ਮਹਾਰਾਜ ਜੀ ਦੇ 647ਵੇਂ ਪ੍ਰਕਾਸ਼ ਪੁਰਬ 'ਤੇ ਖੁਸ਼ੀਆਂ ਜ਼ਾਹਰ ਕਰ ਰਹੇ ਹਾਂ, ਪ੍ਰਣ ਤੇ ਸੰਕਲਪ ਕਰਨ ਦਾ ਵੀ ਸਮਾਂ ਹੈ ਕਿ ਜਿਥੇ ਅਸੀਂ ਸਦੀਆਂ ਭਰ ਦਾ ਸਮਾਂ ਗੁਰੂ ਸਾਹਿਬ ਦੀਆਂ ਸਿਖਿਆਵਾਂ ਨੂੰ ਬਿਨਾਂ ਸਮਝੇ ਲੰਘਾ ਲਿਆ, ਹੁਣ ਗੁਰੂ ਸਾਹਿਬ ਦੇ ਲਿਖੇ ਇਕ-ਇਕ ਸ਼ਬਦ ਨੂੰ ਪੜ੍ਹੀਏ, ਸਮਝੀਏ, ਅਪਣਾਈਏ ਤੇ ਸਮਾਜ ਨੂੰ ਸਤਿਗੁਰ ਰਵਿਦਾਸ ਮਹਾਰਾਜ ਜੀ ਦੀ ਸੋਚ ਬੇਗਮਪੁਰੇ ਦੇ ਰੂਪ 'ਚ ਸਿਰਜੀਏ।





























